Fair Advice Financial | Care Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to $90,000 in government bonds & grants.
Contact : 647-951-7900
SUKHWINDER NAHAL CFP, CLU Financial Planner
www.fairadvicefinancial.com
7900 Hurontario St., Suite 308, Brampton, ON, L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 20*Issue 91 | Friday, May 07, 2021 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

# ਡਿਫੈਂਸ ਕਮੇਟੀ ਸਾਹਮਣੇ ਗਵਾਹੀ ਲਈ ਤਿਆਰ ਹੈ ਟਰੂਡੋ ਦੀ ਚੀਫ ਆਫ ਸਟਾਫ

ਓਟਵਾ, 6 ਮਈ (ਪੋਸਟ ਬਿਊਰੋ) : ਕੈਨੇਡੀਅਨ ਆਰਮਡ ਫੋਰਸਿਜ਼ ਵਿੱਚ ਜਿਨਸੀ ਸ਼ੋਸ਼ਣ ਦੇ ਚੱਲ ਰਹੇ ਮੁਲਾਂਕਣ ਦੌਰਾਨ ਪ੍ਰਧਾਨ ਮੰਤਰੀ ਦੀ ਚੀਫ ਆਫ ਸਟਾਫ ਕੇਟੀ ਟੈਲਫੋਰਡ ਨੇ ਸ਼ੁੱਕਰਵਾਰ ਨੂੰ ਹਾਊਸ ਆਫ ਕਾਮਨਜ਼ ਦੀ ਡਿਫੈਂਸ ਕਮੇਟੀ ਸਾਹਮਣੇ ਪੇਸ਼ ਹੋਣ ਦੀ ਪੇਸ਼ਕਸ਼ ਕੀਤੀ ਹੈ।

ਇਸ ਸਮੇਂ ਵਿਰੋਧੀ ਧਿਰਾਂ ਵੱਲੋਂ ਲਿਬਰਲਾਂ ਉੱਤੇ ਦਬਾਅ ਪਾ ਕੇ ਇਹ ਪੁੱਛਿਆ ਜਾ ਰਿਹਾ ਹੈ ਕਿ ਮਾਰਚ 2018 ਵਿੱਚ ਜਦੋਂ ਸਾਬਕਾ ਡਿਫੈਂਸ ਚੀਫ ਜਨਰਲ ਜੌਨਾਥਨ ਵੈਂਸ ਖਿਲਾਫ ਜਿਨਸੀ ਸ਼ੋਸ਼ਣ ਦੇ ਦੋਸ਼ ਲਾਏ ਗਏ ਤਾਂ ਇਨ੍ਹਾਂ ਦੋਸ਼ਾਂ ਬਾਰੇ ਉਹ ਕਿੰਨਾਂ ਕੁ ਜਾਣਦੇ ਸਨ। ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਇਸ ਬਾਰੇ ਸ਼ੁਰੂ ਤੋਂ ਇਹੋ ਆਖਿਆ ਜਾ ਰਿਹਾ ਸੀ ਕਿ ਉਨ੍ਹਾਂ ਨੂੰ ਇਸ ਸਭ ਬਾਰੇ ਕੋਈ ਜਾਣਕਾਰੀ ਨਹੀਂ ਸੀ। ਪਰ ਟਰੂਡੋ ਦੇ ਸਾਬਕਾ ਸੀਨੀਅਰ ਐਡਵਾਈਜ਼ਰ ਐਲਡਰ ਮਾਰਕਸ ਵੱਲੋਂ ਦਿੱਤੀ ਗਈ ਗਵਾਹੀ ਅਨੁਸਾਰ ਪ੍ਰਧਾਨ ਮੰਤਰੀ ਦੇ ਆਫਿਸ ਦੇ ਮੈਂਬਰਾਂ ਜਿਨ੍ਹਾਂ ਵਿੱਚ ਟੈਲਫੋਰਡ ਵੀ ਸ਼ਾਮਲ ਹੈ, ਵੈਂਸ ਖਿਲਾਫ ਲਾਏ ਗਏ ਦੋਸ਼ਾਂ ਤੋਂ ਜਾਣੂ ਸੀ। ਪਰ ਅਜੇ ਤੱਕ ਇਹ ਸਪਸ਼ਟ ਨਹੀਂ ਹੋ ਸਕਿਆ ਹੈ ਕਿ ਉਨ੍ਹਾਂ ਨੂੰ ਇਸ ਬਾਰੇ ਕੋਈ ਜਾਣਕਾਰੀ ਸੀ ਕਿ ਇਹ ਸ਼ਿਕਾਇਤ ਜਿਨਸੀ ਸ਼ੋਸ਼ਣ ਦੇ ਸਬੰਧ ਵਿੱਚ ਸੀ। ਟਰੂਡੋ ਉਦੋਂ ਤੋਂ ਹੀ ਇਹ ਆਖ ਰਹੇ ਹਨ ਕਿ ਇਹ ਕੋਈ ਨਹੀਂ ਸੀ



ਜਾਣਦਾ ਕਿ ਇਹ ਜਿਨਸੀ ਸ਼ੋਸ਼ਣ ਨਾਲ ਸਬੰਧਤ ਸ਼ਿਕਾਇਤ ਸੀ। ਇਸ ਹਫਤੇ ਕੰਜ਼ਰਵੇਟਿਵਾਂ ਵੱਲੋਂ ਮਤਾ ਪੇਸ਼ ਕਰਕੇ ਟੈਲਫੋਰਡ ਨੂੰ ਨੌਕਰੀ ਤੋਂ ਕੱਢਣ ਦੀ ਮੰਗ ਵੀ ਕੀਤੀ ਜਾ ਚੁੱਕੀ ਹੈ ਪਰ ਇਹ ਮਤਾ ਪਾਸ ਨਹੀਂ ਹੋ ਸਕਿਆ। ਇਸ ਸਬੰਧ ਵਿੱਚ ਸਭ ਤੋਂ ਪਹਿਲਾਂ ਪਹਿਲੀ ਮਾਰਚ, 2018 ਨੂੰ ਰੱਖਿਆ ਮੰਤਰੀ ਹਰਜੀਤ ਸੱਜਣ ਨੂੰ ਸਾਬਕਾ ਮਿਲਟਰੀ ਓਮਬਡਸਮੈਨ ਗੈਰੀ ਵਾਲਬੋਰਨ ਵੱਲੋਂ ਸ਼ਿਕਾਇਤ ਕੀਤੀ ਗਈ ਸੀ।

ਵਾਲਬੋਰਨ ਨੇ ਇੱਕ ਵੱਖਰੀ ਗਵਾਹੀ ਵਿੱਚ ਦੱਸਿਆ ਸੀ ਕਿ ਉਸ ਸਮੇਂ ਸੱਜਣ ਨੇ ਉਨ੍ਹਾਂ ਸਬੂਤਾਂ ਨੂੰ ਵੇਖਣ ਤੋਂ ਇਨਕਾਰ ਕਰ ਦਿੱਤਾ ਸੀ ਜਿਹੜੇ ਮੌਜੂਦ ਸਨ ਸਗੋਂ ਉਨ੍ਹਾਂ ਇਨ੍ਹਾਂ ਦੋਸ਼ਾਂ ਦੇ ਹੋਰ ਵੇਰਵੇ ਬਾਰੇ ਹੋਰ ਤੱਥ ਲੱਭਣ ਲਈ ਆਖਿਆ ਸੀ। ਬਾਅਦ ਵਿੱਚ ਸੱਜਣ ਦੇ ਆਫਿਸ ਵੱਲੋਂ ਪ੍ਰਿਵੀ ਕਾਊਂਸਲ ਆਫਿਸ ਨੂੰ ਹਾਲਾਤ ਤੋਂ ਜਾਣੂ ਕਰਵਾਇਆ ਗਿਆ ਸੀ ਕਿਉਂਕਿ ਇਹ ਗਵਰਨਰ-ਇਨ-ਕਾਊਂਸਲ ਦੀ ਅਪੁਆਇੰਅਮੈਂਟ ਹੁੰਦੀ ਹੈ। ਇਸ ਦੇ ਨਾਲ ਹੀ ਉਨ੍ਹਾਂ ਨੂੰ ਓਮਬਡਸਮੈਨ ਵੱਲੋਂ ਦਿੱਤੀ ਜਾਣਕਾਰੀ ਬਾਰੇ ਪਤਾ ਕਰਨ ਲਈ ਆਖਿਆ ਗਿਆ ਸੀ ਪਰ ਅਜਿਹਾ ਕਰਨ ਉੱਤੇ ਵਾਲਬੋਰਨ ਨੇ ਆਖਿਆ ਕਿ ਉਹ ਹੋਰ ਵੇਰਵੇ ਮੁਹੱਈਆ ਕਰਵਾਉਣ ਤੋਂ ਅਸਫਲ ਰਹੇ।

ਫਰਵਰੀ ਵਿੱਚ ਵੈਂਸ ਖਿਲਾਫ ਲੱਗੇ ਇਨ੍ਹਾਂ ਦੋਸ਼ਾਂ ਦੀ ਜਾਂਚ ਲਈ ਮਿਲਟਰੀ ਜਾਂਚ ਸ਼ੁਰੂ ਕੀਤੀ ਗਈ ਤੇ ਉਦੋਂ ਤੋਂ ਹੀ ਹਾਊਸ ਆਫ ਕਾਮਨਜ਼ ਦੀਆਂ ਦੋ ਕਮੇਟੀਆਂ ਕੈਨੇਡੀਅਨ ਆਰਮਡ ਫੋਰਜ਼ਿਜ਼ ਵਿੱਚ ਜਿਨਸੀ ਸੋਸ਼ਣ ਦੇ ਮਾਮਲਿਆਂ ਦੇ ਅਧਿਐਨ ਵਿੱਚ ਲੱਗੀਆਂ ਹੋਈਆਂ ਹਨ। ਡਿਫੈਂਸ ਕਮੇਟੀ ਵਿੱਚ ਮੌਜੂਦ ਵਿਰੋਧੀ ਧਿਰਾਂ ਦੇ ਮੈਂਬਰ ਹੁਣ ਟੈਲਫੋਰਡ ਦਾ ਪੱਖ ਜਾਣਨ ਲਈ ਪੱਬਾਂ ਭਾਰ ਹਨ ਤਾਂ ਕਿ ਇਹ ਪਤਾ ਲਾਇਆ ਜਾ ਸਕੇ ਕਿ ਪ੍ਰਧਾਨ ਮੰਤਰੀ ਇਸ ਸਭ ਬਾਰੇ ਕਿੰਨੇ ਕੁ ਜਾਣੂ ਸਨ।

## ਅੰਦਰ ਪੜ੍ਹੋ

ਲਾਕਡਾਊਨ ਵਿੱਚ ਮੁਜ਼ਾਹਰੇ ਕਰਨ ਦਾ ਪਵੇਗਾ ਉਲਟ ਅਸਰ : ਟਰੂਡੋ



ਪੰਨਾ 03

12 ਤੇ ਇਸ ਤੋਂ ਵੱਧ ਉਮਰ ਦੇ ਬੱਚਿਆਂ ਨੂੰ ਦਿੱਤੀ ਜਾ ਸਕੇਗੀ ਫਾਈਜ਼ਰ ਵੈਕਸੀਨ : ਹੈਲਥ ਕੈਨੇਡਾ



ਪੰਨਾ 05

## ਕੋਵਿਡ-19 ਦੀ ਜਾਅਲੀ ਰਿਪੋਰਟ ਦੇਣ ਵਾਲੇ ਦੋ ਟਰੈਵਲਰਜ਼ ਨੂੰ ਕੀਤਾ ਗਿਆ ਭਾਰੀ ਜੁਰਮਾਨਾ



ਟੋਰਾਂਟੋ, 6 ਮਈ (ਪੋਸਟ ਬਿਊਰੋ) : ਪਿੱਛੇ ਜਿਹੇ ਟੋਰਾਂਟੋ ਪੀਅਰਸਨ ਇੰਟਰਨੈਸ਼ਨਲ ਏਅਰਪੋਰਟ ਪਹੁੰਚੇ ਦੋ ਵਿਅਕਤੀਆਂ ਵੱਲੋਂ ਕੋਵਿਡ-19 ਸਬੰਧੀ ਜਾਅਲੀ ਪ੍ਰੀ ਡਿਪਾਰਚਰ ਟੈਸਟ ਰਿਜ਼ਲਟ ਪੇਸ਼ ਕਰਨ ਉੱਤੇ ਉਨ੍ਹਾਂ ਨੂੰ ਹਜ਼ਾਰਾਂ ਡਾਲਰ ਦਾ ਜੁਰਮਾਨਾ ਕੀਤਾ ਗਿਆ ਹੈ।

ਵੀਰਵਾਰ ਸਵੇਰੇ ਟਰਾਂਸਪੋਰਟ ਕੈਨੇਡਾ ਵੱਲੋਂ ਜਾਰੀ ਕੀਤੀ ਗਈ ਨਿਊਜ਼ ਰਲੀਜ਼ ਵਿੱਚ ਆਖਿਆ ਗਿਆ ਕਿ ਪਹਿਲੇ ਪੈਸੈਂਜਰ ਨੂੰ 8 ਫਰਵਰੀ ਨੂੰ ਡੌਮਨਿਕਨ ਰਿਪਬਲਿਕ ਤੋਂ ਟੋਰਾਂਟੋ ਆਉਣ ਉੱਤੇ ਸੋਧਿਆ ਹੋਇਆ ਕੋਵਿਡ-19 ਟੈਸਟ ਪੇਸ਼ ਕਰਨ ਉੱਤੇ 2500 ਡਾਲਰ ਦਾ ਜੁਰਮਾਨਾ ਕੀਤਾ ਗਿਆ। ਦੂਜਾ ਪੈਸੈਂਜਰ ਜਿਹੜਾ ਅਮਰੀਕਾ ਤੋਂ 3 ਅਪਰੈਲ ਨੂੰ ਟੋਰਾਂਟੋ ਆਇਆ, ਨੂੰ ਜਾਅਲੀ ਕੋਵਿਡ-19 ਟੈਸਟ ਰਿਪੋਰਟ ਪੇਸ਼ ਕਰਨ ਉੱਤੇ 6,500 ਡਾਲਰ ਦਾ ਜੁਰਮਾਨਾ ਕੀਤਾ ਗਿਆ। ਫੈਡਰਲ ਏਜੰਸੀ ਨੇ ਦੋਸ ਲਾਇਆ ਕਿ ਇਨ੍ਹਾਂ ਪੈਸੈਂਜਰਜ਼ ਵੱਲੋਂ ਆਪਣੀ ਹੈਲਥ ਸਬੰਧੀ ਸਟੇਟਸ ਬਾਰੇ ਏਅਰਲਾਈਨ ਨੂੰ ਵੀ ਝੂਠੀ ਸਟੇਟਮੈਂਟ ਦਿੱਤੀ ਗਈ।

ਨਵੇਂ ਨਿਯਮਾਂ ਅਨੁਸਾਰ ਏਅਰ ਟਰੈਵਲਰਜ਼ ਨੂੰ ਕੈਨੇਡਾ ਲਈ ਰਵਾਨਾ ਹੋਣ ਤੋਂ 72 ਘੰਟੇ ਪਹਿਲਾਂ ਕਰਵਾਏ ਗਏ ਕੋਵਿਡ-19 ਟੈਸਟ ਦੀ ਨੈਗੇਟਿਵ ਰਿਪੋਰਟ ਪੇਸ਼ ਕਰਨੀ ਹੁੰਦੀ ਹੈ। ਮਹਾਂਮਾਰੀ ਕਾਰਨ ਵਿਗੜੇ ਹਾਲਾਤ ਕਾਰਨ ਹੀ ਇਹ ਫੈਸਲਾ ਕੀਤਾ ਗਿਆ ਹੈ ਤੇ ਇਸ ਦੀ ਉਲੰਘਣਾ ਕਰਨ ਵਾਲਿਆਂ ਨੂੰ ਜੁਰਮਾਨਾ ਵੀ ਕੀਤਾ ਗਿਆ ਹੈ।

Best Insurance Rates
*Life *Auto *Home *Business
ਕਾਰ ਅਤੇ ਘਰ ਦੀ ਇੰਸ਼ੋਰੈਂਸ ਲਈ ਘੱਟ ਰੇਟ
Discounts upto 35% on Auto & Home
Dir: 647-400-2949
Amanpreet S. Batth R.I.B.O
Aaxel Insurance Brokers Ltd.
1550 South Gateway Rd. Suite 220 Mississauga, ON L4W 5G6

## ਈ ਆਈ ਨਾਲ ਲੈਸ ਮੈਟਰਨਿਟੀ ਲੀਵ ਦੇ ਰਾਹ ਵਿੱਚ ਆਉਣ ਵਾਲੇ ਅੜਿੱਕੇ ਖਤਮ ਕਰਨ ਲਈ ਵਿਰੋਧੀ ਧਿਰਾਂ ਨੇ ਲਿਬਰਲਾਂ ਉੱਤੇ ਪਾਇਆ ਦਬਾਅ



ਓਟਵਾ, 6 ਮਈ (ਪੋਸਟ ਬਿਊਰੋ) : ਨਵੀਂਆਂ ਮਾਂਵਾਂ ਨੂੰ ਇੰਪਲੌਇਮੈਂਟ ਇੰਸ਼ੋਰੈਂਸ ਨਾਲ ਪੂਰੀ ਤਰ੍ਹਾਂ ਲੈਸ ਮੈਟਰਨਿਟੀ ਲੀਵ ਲੈਣ ਦੇ ਰਾਹ ਵਿੱਚ ਅੜਿੱਕਾ ਬਣਨ ਵਾਲੀਆਂ ਚੋਰ ਮੋਰੀਆਂ ਬੰਦ ਕਰਨ ਲਈ ਫੈਡਰਲ ਸਰਕਾਰ ਉੱਤੇ ਚੁਫੇਰਿਓਂ ਦਬਾਅ ਪੈ ਰਿਹਾ ਹੈ। ਵਿਰੋਧੀ ਧਿਰ ਕੰਜ਼ਰਵੇਟਿਵਾਂ ਵੱਲੋਂ ਲਿਬਰਲਾਂ ਨੂੰ ਇਹ ਆਖਿਆ ਜਾ ਰਿਹਾ ਹੈ ਕਿ ...ਬਾਕੀ ਪੰਨਾ 6 'ਤੇ

## ਨਵੇਂ ਯੋਗ ਉਮਰ ਵਰਗ ਸਮੇਤ ਸਾਰਿਆਂ ਨੂੰ ਵੈਕਸੀਨ ਦੀਆਂ ਡੋਜ਼ਾਂ ਦੇਣ ਲਈ ਕੈਨੇਡਾ ਤਿਆਰ : ਫੋਰਟਿਨ

ਓਟਵਾ, 6 ਮਈ (ਪੋਸਟ ਬਿਊਰੋ) : ਕੈਨੇਡਾ ਵਿੱਚ ਕੋਵਿਡ-19 ਵੈਕਸੀਨ ਦੀ ਵੰਡ ਸਬੰਧੀ ਕੰਮਕਾਜ ਵੇਖ ਰਹੇ ਮਿਲਟਰੀ ਦੇ ਜਨਰਲ ਦਾ ਕਹਿਣਾ ਹੈ ਕਿ ਇਸ ਸਮੇਂ ਇਮਿਊਨਾਈਜ਼ੇਸ਼ਨ ਲਈ ਯੋਗ ਹੋ ਚੁੱਕੇ ਕੈਨੇਡੀਅਨਾਂ ਦੇ ਬਾਵਜੂਦ ਆਉਣ ਵਾਲੇ ਮਹੀਨਿਆਂ ਵਿੱਚ ਉਸ ਹਰ ਸ਼ਖਸ ਨੂੰ ਵੈਕਸੀਨ ਮਿਲ ਸਕੇਗੀ ਜੋ ਵੈਕਸੀਨ ਲਵਾਉਣਾ ਚਾਹੁੰਦਾ ਹੈ। ਉਨ੍ਹਾਂ ਆਖਿਆ ਕਿ ਜਲਦ ਹੀ ਕੈਨੇਡਾ ਕੋਲ ਹਰ ਕਿਸੇ ਨੂੰ ਵੈਕਸੀਨੇਟ ਕਰਨ ਲਈ ਵਾਧੂ ਮਾਤਰਾ ਵਿੱਚ ਵੈਕਸੀਨ ਹੋਵੇਗੀ।



ਹੈਲਥ ਕੈਨੇਡਾ ਵੱਲੋਂ 12 ਤੋਂ 15 ਸਾਲ ਉਮਰ ਵਰਗ ਦੇ ਕੈਨੇਡੀਅਨਾਂ ਨੂੰ ਵੈਕਸੀਨੇਟ ਕਰਨ ਲਈ ਹਰੀ ਝੰਡੀ ਦਿੱਤੇ ਜਾਣ ਤੋਂ ਪਹਿਲਾਂ ਫੈਡਰਲ ਸਰਕਾਰ ਦਾ ਟੀਚਾ ਸਤੰਬਰ ਦੇ ਅੰਤ ਤੱਕ ਸਾਰੇ ਚਾਹਵਾਨ ਤੇ ਯੋਗ ਕੈਨੇਡੀਅਨਾਂ ਨੂੰ ਪੂਰੀ ਤਰ੍ਹਾਂ ਵੈਕਸੀਨੇਟ ਕਰਨਾ ਸੀ। ਹਾਲਾਂਕਿ ਮੇਜਰ ਜਨਰਲ ਡੈਨੀ ਫੋਰਟਿਨ ਨੇ ਵੀਰਵਾਰ ਨੂੰ ਇਹ ਸੰਕੇਤ ਦਿੱਤਾ ਕਿ ਗਰਮੀਆਂ ਤੱਕ ਸਾਰੇ ਯੋਗ ਕੈਨੇਡੀਅਨਾਂ ਨੂੰ ਵੈਕਸੀਨ ਦਾ ਪਹਿਲਾ ਸ਼ੌਟ ਦੇਣ ਵਿੱਚ ਕੋਈ ਦਿੱਕਤ ਨਹੀਂ ਹੈ ਪਰ ਉਨ੍ਹਾਂ ਇਸ ਦੀ ਪੁਸ਼ਟੀ ਵੀ ਨਹੀਂ ਕੀਤੀ ਕਿ ਹਰ ਕਿਸੇ ਨੂੰ ਸਤੰਬਰ ਦੇ ਅੰਤ ਤੱਕ ਵੈਕਸੀਨ ਦਾ ਦੂਜਾ ਸ਼ੌਟ ਮਿਲ ਜਾਵੇਗਾ। ਇਸ ਸਮੇਂ ਵੈਕਸੀਨ ਦੀ ਡਲਿਵਰੀ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਇਹ ਟੀਚਾ ਹਾਸਲ ਕਰਨ ਯੋਗ ਨਜ਼ਰ ਆ ਰਿਹਾ ਹੈ।

ਇਸ ਦੌਰਾਨ ਡਿਪਟੀ ਚੀਫ ਪਬਲਿਕ ਹੈਲਥ ਆਫੀਸਰ ਡਾ• ਹੌਵਰਡ ਨਜੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਖਿਆ ਕਿ ਕੈਨੇਡਾ ਭਰ ਵਿੱਚ ਇਸ ਸਮੇਂ ਅੰਦਾਜ਼ਨ 1•63 ਮਿਲੀਅਨ ਲੋਕ 12 ਤੋਂ 15 ਸਾਲ ਉਮਰ ਵਰਗ ਨਾਲ ਸਬੰਧਤ ਹਨ ਜਿਹੜੇ ਵੈਕਸੀਨ ਹਾਸਲ ਕਰਨ ਦੇ ਯੋਗ ਹਨ। ਇਸ ਲਈ ਪਹਿਲਾਂ ਨਾਲੋਂ ਇਸ ਸਮੇਂ ਸਾਡੇ ਕੋਲ ਐਨੀ ਵੈਕਸੀਨ ਹੈ ਕਿ ਅਸੀਂ ਇਨ੍ਹਾਂ ਨੂੰ ਫਰਸਟ ਡੋਜ਼ ਦੇ ਸਕੀਏ।

ਫੋਰਟਿਨ ਨੇ ਆਖਿਆ ਕਿ ਹੁਣ ਤੱਕ ਕੈਨੇਡਾ ਭਰ ਵਿੱਚ ਕੋਵਿਡ-19 ਵੈਕਸੀਨਜ਼ ਦੀਆਂ 18 ਮਿਲੀਅਨ ਡੋਜ਼ਾਂ ਵੰਡੀਆਂ ਤੇ ਲਾਈਆਂ ਜਾ ਚੁੱਕੀਆਂ ਹਨ। ਮਈ ਦੇ ਅੰਤ ਤੱਕ ਇਹ ਅੰਕੜਾ 25 ਮਿਲੀਅਨ ਡੋਜ਼ਾਂ ਤੱਕ ਅੱਪੜ ਜਾਵੇਗਾ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

# ਓਨਟਾਰੀਓ ਵਿੱਚ ਵੈਕਸੀਨੇਸ਼ਨ ਲਈ ਉਮਰ ਦੀ ਯੋਗ ਹੱਦ 50+ ਕੀਤੀ ਗਈ

ਓਨਟਾਰੀਓ, 6 ਮਈ (ਪੋਸਟ ਬਿਊਰੋ) : ਅੱਜ ਤੋਂ ਓਨਟਾਰੀਓ ਭਰ ਵਿੱਚ ਕੋਵਿਡ-19 ਵੈਕਸੀਨ ਲਵਾਉਣ ਲਈ ਉਮਰ ਦੀ ਹੱਦ ਘਟਾ ਕੇ 50 ਸਾਲ ਤੇ ਇਸ ਤੋਂ ਵੱਧ ਕਰ ਦਿੱਤੀ ਹੈ।

ਇਸ ਦੇ ਨਾਲ ਹੀ ਅਸੈਂਸ਼ੀਅਲ ਵਰਕਰਜ਼, ਸਿਹਤ ਨਾਲ ਸਬੰਧਤ ਹਾਈ ਰਿਸਕ ਲੋਕਾਂ, ਫਰਸਟ ਨੇਸ਼ਨ, ਇਨੁਇਟ ਤੇ ਮੈਟਿਸ ਲੋਕ, ਜਿਹੜੇ ਇਮਿਊਨਾਈਜ਼ੇਸ਼ਨ ਦੀ ਪਹਿਲੀ ਡਰਾਈਵ ਵਿੱਚ ਸ਼ਾਮਲ ਨਹੀਂ ਸਨ, ਵੀ ਹੁਣ ਯੋਗ ਹੋ ਗਏ ਹਨ। ਇਨ੍ਹਾਂ ਗਰੁੱਪ ਆਫ ਵਰਕਰਜ਼ ਵਿੱਚ ਐਲੀਮੈਂਟਰੀ ਤੇ ਸੈਕੰਡਰੀ ਸਕੂਲ ਵਰਕਰਜ਼, ਚਿਲਡਰਨ ਕੇਅਰ ਵਰਕਰਜ਼, ਫੂਡ ਤੇ ਮੈਨੂਫੈਕਚਰਿੰਗ ਵਰਕਰਜ਼, ਖੇਤੀਬਾੜੀ ਤੇ ਫਾਰਮਵਰਕਰਜ਼ ਸ਼ਾਮਲ ਹਨ।

ਪ੍ਰੋਵਿੰਸ ਦੇ ਆਨਲਾਈਨ ਬੁਕਿੰਗ ਸਿਸਟਮ ਦੀ ਵਰਤੋਂ ਕਰਕੇ ਜਾਂ ਸਵੇਰੇ 8:00 ਵਜੇ ਸ਼ੁਰੂ ਹੋਣ ਵਾਲੇ ਕਾਲ





ਸੈਂਟਰ ਰਾਹੀਂ ਯੋਗ ਰੈਜ਼ੀਡੈਂਟਸ ਮਾਸ ਵੈਕਸੀਨੇਸ਼ਨ ਕਲੀਨਿਕਸ ਵਿਖੇ ਆਪਣੀਆਂ ਅਪੁਆਇੰਟਮੈਂਟਸ ਬੁੱਕ ਕਰਵਾ ਸਕਦੇ ਹਨ। ਆਪਣੇ ਬੁਕਿੰਗ ਸਿਸਟਮ ਦੀ ਵਰਤੋਂ ਕਰਨ ਵਾਲੀਆਂ ਪਬਲਿਕ ਹੈਲਥ ਯੂਨਿਟਸ ਰਾਹੀਂ ਵੀ ਲੋਕ ਇਹ ਅਪੁਆਇੰਟਮੈਂਟ ਬੁੱਕ ਕਰਵਾ ਸਕਦੇ ਹਨ। ਜੇ ਸਪਲਾਈ ਜਾਰੀ ਰਹਿੰਦੀ ਹੈ ਤਾਂ ਪ੍ਰੋਵਿੰਸ ਵੱਲੋਂ 24 ਮਈ ਵਾਲੇ ਹਫਤੇ ਵਿੱਚ 18 ਸਾਲ ਤੇ ਇਸ ਤੋਂ ਵੱਧ ਉਮਰ ਦੇ ਲੋਕਾਂ ਨੂੰ ਵੀ ਵੈਕਸੀਨੇਟ ਕੀਤਾ ਜਾਵੇਗਾ।

ਸਿਹਤ ਮੰਤਰੀ ਕ੍ਰਿਸਟੀਨ ਐਲੀਅਟ ਨੇ ਆਖਿਆ ਕਿ ਸੋਧੇ ਹੋਏ ਵੈਕਸੀਨ ਟਾਰਗੈਟ ਤੋਂ ਭਾਵ ਹੈ ਕਿ 7•9 ਮਿਲੀਅਨ ਲੋਕਾਂ ਨੂੰ ਇਸ ਮਹੀਨੇ ਦੇ ਅੰਤ ਤੱਕ ਵੈਕਸੀਨ ਦੀ ਪਹਿਲੀ ਡੋਜ਼ ਮਿਲ ਜਾਵੇਗੀ। ਪੀਲ ਰੀਜਨ ਵਿੱਚ ਵੀਰਵਾਰ ਸਵੇਰ ਤੱਕ ਸਾਰੇ ਬਾਲਗ ਸ਼ੌਟ ਲਈ ਯੋਗ ਹੋ ਜਾਣਗੇ।

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat Broker
Aaxel InsuranceBrokers Ltd. | 1332 Khalsa Dr, Unit # 11, Mississauga, ON L5S 0A2

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends Appointments Available
1888 864 3131
Jasbir Singh Hundal Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill Certified & Licenced Exterminator

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre 25
AvonFinancial Advice you can bank on. Inc.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜ਼ਨਸ ਲਾਅ, ਕੌਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੌਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley Barrister, Solicitor & Notary Public
905-362-0755

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL (Government Approved Licensed Technician)
416 938 4598

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor


Other Realtors only Promise
But JAG AUJLA SOLD YOUR HOME WITH
GUARANTEE
Advertisement
GUARANTEED
Till SOLD
Top 1% Broker
Call For a Quick & Free Home Evaluation
www.BramptonQuickHomeEvaluation.com
JAG AUJLA
REAL ESTATE BROKER
DIR: 416-371-7777
j.aujla@rogers.com www.jagaujla.com
RE/MAX Realty Specialist Inc., Brokerage
Off: 905-456-3232
www.BramptonTopRelator.com
ਘਰਾਂ ਦੀਆਂ ਨਵੀਆਂ ਲਿਸਟਿੰਗਾਂ (Listings) ਦੀ ਬਹੁਤ ਲੋੜ ਹੈ
CALEDON
BRAND NEW HOUSE FOR SALE ON ASSIGNMENT (IN CALEDON)
ਕੈਨੇਡੀ / ਦੂੱਗਲ
ਬਰੈਂਡ ਨੀਊ ਘਰ ਸੇਲ ਲਈ ਉਪਲਬੱਧ ਹੈ। ਲਗਭਗ 2800 ਸੁਕੇਅਰ ਫੁੱਟ ਏਰੀਆ ਅਤੇ 42 ਫੀਟ ਵਾਈਡ ਕਾਰਨਰ ਲਾਟ ਹੈ ਜਿਸ ਵਿੱਚ 4 ਬੈਡਰੂਮ ਅਤੇ 4 ਵਾਸਰੂਮ ਹਨ। ਮੇਨ ਫਲੋਰ 10 ਫੁੱਟ ਸਿਲਿੰਗ। ਡਾਇਨਿੰਗ ਰੂਮ ਉਪਰ ਨੂੰ ਖੁੱਲਾ ਹੈ ਅਤੇ 19 ਫੁੱਟ ਹਾਈ ਸਿਲਿੰਗ ਹੈ। ਹਾਰਡਵੁਡ ਫਲੋਰ, ਓਕ ਸਟੇਅਰਜ਼। ਅਪਗ੍ਰੇਡੇਡ ਕਿਚਨ ਅਤੇ ਕੁਆਰਟਜ਼ ਕਾਊਂਟਰ ਟਾਪ। ਮੇਨ ਫਲੋਰ ਲਾਂਡਰੀ ਹੈ।
ਵਧੇਰੀ ਜਾਣਕਾਰੀ ਲਈ ਜੱਗ ਔਜਲਾ ਨਾਲ 416-371-7777 ਤੇ ਸੰਪਰਕ ਕਰ ਸਕਦੇ ਹੋ।
BRAMPTON
38 Talbot St.
William /Nodden /Main
3 ਬੈਡਰੂਮ, 2 ਵਾਸ਼ਰੂਮ ਦਾ ਬਹੁਤ ਸੋਹਣਾ ਘਰ, ਜਿਸ ਵਿਚ 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੈਂਟ ਸੈਪਰੇਟ ਐਂਟਰੈਂਸ ਨਾਲ, ਪਿਛਲੇ ਸਾਲ ਹੀ ਸਾਰਾ ਘਰ ਅਪਗ੍ਰੇਡ ਕੀਤਾ ਗਿਆ ਹੈ। ਸਕੂਲ, ਪਲਾਜ਼ਾ ਅਤੇ ਬੱਸ ਸਟਾਪ ਤੋਂ ਕੁੱਝ ਹੀ ਮਿੰਟਾਂ ਦੀ ਦੂਰੀ ਹੈ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨੇੜੇ।
BRAMPTON
Bovard/Torbram Commercial/Retail
1863 ਸਕੇਅਰ ਫੁੱਟ: ਫਿਜ਼ੀਓਥੈਰੇਪੀ ਕਲੀਨਿਕ, ਬਰੈਂਪਟਨ ਸਿਵਲ ਹਸਪਤਾਲ ਦੇ ਕੋਲ, ਵਿਕਰੇਤਾ ਨੇ 250K ਦੇ ਹਾਈਐਂਡ ਅਪਗ੍ਰੇਡ ਕੀਤੇ ਹੋਏ ਹਨ। 2 ਵਾਸ਼ਰੂਮ, 3 ਡਾਕਟਰ ਰੂਮ, 2 ਟਰੀਟਮੈਂਟ ਰੂਮ, ਬਿਜ਼ੀ ਪਲਾਜ਼ਾ, ਮੇਨ ਫਲੋਰ ਉਤੇ ਸਥਿਤ ਬਹੁਤ ਸਾਰੀ ਪਾਰਕਿੰਗ ਦੇ ਨਾਲ ਜਿਆਦਾ ਜਾਣਕਾਰੀ ਲਈ ਸੰਪਰਕ ਕਰੋ: 416-371-7777
BRAMPTON
55 Ryegrass
ਲਗਭਗ 2900 ਸਕੇਅਰ ਫੁੱਟ ਦਾ ਡਿਟੈਚਡ ਘਰ। 5 ਬੈਡਰੂਮ, 4 ਵਾਸ਼ਰੂਮ ਅਤੇ 2 ਬੈਡਰੂਮਜ਼ ਦੀ ਸੈਪਰੇਟ ਐਂਟਰੈਂਸ ਵਾਲੀ ਫਿਨਿਸ਼ਡ ਬੇਸਮੇਂਟ, 1 ਓਕ ਸਟੇਅਰ ਕੇਸ, ਹਾਰਡਵੁੱਡ ਅਤੇ ਸੀਰੀਮਿਕ ਫਲੋਰ, ਪੌਟ ਲਾਈਟ, 1 ਮਾਸਟਰ ਬੈਡਰੂਮ ਵਿਚ 5 ਪੀ.ਸੀ. ਇਨਸੂਟ ਅਤੇ ਵਾਕਇਨ ਕਲਾਸਿਟ, ਅਪਗ੍ਰੇਡਡ ਕਿਚਨ, ਘਰ ਮੂਹਰੇ ਕੋਈ ਸਾਈਡ ਵਾਕ ਨਹੀਂ, ਸਕੂਲ, ਪਾਲਜ਼ਾ ਤੋਂ ਮਿੰਟਾਂ ਦੀ ਦੂਰੀ ਉਤੇ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ।
BRAMPTON
Sold over 60,000
asking price in 5 days
34 Winterfold Dr
Rutherford/Kennedy/Will. Pkwy
$774,905
5 ਲੈਵਲ ਬੈਕ ਸਪਲਿਟ ਡੀਟੈਚਡ ਘਰ, 3 ਬੈਡਰੂਮ, 3 ਵਾਸ਼ਰੂਮ, ਹਾਫ ਫਿਨਿਸ਼ਡ ਬੇਸਮੈਂਟ, 36 ਫੁੱਟ ਲਾਟ, 2020 ਵਿਚ ਅਪਗ੍ਰੇਡ ਕੀਤਾ ਗਿਆ ਅਪਗ੍ਰਿਡਿਡ ਕਿਚਨ, ਅਪਗ੍ਰਿਡਿਡ ਵਾਸ਼ਰੂਮ ਅਤੇ ਬੈਡਰੂਮ, ਹਾਈਵੇ 410 ਦੇ ਬਹੁਸ ਨਜ਼ਦੀਕ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ।
Orangeville Ontario L9W3X5
Orangeville Dufferin ਦੇ ਏਰੀਆ ਵਿਚ 5780 ਸਕੇਅਰ ਫੁਟ ਦਾ ਆਟੋ ਬਾਡੀ ਸ਼ਾਪ 1 ਏਕੜ ਦੀ ਜਗ੍ਹਾ, 3 ਗਰਾਜ ਡੋਰ 15 ਫੁੱਟ ਉਚਾਈ, 4 ਵਾਸ਼ਰੂਮ, 100 + ਕਾਰ ਪਾਰਕਿੰਗ, ਅਗਲੇ ਹਿੱਸੇ ਵਿਚ ਆਟੋ ਬਾਡੀ, ਕਾਰ ਰਿਪੇਅਰ ਅਤੇ ਬੈਕ ਸਾਈਡ ਉਤੇ ਕੋਈ ਹੋਰ ਬਿਜਨਸ ਚੱਲ ਰਿਹਾ ਹੈ। ਜਿਆਦਾ ਜਾਣਕਾਰੀ ਲਈ ਸੰਪਰਕ ਕਰੋ 416-371-7777


Chapel Ridge
FUNERAL HOME & CREMATION CENTRE
ਭਾਰਤੀ, ਪੰਜਾਬੀ ਅਤੇ ਸਿੱਖ ਭਾਈਚਾਰੇ ਲਈ ਮਾਰਖਮ, ਰਿਚਮੰਡ ਹਿੱਲ ਅਤੇ ਸਕਾਰਬਰੋਅ ਅਤੇ ਆਸ ਪਾਸ ਇਲਾਕਿਆਂ ਲਈ ਵਧੀਆ ਅਧੁਨਿਕ ਸੇਵਾਵਾਂ ਅਤ ਵਾਜਬ ਕੀਮਤ ਤੇ ਫਿਊਨਰਲ ਸਰਵਿਸ ਦੀਆਂ ਸੇਵਾਵਾਂ ਲੈਣ ਲਈ ਸੰਪਰਕ ਕਰੋ
• ਅਸੀਂ ਪਿਛਲੇ 20 ਸਾਲ ਤੋਂ ਸਿੱਖ ਭਾਈਚਾਰੇ ਲਈ ਅੰਤਿਮ ਸੰਸਕਾਰ ਦੀ ਸਹੂਲਤ
• ਅੰਤਿਮ ਸੰਸਕਾਰ ਸੇਵਾਵਾਂ ਸਿੱਖ ਮਰਿਯਾਦਾ ਅਨੁਸਾਰ ਕੀਤੀਆਂ ਜਾਂਦੀਆਂ ਹਨ
• ਭਾਈਚਾਰੇ ਦੀ ਸਹੂਲਤ ਲਈ ਮਿਸੀਸਾਗਾ ਵਿੱਚ ਸ਼ਮਸ਼ਾਨ ਘਾਟ ਦੇ ਨਾਲ ਧਾਰਮਿਕ ਸੰਸਕਾਰਾਂ ਲਈ ਵਿਸ਼ਾਲ ਹਾਲ
2 ਘੰਟੇ ਦੇ ਲਈ ਵਿਸ਼ੇਸ਼ ਪੈਕੇਜ ਸਿਰਫ $4270 ਵਿੱਚ
ਜਿਸ ਵਿੱਚ ਕੈਸਕੇਟ (ਕਫ਼ਣ ਦਾ ਸਮਾਨ ਤੇ ਬੌਕਸ) ਸਾਰੇ ਲੋੜੀਂਦੇ ਦਾਸਤਵੇਜ਼ (ਡੈਥ ਸਰਟੀਫਿਕੇਟ) ਸਟਾਫ ਸਹੂਲਤ / ਵਾਹਨ ਫੀਸ / ਸਸਕਾਰ ਦੀ ਫੀਸ / ਗਵਾਹੀ ਫੀਸ, ਸਰਕਾਰੀ ਫੀਸ ਅਤੇ ਹੋਰ ਨਯਿਮਤਿ ਫੀਸਾਂ ਸ਼ਾਮਲ ਹਨ
ਸਰਕਾਰੀ ਲਾਇਸੈਂਸਸ਼ੁਦਾ ਫਿਊਨਰਲ ਹੋਮ
ਡਰਾਇਕਟਰ (ਨਿਰਦੇਸ਼ਕ) :ਸ: ਹਰਜਿੰਦਰ ਸਿੰਘ ਬਿਲਖੂ
647-966-0093
ਅਸੀਂ ਪੰਜਾਬੀ, ਹਿੰਦੀ, ਗੁਜਰਾਤੀ, ਉਰਦੂ ਅਤੇ ਸਵਾਹਿਲੀ ਭਾਸ਼ਵਾਂ ਬੋਲਦੇ ਹਾਂ
8911 Woodbine Ave., Markham (ਸਿਰਫ ਹਾਈਵੇ 7 ਤੋਂ 4 ਬਲਾਕ ਦੀ ਦੂਰੀ ਤ)
info@chapelridge fh.com • www.chapelridgefh.com


NATION-WIDE TALK,
TEXT & DATA PLAN
4.5GB
$40/mo.
chatr
AUTHORIZED DEALER
379 Main St. North, Brampton | 905-451-0379
2456 Lake shore Blvd West, Etobicoke | 416-259-3654
Offer subject to change without notice. Get 4.5GB at 3G speed. Once you reach your 3G speed data allotment, your data speed will be reduced until your next anniversary date. Taxes extra. ™ Trademarks used under license ©2021

# ਜਲਦ ਹੀ ਦੇਸ਼ ਤੋਂ ਬਾਹਰ ਟਰੈਵਲ ਕਰ ਸਕਣਗੇ ਕੈਨੇਡੀਅਨ : ਟਰੂਡੋ




ਓਟਵਾ, 6 ਮਈ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦਾ ਕਹਿਣਾ ਹੈ ਕਿ ਗਰਮੀਆਂ ਤੱਕ ਕੈਨੇਡੀਅਨਜ਼ ਦੇਸ਼ ਤੋਂ ਬਾਹਰ ਟਰੈਵਲ ਕਰ ਸਕਣਗੇ। ਉਨ੍ਹਾਂ ਇਹ ਵੀ ਆਖਿਆ ਕਿ ਉਹ ਹੋਰਨਾਂ ਦੇਸ਼ਾਂ ਨਾਲ ਤਾਲਮੇਲ ਕਰਕੇ ਉਹ ਦਸਤਾਵੇਜ਼ ਮੁਹੱਈਆ ਕਰਵਾਉਣਗੇ ਜਿਹੜੇ ਉਨ੍ਹਾਂ ਨੂੰ ਚਾਹੀਦੇ ਹੋਣਗੇ। ਇਨ੍ਹਾਂ ਵਿੱਚ ਕੋਵਿਡ-19 ਖਿਲਾਫ ਵੈਕਸੀਨੇਸ਼ਨ ਦੇ ਸਬੂਤ ਦਾ ਸਰਟੀਫਿਕੇਟ ਵੀ ਕਿਸੇ ਨਾ ਕਿਸੇ ਰੂਪ ਵਿੱਚ ਸ਼ਾਮਲ ਹੋਵੇਗਾ।

ਅਜਿਹਾ ਕਰਕੇ ਟਰੂਡੋ ਵੱਲੋਂ ਕੌਮਾਂਤਰੀ ਟਰੈਵਲ ਲਈ ਵੈਕਸੀਨ ਪਾਸਪੋਰਟ ਦੀ ਧਾਰਣਾ ਨੂੰ ਥੋੜ੍ਹਾ ਹੋਰ ਸਪਸ਼ਟ ਕਰਕੇ ਦੱਸਣ ਦੀ ਪੇਸ਼ਕਸ਼ ਕੀਤੀ ਗਈ ਹੈ। ਟਰੂਡੋ ਨੇ ਓਟਵਾ ਵਿੱਚ ਨਿਊਜ਼ ਕਾਨਫਰੰਸ ਵਿੱਚ ਦੱਸਿਆ ਕਿ ਉਨ੍ਹਾਂ ਦੀ ਸਰਕਾਰ ਲੋੜੀਂਦੇ ਟਰੈਵਲ ਦਸਤਾਵੇਜ਼ ਤਿਆਰ ਕਰਨ ਲਈ ਹੋਰਨਾਂ ਦੇਸ਼ਾਂ ਨਾਲ ਰਲ ਕੇ ਕੰਮ ਕਰੇਗੀ। ਟਰੂਡੋ ਨੇ ਆਖਿਆ ਕਿ ਅਸੀਂ ਆਪਣੇ ਭਾਈਵਾਲਾਂ, ਖਾਸਤੌਰ ਉੱਤੇ ਯੂਰਪ, ਨਾਲ ਰਲ ਕੇ ਵੈਕਸੀਨ ਪਾਸਪੋਰਟ ਜਾਂ ਦਸਤਾਵੇਜ਼ ਤਿਆਰ ਕਰਨ ਬਾਰੇ ਕੰਮ ਕਰ ਰਹੇ ਹਾਂ। ਪਰ ਆਖਿਰਕਾਰ ਇਹ ਤੈਅ ਕਰਨਾ ਹਰੇਕ ਦੇਸ਼ ਉੱਤੇ ਨਿਰਭਰ ਕਰਦਾ ਹੈ ਕਿ ਉਹ ਆਉਣ ਵਾਲੇ ਟਰੈਵਲਰਜ਼ ਤੋਂ ਕੀ ਉਮੀਦ ਕਰਦੇ ਹਨ। ਬਲਾਕ ਕਿਊਬਿਕੁਆ ਦੇ ਆਗੂ ਯਵੇਸ ਫਰੈਂਕੌਇਸ ਬਲਾਂਸ਼ੇ ਨੇ ਆਖਿਆ ਕਿ ਉਹ ਇੰਟਰਨੈਸ਼ਨਲ ਟਰੈਵਲ ਲਈ ਵੈਕਸੀਨ ਪਾਸਪੋਰਟ ਦੇ ਆਈਡੀਆ ਦਾ ਸਮਰਥਨ ਕਰਦੇ ਹਨ। ਪਰ ਅਮਰੀਕਾ ਹੋਰਨਾਂ ਦੇਸ਼ਾਂ ਵਾਂਗ ਇਸ ਤਰ੍ਹਾਂ ਦੇ ਦਸਤਾਵੇਜ਼ਾਂ ਵਿੱਚ ਦਿਲਚਸਪੀ ਲੈਂਦਾ ਨਜ਼ਰ ਨਹੀਂ ਆ ਰਿਹਾ। ਵੈਕਸੀਨੇਸ਼ਨ ਕਰਵਾਏ ਹੋਣ ਦਾ ਸਬੂਤ ਕਿਸੇ ਰੂਪ ਵਿੱਚ ਮੁਹੱਈਆ ਕਰਵਾਏ ਜਾਣ ਦੇ ਮੁੱਦੇ ਉੱਤੇ ਦੇਸ਼ ਭਰ ਦੇ ਸਾਰੇ ਪ੍ਰੋਵਿੰਸਾਂ ਵਿੱਚ ਗੱਲਬਾਤ ਕਦੋਂ ਤੋਂ ਚੱਲ ਰਹੀ ਹੈ। ਅਪਰੈਲ ਦੇ ਮਹੀਨੇ ਕਰਵਾਏ ਗਏ ਇੱਕ ਆਨਲਾਈਨ ਸਰਵੇਖਣ ਤੋਂ ਵੀ ਇਹ ਸਾਹਮਣੇ ਆਇਆ ਸੀ ਕਿ ਵੈਕਸੀਨ ਪਾਸਪੋਰਟ ਦੇ ਮਾਮਲੇ ਵਿੱਚ ਕੈਨੇਡੀਅਨਜ਼ ਤੇ ਅਮੈਰੀਕਨਜ਼ ਦੀ ਸੋਚ ਵਿੱਚ ਕਾਫੀ ਪਾੜਾ ਹੈ।

# ਲਾਕਡਾਊਨ ਵਿੱਚ ਮੁਜ਼ਾਹਰੇ ਕਰਨ ਦਾ ਪਵੇਗਾ ਉਲਟ ਅਸਰ : ਟਰੂਡੋ



ਓਟਵਾ, 6 ਮਈ (ਪੋਸਟ ਬਿਊਰੋ) : ਪਬਲਿਕ ਹੈਲਥ ਵੱਲੋਂ ਲਾਈਆਂ ਗਈਆਂ ਪਾਬੰਦੀਆਂ ਦਾ ਵਿਰੋਧ ਕਰ ਰਹੇ ਗਰੁੱਪਜ਼ ਵਿੱਚ ਸ਼ਾਮਲ ਲੋਕਾਂ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਆਖਿਆ ਕਿ ਅਜਿਹੇ ਮੁਜ਼ਾਹਰੇ ਕਰਨ ਨਾਲ ਉਲਟ ਅਸਰ ਪਵੇਗਾ।

ਮੰਗਲਵਾਰ ਨੂੰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਟਰੂਡੋ ਨੇ ਆਖਿਆ ਕਿ ਇਨ੍ਹਾਂ ਮੁਜ਼ਾਹਰਾਕਾਰੀਆਂ ਦਾ ਮਕਸਦ ਆਮ ਵਰਗੇ ਹਾਲਾਤ ਵਾਪਿਸ ਲਿਆਉਣਾ ਹੈ ਪਰ ਇਸ ਤਰ੍ਹਾਂ ਇੱਕਠੇ ਹੋਣ ਨਾਲ ਇੱਕ ਤਾਂ ਵਾਇਰਸ ਹੋਰ ਫੈਲੇਗਾ ਤੇ ਅਜਿਹਾ ਹੋਣ ਦੀ ਸੂਰਤ ਵਿੱਚ ਲਾਕਡਾਊਨ ਵਿੱਚ ਹੋਰ ਵਾਧਾ ਹੋਵੇਗਾ। ਟਰੂਡੋ ਨੇ ਉਨ੍ਹਾਂ ਸਾਰੇ ਕੈਨੇਡੀਅਨਾਂ ਦਾ ਧੰਨਵਾਦ ਕੀਤਾ ਜਿਹੜੇ ਨਿਯਮਾਂ ਦਾ ਪਾਲਣ ਕਰ ਰਹੇ ਹਨ ਤੇ ਆਖਿਆ ਕਿ ਉਹ ਸੱਭ ਜਾਣਦੇ ਹਨ ਕਿ ਨਿਯਮਾਂ ਤੇ ਪਾਬੰਦੀਆਂ ਦਾ ਪਾਲਣ ਕਰਨ ਨਾਲ ਹਾਲਾਤ ਜਲਦ ਆਮ ਵਰਗੇ ਹੋਣਗੇ।

ਟਰੂਡੋ ਨੇ ਇਹ ਵੀ ਆਖਿਆ ਕਿ ਐਨੇ ਕੈਨੇਡੀਅਨ ਇਸ ਲਈ ਪਬਲਿਕ ਹੈਲਥ ਮਾਪਦੰਡਾਂ ਦਾ ਪਾਲਣ ਕਰ ਰਹੇ ਹਨ ਕਿਉਂਕਿ ਉਹ ਸਿਰਫ ਆਮ ਵਰਗੇ ਹਾਲਾਤ ਹੀ ਵਾਪਿਸ ਨਹੀਂ ਚਾਹੁੰਦੇ ਸਗੋਂ ਉਹ ਆਪਣੇ ਗੁਆਂਢੀਆਂ ਤੇ ਫਰੰਟਲਾਈਨ ਵਰਕਰਜ਼ ਦੀ ਕੇਅਰ ਕਰਦੇ ਹਨ। ਟਰੂਡੋ ਨੇ ਸਾਰਿਆਂ ਨੂੰ ਅਪੀਲ ਕੀਤੀ ਕਿ ਅਜਿਹਾ ਆਪਣੇ ਸਾਥੀ ਕੈਨੇਡੀਅਨਾਂ ਦੇ ਸਨਮਾਨ ਸਦਕਾ ਹੀ ਕਰ ਲੈਣਾ ਚਾਹੀਦਾ ਹੈ।

ਜ਼ਿਕਰਯੋਗ ਹੈ ਕਿ ਬਾਓਡਨ, ਅਲਬਰਟਾ ਵਿੱਚ ਦੋ ਦਿਨਾਂ ਲਈ ਵੀਕੈਂਡ ਉੱਤੇ "ਨੋ ਮੋਰ ਲਾਕਡਾਊਨਜ਼" ਦੇ ਨਾਂ ਉੱਤੇ ਕੀਤੇ ਗਏ ਮੁਜ਼ਾਹਰਿਆਂ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਇੱਕਠੇ ਹੋਏ। ਅਲਬਰਟਾ ਦੇ ਪ੍ਰੀਮੀਅਰ ਜੇਸਨ ਕੇਨੀ ਵੱਲੋਂ ਇਸ ਈਵੈਂਟ ਦੀ ਨਿਖੇਧੀ ਕੀਤੀ ਗਈ ਤੇ ਉਨ੍ਹਾਂ ਆਖਿਆ ਕਿ ਇਹ ਸੱਭ ਨਿਯਮ ਮੰਨਣ ਵਾਲਿਆਂ ਦੇ ਮੂੰਹ ਉੱਤੇ ਚਪੇੜ ਮਾਰਨ ਦੇ ਤੁਲ ਹੈ। ਇਸ ਸਮੇਂ ਕੈਨੇਡਾ ਤੇ ਅਮਰੀਕਾ ਦੇ ਮੁਕਾਬਲੇ ਅਲਬਰਟਾ ਵਿੱਚ ਪ੍ਰਤੀ ਵਿਅਕਤੀ ਦੇ ਹਿਸਾਬ ਨਾਲ ਕੋਵਿਡ-19 ਦੇ ਸੱਭ ਤੋਂ ਵੱਧ ਮਾਮਲੇ ਪਾਏ ਜਾ ਰਹੇ ਹਨ।

ਟਰੂਡੋ ਨੇ ਆਖਿਆ ਕਿ ਤੀਜੀ ਵੇਵ ਦਾ ਸਾਹਮਣਾ ਕਰ ਰਹੇ ਹੋਰਨਾਂ ਪ੍ਰੋਵਿੰਸਾਂ ਵਾਂਗ ਹੀ ਫੈਡਰਲ ਸਰਕਾਰ ਅਲਬਰਟਾ ਦੀ ਮਦਦ ਕਰਨਾ ਜਾਰੀ ਰੱਖੇਗੀ।

# ਐਮੇਜ਼ੌਨ ਵਰਕਰਜ਼ ਨੂੰ ਕੰਮ ਵਾਲੀ ਥਾਂ ਉੱਤੇ ਹੀ ਕੀਤਾ ਜਾਵੇਗਾ ਵੈਕਸੀਨੇਟ




ਬਰੈਂਪਟਨ, 6 ਮਈ (ਪੋਸਟ ਬਿਊਰੋ) : ਬੁੱਧਵਾਰ ਨੂੰ ਪੀਲ ਰੀਜਨ ਵਿੱਚ ਕੰਮ ਵਾਲੀਆਂ ਥਾਂਵਾਂ ਉੱਤੇ ਵੈਕਸੀਨੇਸ਼ਨ ਦਾ ਸਿਲਸਿਲਾ ਬਰੈਂਪਟਨ ਤੇ ਬੋਲਟਨ ਸਥਿਤ ਐਮੇਜ਼ੌਨ ਪਲਾਂਟਸ ਵਿੱਚ ਸ਼ੁਰੂ ਕੀਤਾ ਗਿਆ।

ਵਾਇਰਸ ਕਾਰਨ ਆਊਟਬ੍ਰੇਕ ਹੋਣ ਕਾਰਨ ਇਨ੍ਹਾਂ ਦੋਵਾਂ ਫੈਸਿਲਿਟੀਜ਼ ਨੂੰ ਅੰਸ਼ਕ ਤੌਰ ਉੱਤੇ ਬੰਦ ਰੱਖਿਆ ਗਿਆ। ਪੀਲ ਮੈਡੀਕਲ ਆਫੀਸਰ ਆਫ ਹੈਲਥ ਡਾ. ਲਾਅਰੈਂਸ ਲੋਹ ਦਾ ਕਹਿਣਾ ਹੈ ਕਿ ਸਿੱਧੇ ਤੌਰ ਉੱਤੇ ਰੈਜ਼ੀਡੈਂਟਸ ਤੇ ਕੰਮ ਵਾਲੀਆਂ ਥਾਂਵਾਂ ਉੱਤੇ ਪਹੁੰਚ ਕੇ ਉਹ ਕਮਿਊਨਿਟੀ ਟਰਾਂਸਮਿਸ਼ਨ ਨਾਲ ਨਜਿੱਠਣ ਵਿੱਚ ਸਮਰੱਥ ਮਹਿਸੂਸ ਕਰਦੇ ਹਨ। ਬਰੈਂਪਟਨ ਤੇ ਮਿਸੀਸਾਗਾ ਵਿੱਚ ਮੇਪਲ ਲੌਜ ਫਾਰਮ ਤੇ ਮੇਪਲ ਲੀਫ ਫੂਡਜ਼ ਵਿਖੇ ਪਹਿਲਾਂ ਹੀ ਵਰਕਪਲੇਸ ਵੈਕਸੀਨੇਸ਼ਨ ਕਲੀਨਿਕਸ ਲਾਏ ਜਾ ਚੁੱਕੇ ਹਨ। ਇਸ ਪਹਿਲਕਦਮੀ ਦੀ ਅਗਵਾਈ ਸਾਂਝੇ ਤੌਰ ਉੱਤੇ ਪ੍ਰੋਵਿੰਸ ਤੇ ਪੀਲ ਪਬਲਿਕ ਹੈਲਥ ਵੱਲੋਂ ਕੀਤੀ ਗਈ। ਇਨ੍ਹਾਂ ਦਾ ਕਹਿਣਾ ਹੈ ਕਿ ਕੋਵਿਡ ਦੇ ਪਸਾਰ ਨੂੰ ਰੋਕਣ ਲਈ ਇਸ ਤਰ੍ਹਾਂ ਦੇ ਕਦਮ ਚੁੱਕੇ ਜਾਣਾ ਬਹੁਤ ਜ਼ਰੂਰੀ ਹੈ ਖਾਸਤੌਰ ਉੱਤੇ ਤੀਜੀ ਵੇਵ ਦੌਰਾਨ ਕੰਮ ਕਰਨ ਵਾਲਿਆਂ ਵਿੱਚ ਕੋਵਿਡ-19 ਫੈਲਣ ਤੋਂ ਰੋਕਣ ਲਈ ਤਾਂ ਇਹ ਬਹੁਤ ਜ਼ਰੂਰੀ ਹੈ।

ਇੱਥੇ ਦੱਸਣਾ ਬਣਦਾ ਹੈ ਕਿ ਪੌਪ ਅੱਪ ਕਲੀਨਿਕਸ ਵਿੱਚ ਪਹਿਲੇ ਤਿੰਨ ਹਫਤਿਆਂ ਦੌਰਾਨ 7,000 ਡੋਜ਼ਾਂ ਲਾਏ ਜਾਣ ਦੀ ਸੰਭਾਵਨਾ ਹੈ।

# ਓਨਟਾਰੀਓ ਪੈਨਡੈਮਿਕ ਨਿਯਮਾਂ ਖਿਲਾਫ ਪੁਲਿਸ ਅਧਿਕਾਰੀਆਂ ਨੇ ਦਿੱਤੀ ਸੰਵਿਧਾਨਕ ਚੁਣੌਤੀ



ਓਨਟਾਰੀਓ, 6 ਮਈ (ਪੋਸਟ ਬਿਊਰੋ) : ਕਈ ਫੋਰਸਿਜ਼ ਦੇ ਮੌਜੂਦਾ ਤੇ ਰਿਟਾਇਰਡ ਪੁਲਿਸ ਅਧਿਕਾਰੀਆਂ ਵੱਲੋਂ ਓਨਟਾਰੀਓ ਦੇ ਪੈਨਡੈਮਿਕ ਆਰਡਰਜ਼ ਦੇ ਸਬੰਧ ਵਿੱਚ ਕਾਨੂੰਨੀ ਚੁਣੌਤੀ ਲਾਂਚ ਕੀਤੀ ਗਈ ਹੈ। ਇਨ੍ਹਾਂ ਅਧਿਕਾਰੀਆਂ ਦਾ ਕਹਿਣਾ ਹੈ ਕਿ ਇਨ੍ਹਾਂ ਨਿਯਮਾਂ ਨੂੰ ਲਾਗੂ ਕਰਨ ਨਾਲ ਸੰਵਿਧਾਨ ਦੀ ਪਾਲਣਾ ਕਰਨ ਦੀ ਉਨ੍ਹਾਂ ਵੱਲੋਂ ਚੁੱਕੀ ਗਈ ਸੰਹੁ ਦੀ ਉਲੰਘਣਾ ਹੁੰਦੀ ਹੈ।

ਸੰਵਿਧਾਨਕ ਚੁਣੌਤੀ ਸਬੰਧੀ ਇਹ ਨੋਟਿਸ ਪਿਛਲੇ ਮਹੀਨੇ 19 ਅਧਿਕਾਰੀਆਂ ਦੇ ਪੱਖ ਉੱਤੇ ਫਾਈਲ ਕੀਤਾ ਗਿਆ। ਇਨ੍ਹਾਂ ਵਿੱਚ ਟੋਰਾਂਟੋ ਦੇ ਦੋ ਉਹ ਅਧਿਕਾਰੀ ਵੀ ਸ਼ਾਮਲ ਹਨ ਜਿਨ੍ਹਾਂ ਖਿਲਾਫ ਸੋਸ਼ਲ ਗੈਦਰਿੰਗਜ਼ ਸਬੰਧੀ ਪਾਬੰਦੀਆਂ ਦੀ ਕਥਿਤ ਉਲੰਘਣਾਂ ਕਰਨ ਦੇ ਦੋਸ਼ ਲੱਗੇ ਹੋਏ ਹਨ ਤੇ ਇਸ ਸਬੰਧੀ ਅੰਤਰਿਮ ਪੁਲਿਸ ਜਾਂਚ ਵੀ ਚੱਲ ਰਹੀ ਹੈ। ਇਸ ਸਿਵਲ ਐਕਸ਼ਨ ਵਿੱਚ ਓਨਟਾਰੀਓ ਦੇ ਪ੍ਰੀਮੀਅਰ ਡੱਗ ਫੋਰਡ, ਓਨਟਾਰੀਓ ਦੇ ਅਟਾਰਨੀ ਜਨਰਲ, ਪੰਜ ਪੁਲਿਸ ਮੁਖੀਆਂ ਦੇ ਨਾਲ ਨਾਲ ਫੈਡਰਲ ਅਧਿਕਾਰੀਆਂ ਨੂੰ ਵੀ ਨਿਸ਼ਾਨਾ ਬਣਾਇਆ ਗਿਆ ਹੈ।

ਇਸ ਦਾਅਵੇ ਦੀ ਅਜੇ ਅਦਾਲਤ ਵਿੱਚ ਕੋਈ ਸੁਣਵਾਈ ਨਹੀਂ ਹੋਈ, ਇਸ ਵਿੱਚ ਕਈ ਐਲਾਨਾਂ ਦਾ ਜ਼ਿਕਰ ਕਰਦਿਆਂ ਆਖਿਆ ਗਿਆ ਹੈ ਕਿ ਇਨ੍ਹਾਂ ਸਦਕਾ ਚਾਰਟਰ ਆਫ ਰਾਈਟਸ ਐਂਡ ਫਰੀਡਮਜ਼ ਦੀ ਉਲੰਘਣਾ ਹੋ ਰਹੀ ਹੈ। ਜਿਨ੍ਹਾਂ ਐਲਾਨਾਂ ਦਾ ਜ਼ਿਕਰ ਕੀਤਾ ਗਿਆ ਹੈ ਉਨ੍ਹਾਂ ਵਿੱਚ ਵੱਡੇ ਇੱਕਠਾਂ ਤੋ ਧਾਰਮਿਕ ਸੇਵਾਵਾਂ ਤੇ ਮੁਜ਼ਾਹਰਿਆਂ ਨੂੰ ਛੋਟ ਦਿੱਤੀ ਗਈ ਹੈ ਤੇ ਇਹ ਵੀ ਆਖਿਆ ਗਿਆ ਹੈ ਕਿ ਇੰਟਰ ਪ੍ਰੋਵਿੰਸ਼ੀਅਲ ਟਰੈਵਲ ਉੱਤੇ ਪਾਬੰਦੀਆਂ ਰਾਹੀਂ ਵੀ ਇਨ੍ਹਾਂ ਨਿਯਮਾਂ ਦੀ ਉਲੰਘਣਾ ਹੁੰਦੀ ਹੈ।

ਇਸ ਵਿੱਚ ਇਹ ਵੀ ਆਖਿਆ ਗਿਆ ਹੈ ਕਿ ਅਜਿਹੇ ਹੁਕਮ ਜਾਰੀ ਕੀਤੇ ਜਾਣ ਜਿਸ ਨਾਲ ਪੁਲਿਸ ਸੁਪਰਵਾਈਜ਼ਰ, ਸਿਆਸਤਦਾਨ ਤੇ ਪਬਲਿਕ ਹੈਲਥ ਅਧਿਕਾਰੀ ਇਨ੍ਹਾਂ ਨਿਯਮਾਂ ਨੂੰ ਲਾਗੂ ਕਰਨ ਲਈ ਦਖਲਅੰਦਾਜ਼ੀ ਕਰਨਾ ਬੰਦ ਕਰਨ।

ਇਸ ਗਰੁੱਪ ਦੀ ਨੁਮਾਇੰਦਗੀ ਕਰ ਰਹੇ ਵਕੀਲ ਰੌਕੋ ਗਲਾਟੀ ਨੇ ਆਖਿਆ ਕਿ ਅਜਿਹਾ ਪਹਿਲੀ ਵਾਰੀ ਹੋਇਆ ਹੈ ਕਿ ਪੁਲਿਸ ਅਧਿਕਾਰੀ ਸਰਕਾਰ ਦੀ ਲੈਜਿਸਲੇਟਿਵ ਤੇ ਐਗਜ਼ੈਕਟਿਵ ਬ੍ਰਾਂਚ ਦੇ ਖਿਲਾਫ ਅਦਾਲਤ ਵਿੱਚ ਗਏ ਹੋਣ। ਇੱਕ ਨਿਊਜ਼ ਕਾਨਫਰੰਸ ਵਿੱਚ ਗਲਾਟੀ ਨੇ ਆਖਿਆ ਕਿ ਇਸ ਗਰੁੱਪ ਦੇ 15 ਮੌਜੂਦਾ ਤੇ ਚਾਰ ਰਿਟਾਇਰ ਹੋ ਚੁੱਕੇ ਪੁਲਿਸ ਅਧਿਕਾਰੀ ਹਨ ਜਿਹੜੇ ਚਾਹੁੰਦੇ ਹਨ ਕਿ ਅਦਾਲਤ ਇਨ੍ਹਾਂ ਨਿਯਮਾਂ ਨੂੰ ਲਾਗੂ ਕਰਨ ਵਿੱਚ ਉਨ੍ਹਾਂ ਦੀ ਭੂਮਿਕਾ ਸਪਸ਼ਟ ਕਰੇ। ਗਲਾਟੀ ਨੇ ਆਖਿਆ ਕਿ ਇਹ ਨਿਯਮ ਕਾਫੀ ਵਿਆਪਕ ਹਨ ਤੇ ਇਨ੍ਹਾਂ ਨੂੰ ਇੱਕਸਾਰ ਤੇ ਜਾਇਜ਼ ਢੰਗ ਨਾਲ ਲਾਗੂ ਕੀਤਾ ਜਾਣਾ ਸੰਭਵ ਨਹੀਂ।

ਮੁੱਦਈਆਂ ਵਿੱਚੋਂ ਇੱਕ ਯੌਰਕ ਰੀਜਨਲ ਪੁਲਿਸ ਕਾਂਸਟੇਬਲ ਕ੍ਰਿਸਟੋਫਰ ਵੈਂਡੈਨਬੋਸ ਨੇ ਆਖਿਆ ਕਿ ਇਨ੍ਹਾਂ ਨਿਯਮਾਂ ਨੂੰ ਲਾਗੂ ਕਰਨ ਦੇ ਮਾਮਲੇ ਕਾਰਨ ਪੁਲਿਸ ਰੈਂਕਜ਼ ਵਿੱਚ ਤਰੇੜ ਪੈ ਗਈ ਹੈ। ਜ਼ਿਕਰਯੋਗ ਹੈ ਕਿ ਪਿਛਲੇ ਮਹੀਨੇ ਟੋਰਾਂਟੋ ਪੁਲਿਸ ਸਰਵਿਸ ਨੇ ਆਖਿਆ ਕਿ ਆਨਲਾਈਨ ਸਾਹਮਣੇ ਆਏ ਇੱਕ ਵੀਡੀਓ ਵਿੱਚ ਇਹ ਸਾਫ ਨਜ਼ਰ ਆਉਂਦਾ ਹੈ ਕਿ ਉਨ੍ਹਾਂ ਦੇ ਦੋ ਆਫ ਡਿਊਟੀ ਅਧਿਕਾਰੀਆਂ ਵੱਲੋਂ ਓਨਟਾਰੀਓ ਦੇ ਸਟੇਅ ਐਟ ਹੋਮ ਆਰਡਰਜ਼ ਦੀ ਉਲੰਘਣਾ ਕੀਤੀ ਗਈ। ਇਹ ਵੀਡੀਓ ਏਲਮਰ, ਓਨਟਾਰੀਓ ਦੇ ਚਰਚ ਵਿੱਚ ਹੋਏ ਇੱਕਠ ਦਾ ਹੈ ਤੇ ਇਸ ਵਿੱਚ ਚਰਚ ਵਿੱਚ ਮੌਜੂਦ ਕੁੱਝ ਲੋਕਾਂ ਤੇ ਲੋਕਲ ਪੁਲਿਸ ਵਿੱਚ ਟਕਰਾਅ ਹੋਇਆ। ਬਾਅਦ ਵਿੱਚ ਏਲਮਰ ਦੇ ਪੁਲਿਸ ਚੀਫ ਨੇ ਇਸ ਦੀ ਪੁਸ਼ਟੀ ਕੀਤੀ ਕਿ ਟੋਰਾਂਟੋ ਦੇ ਦੋ ਆਫ ਡਿਊਟੀ ਆਫੀਸਰਜ਼ ਨੂੰ ਇਸ ਘਟਨਾ ਦੇ ਸਬੰਧ ਵਿੱਚ ਰੀਓਪਨਿੰਗ ਓਨਟਾਰੀਓ ਐਕਟ ਤਹਿਤ ਚਾਰਜ ਕੀਤਾ ਗਿਆ ਸੀ।

ਜ਼ਿਕਰਯੋਗ ਹੈ ਕਿ ਅਪਰੈਲ ਦੇ ਮੱਧ ਵਿੱਚ ਪ੍ਰੀਮੀਅਰ ਫੋਰਡ ਨੇ ਪੁਲਿਸ ਨੂੰ ਲੋੜੋਂ ਵੱਧ ਸ਼ਕਤੀਆਂ ਦਿੱਤੇ ਜਾਣ ਤੋਂ ਇੱਕ ਦਿਨ ਬਾਅਦ ਹੀ ਇਹ ਸ਼ਕਤੀਆਂ ਵਾਪਿਸ ਲੈ ਲਈਆਂ ਸਨ। ਪੁਲਿਸ ਨੂੰ ਅਥਾਹ ਸ਼ਕਤੀਆਂ ਦਾ ਚੁਫੇਰਿਓ ਵਿਰੋਧ ਹੋਣ ਤੋਂ ਬਾਅਦ ਇਹ ਫੈਸਲਾ ਵਾਪਿਸ ਲੈ ਲਿਆ ਗਿਆ ਸੀ।

# ਟੋਰਾਂਟੋ ਵਿੱਚ ਅੱਜ ਤੋਂ ਖੁੱਲ੍ਹਣਗੇ 18+ ਪੌਪ ਅੱਪ ਵੈਕਸੀਨੇਸ਼ਨ ਕਲੀਨਿਕ

ਟੋਰਾਂਟੋ, 6 ਮਈ (ਪੋਸਟ ਬਿਊਰੋ) : ਵੱਖ ਵੱਖ ਹੌਟ ਸਪੌਟਸ ਵਿੱਚ ਰਹਿਣ ਜਾਂ ਕੰਮ ਕਰਨ ਵਾਲੇ 18 ਤੇ ਇਸ ਤੋਂ ਵੱਧ ਉਮਰ ਦੇ ਲੋਕਾਂ ਨੂੰ ਵੀਰਵਾਰ ਤੋਂ ਕਈ ਪੌਪ ਅੱਪ ਵੈਕਸੀਨੇਸ਼ਨ ਕਲੀਨਿਕਸ ਵਿੱਚ ਸ਼ੌਟ ਲੱਗ ਜਾਵੇਗਾ।

ਇਸ ਹਫਤੇ ਪੰਜ ਕਲੀਨਿਕਸ ਨੌਰਥ ਯੌਰਕ ਵਿੱਚ ਆਪਰੇਟ ਕਰਨਗੇ, ਜਿਨ੍ਹਾਂ ਵਿੱਚੋਂ ਚਾਰ ਬੁੱਧਵਾਰ ਨੂੰ ਕੰਮ ਕਰਨਾ ਸ਼ੁਰੂ ਕਰਨਗੇ। ਇਹ ਸਾਰੇ ਹੀ ਕਲੀਨਿਕ ਡਰੌਪ ਇਨ ਹਨ ਤੇ ਪਤੇ ਦਾ ਸਬੂਤ ਚਾਹੀਦਾ ਹੋਵੇਗਾ। ਐਮ3ਜੇ, ਐਮ3ਕੇ, ਐਮ3ਐਲ, ਐਮ3ਐਨ, ਐਮ6ਬੀ, ਐਮ6ਐਲ, ਐਮ6ਐਮ, ਐਮ9ਐਲ, ਐਮ9ਐਮ, ਐਮ9ਪੀ, ਐਮ9ਵੀ, ਐਮ9ਡਬਲਿਊ 7 ਤੋਂ 9 ਮਈ ਤੱਕ ਸਵੇਰੇ 9:00 ਵਜੇ ਤੋਂ ਆਪਰੇਟ ਕੀਤੇ ਜਾਣਗੇ।

ਜਾਰਜ ਹਾਰਵੇ ਸੀਆਈ (1700 ਕੀਲ ਸਟਰੀਟ)

- ਐਮ6ਐਮ, ਐਮ9ਐਨ ਵਿੱਚ ਰੈਜ਼ੀਡੈਂਟਸ ਜਾਂ ਵਰਕਰਜ਼ ਨੂੰ ਸਵੇਰੇ 10:00 ਤੋਂ ਸ਼ਾਮੀਂ 7:00 ਵਜੇ ਤੱਕ ਟੀਕੇ ਲਾਏ ਜਾਣਗੇ

ਹੈਬੀਟੈਂਟ ਅਰੇਨਾ (3383 ਵੈਸਟਨ ਰੋਡ)

- ਐਮ3ਐਚ, ਐਮ3ਜੇ, ਐਮ3ਐਲ, ਐਮ3ਐਮ, ਐਮ3ਐਨ, ਐਮ6ਏ, ਐਮ6ਕੇ, ਐਮ6ਐਲ, ਐਮ9ਐਲ, ਐਮ9ਐਮ, ਐਮ9ਐਨ ਵਿੱਚ ਸਵੇਰੇ 11:00 ਤੋਂ ਰਾਤੀਂ 8:00 ਵਜੇ ਤੱਕ ਟੀਕੇ ਲੱਗਣਗੇ

ਵੁੱਡਬਾਈਨ ਰੇਸਟਰੈਕ ਉੱਤੇ ਇੱਕ ਸਾਈਟ ਸਵੇਰੇ 10:00 ਵਜੇ ਤੋਂ ਖੋਲ੍ਹੀ ਜਾਵੇਗੀ ਤੇ ਇਹ ਟੋਰਾਂਟੋ ਦੇ ਸਾਰੇ ਹੌਟ ਸਪੌਟਸ ਪੋਸਟਲ ਕੋਡਜ਼ ਲਈ ਖੋਲ੍ਹੀ ਜਾਵੇਗੀ। ਇਹ ਐਮ9ਆਰ, ਐਮ9ਵੀ ਜਾਂ ਐਮ9ਡਬਲਿਊ ਹੌਟ ਸਪੌਟਸ ਵਿੱਚ ਕੰਮ ਕਰਨ ਵਾਲਿਆਂ ਲਈ ਵੀ ਖੁੱਲ੍ਹੇ ਰਹਿਣਗੇ। ਇਹ ਕਲੀਨਿਕ ਸਵੇਰੇ 10:00 ਵਜੇ ਤੋਂ ਰਾਤੀਂ 8:00 ਵਜੇ ਤੱਕ ਖੋਲ੍ਹੇ ਜਾਣਗੇ ਤੇ ਇਨ੍ਹਾਂ ਨੂੰ ਸ਼ੁੱਕਰਵਾਰ ਨੂੰ ਵੀ ਖੋਲ੍ਹਿਆ ਜਾਵੇਗਾ।

ਇਨ੍ਹਾਂ ਤੋਂ ਇਲਾਵਾ ਵੁੱਡਬਾਈਨ ਰੇਸਟ੍ਰੈਕ, ਤੇ ਸਕਾਰਬੋਰੋ ਵਿੱਚ ਵੀ ਵੀਰਵਾਰ ਨੂੰ ਕਲੀਨਿਕ ਖੋਲ੍ਹੇ ਜਾਣਗੇ। ਐਮ9ਵੀ ਪੋਸਟਲ ਕੋਡ ਵਿੱਚ ਰੈਕਸਡੇਲ ਕਮਿਊਨਿਟੀ ਹੱਬ ਲਈ ਵੀ ਨੌਰਥ ਇਟੋਬੀਕੋ ਵਿੱਚ ਪੌਪ ਕਲੀਨਿਕ ਖੋਲ੍ਹਿਆ ਜਾਵੇਗਾ।

# ਨਿਊਫਾਊਂਡਲੈਂਡ ਤੇ ਲੈਬਰਾਡੌਰ ਤੋਂ ਨਰਸਾਂ ਤੇ ਡਾਕਟਰਾਂ ਦੀ ਟੀਮ ਓਸਲਰ ਪਹੁੰਚੀ




ਬਰੈਂਪਟਨ, 6 ਮਈ (ਪੋਸਟ ਬਿਊਰੋ) : ਕੋਵਿਡ-19 ਮਹਾਂਮਾਰੀ ਦੀ ਤੀਜੀ ਵੇਵ ਦੌਰਾਨ ਓਸਲਰ ਦੀਆਂ ਲੋੜਾਂ ਪੂਰੀਆਂ ਕਰਨ ਲਈ ਨਿਊਫਾਊਂਡਲੈਂਡ ਤੇ ਲੈਬਰਾਡੌਰ ਤੋਂ ਹੈਲਥ ਕੇਅਰ ਪ੍ਰੋਫੈਸ਼ਨਲਜ਼ ਦੀ ਟੀਮ ਬਰੈਂਪਟਨ ਪਹੁੰਚ ਗਈ। ਵਿਲੀਅਮ ਓਸਲਰ ਹੈਲਥ ਸਿਸਟਮ (ਓਸਲਰ) ਵੱਲੋਂ ਉਨ੍ਹਾਂ ਦਾ ਹੁੰਮ ਹੁਮਾ ਕੇ ਸਵਾਗਤ ਕੀਤਾ ਗਿਆ। ਨਿਊਫਾਊਂਡਲੈਂਡ ਤੇ ਲੈਬਰਾਡੌਰ ਤੋਂ ਰੌਇਲ ਕੈਨੇਡੀਅਨ ਏਅਰ ਫੋਰਸ ਦੇ ਜਹਾਜ਼ ਰਾਹੀਂ ਚਾਰ ਨਰਸਾਂ ਤੇ ਤਿੰਨ ਡਾਕਟਰਾਂ ਦੀ ਟੀਮ ਇੱਥੇ ਪਹੁੰਚੀ। ਦੋ ਡਾਕਟਰ ਪਿਛਲੇ ਹਫਤੇ ਹੀ ਆ ਗਏ ਸਨ ਤੇ ਉਹ ਵੀ ਇਸੇ ਗਰੁੱਪ ਨਾਲ ਕੰਮ ਕਰਨਗੇ। ਇਹ ਹੈਲਥ ਕੇਅਰ ਪ੍ਰੋਫੈਸ਼ਨਲਜ਼ ਬਹੁਤ ਹੀ ਹੁਨਰਮੰਦ ਹਨ ਤੇ ਐਮਰਜੰਸੀ ਡਿਪਾਰਟਮੈਂਟ ਤੇ ਆਈਸੀਯੂ ਵਿੱਚ ਵੀ ਇਨ੍ਹਾਂ ਦਾ ਤਜਰਬਾ ਕਾਫੀ ਕਮਾਲ ਦਾ ਹੈ। ਇਸ ਦੇ ਨਾਲ ਹੀ ਇਹ ਗਲੋਬਲ ਮਾਨਵਤਾਵਾਦੀ ਮਿਸ਼ਨ ਨਾਲ ਜੁੜੇ ਹੋਏ ਹਨ।

ਇਨ੍ਹਾਂ ਨੂੰ ਓਸਲਰ ਦੇ ਆਈਸੀਯੂ, ਐਮਰਜੰਸੀ ਡਿਪਾਰਟਮੈਂਟ ਤੇ ਜਨਰਲ ਮੈਡੀਸਿਨ ਦੇ ਏਰੀਆਜ਼ ਨਾਲ ਜੋੜਿਆ ਜਾਵੇਗਾ ਤਾਂ ਕਿ ਮਰੀਜ਼ਾਂ ਦੀ ਚੰਗੀ ਸਾਂਭ ਸੰਭਾਲ ਹੋ ਸਕੇ। ਓਸਲਰ ਵੱਲੋਂ ਓਨਟਾਰੀਓ ਸਰਕਾਰ, ਨਿਊਫਾਊਂਡਲੈਂਡ ਤੇ ਲੈਬਰਾਡੌਰ ਪ੍ਰੋਵਿੰਸ ਤੇ ਰੌਇਲ ਕੈਨੇਡੀਅਨ ਏਅਰ ਫੋਰਸ ਦਾ ਧੰਨਵਾਦ ਕੀਤਾ ਗਿਆ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
Lic#10584
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047



KANG TAX & FINANCIAL SERVICES
Carte WEALTH MANAGEMENT INC.
› TAX E-FILING - PERSONAL & CORPORATION**
› LIFE, CRITICAL & DISABILITY INSURANCE***
› RRSP/TFSA/RESP/RDSP & OPEN ACCOUNTS*
› VISITOR INSURANCE***
FREE For New Immigrants
TAX Filing $40 +Tax
Sukhwinder Kang
M.Sc (Math), CFP
Certified Financial Planner
Off: 416-741-4877
Dir: 416-271-4877
Email: skang@kangtax.ca
* Mutual funds provided by Carte Wealth Management Inc.
** Tax planning and filings provided by Kang Tax & Financial Services
*** Insurance sold through Carte Risk Management Inc., Financial Horizon and Aaxel Insurance.
$10 OFF Coupon only for New Clients One per family
Website: www.kangtax.com
Email: sukhwinder.kang@cartewm.com
Suite #105-2645 Islington Ave.
Etobicoke, ON M9V 2X6



SherGill Law Firm
Barrister, Solicitor & Notary Public
Services:
• Real Estate
• Residential, Commercial & Franchise
• Criminal Law
• Family Law
• Affidavit, Power Of Attorney & Notarization
• Immigration Matters
Paramjit Singh Gill (MBA, LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca



# ਐਸਟ੍ਰਾਜ਼ੈਨੇਕਾ ਵੈਕਸੀਨ ਲਾਏ ਜਾਣ ਤੋਂ ਬਾਅਦ ਅਲਬਰਟਾ ਵਿੱਚ ਇੱਕ ਮਹਿਲਾ ਦੀ ਹੋਈ ਮੌਤ

ਐਡਮੰਟਨ, 6 ਮਈ (ਪੋਸਟ ਬਿਊਰੋ) : ਕੋਵਿਡ-19 ਐਸਟ੍ਰਾਜ਼ੈਨੇਕਾ ਵੈਕਸੀਨ ਲੈਣ ਤੋਂ ਬਾਅਦ ਐਡਮੰਟਨ ਵਿੱਚ ਇੱਕ ਮਹਿਲਾ ਦੀ ਮੌਤ ਹੋ ਗਈ।

ਮਹਿਲਾ ਆਪਣੇ 50ਵਿਆਂ ਵਿੱਚ ਸੀ। ਕੈਨੇਡਾ ਵਿੱਚ ਕਥਿਤ ਤੌਰ ਉੱਤੇ ਕੋਵਿਡ-19 ਵੈਕਸੀਨੇਸ਼ਨ ਕਾਰਨ ਹੋਈ ਮੌਤ ਦਾ ਇਹ ਦੂਜਾ ਮਾਮਲਾ ਹੈ। ਇਹ ਮੌਤ ਵੈਕਸੀਨ ਲਾਏ ਜਾਣ ਤੋਂ ਬਾਅਦ ਥਰੌਂਬੌਟਿਕ ਥਰੌਂਬੋਸਾਇਟੋਪੇਨੀਆ ( ਵੀ ਆਈ ਟੀ ਟੀ ) ਕਾਰਨ ਹੋਈ ਦੱਸੀ ਜਾਂਦੀ ਹੈ। ਕੈਨੇਡਾ ਵਿੱਚ ਐਸਟ੍ਰਾਜ਼ੈਨੇਕਾ ਵੈਕਸੀਨ ਨਾਲ ਅਲਬਰਟਾ ਵਿੱਚ ਹੋਈ ਇਹ ਪਹਿਲੀ



ਮੌਤ ਦੱਸੀ ਜਾਂਦੀ ਹੈ।

ਇਸ ਤੋਂ ਪਹਿਲਾਂ 27 ਅਪਰੈਲ ਨੂੰ ਕਿਊਬਿਕ ਵਿੱਚ ਵੀ ਆਈ ਟੀ ਟੀ ਕਾਰਨ ਇੱਕ 54 ਸਾਲਾ ਮਹਿਲਾ ਦੀ ਮੌਤ ਹੋ ਗਈ ਸੀ। ਮੰਗਲਵਾਰ ਸ਼ਾਮ ਨੂੰ ਡਾ. ਡੀਨਾ ਹਿਨਸਾਅ ਨੇ ਟਵੀਟ ਕਰਕੇ ਇਸ ਮੌਤ ਦੀ ਜਾਣਕਾਰੀ ਦਿੱਤੀ। ਉਨ੍ਹਾਂ ਆਖਿਆ ਕਿ ਮਰੀਜ਼ ਦੀ ਪਛਾਣ ਗੁਪਤ ਰੱਖੀ ਜਾ ਰਹੀ ਹੈ ਤੇ ਇਸ ਸਬੰਧ ਵਿੱਚ ਹੋਰ ਕਿਸੇ ਵੀ ਕਿਸਮ ਦੀ ਜਾਣਕਾਰੀ ਮੁਹੱਈਆ ਨਹੀਂ ਕਰਵਾਈ ਜਾ ਰਹੀ। ਹਿਨਸਾਅ ਅਨੁਸਾਰ ਐਸਟ੍ਰਾਜ਼ੈਨੇਕਾ ਜਾਂ ਕੋਵੀਸ਼ੀਲਡ ਦੀਆਂ 253,000 ਡੋਜ਼ਾਂ ਪ੍ਰੋਵਿੰਸ ਵਿੱਚ ਹੁਣ ਤੱਕ ਦਿੱਤੀਆਂ ਜਾ ਚੁੱਕੀਆਂ ਹਨ।

ਅਲਬਰਟਾ ਦੇ ਉੱਘੇ ਡਾਕਟਰ ਨੇ ਆਖਿਆ ਕਿ ਕਿਸੇ ਵੈਕਸੀਨ ਤੋਂ ਮੌਤ ਹੋਣ ਦਾ ਖਤਰਾਂ ਜਾਂ ਹੋਰ ਤਰ੍ਹਾਂ ਦੀ ਕੋਈ ਦਿੱਕਤ ਦਾ ਖਤਰਾ ਬਹੁਤ ਹੀ ਘੱਟ ਹੈ।

# ਬਰੈਂਪਟਨ ਵਿੱਚ ਨਵੀਆਂ ਬੈਟਰੀ ਇਲੈਕਟ੍ਰਿਕ ਬੱਸਾਂ ਸ਼ੁਰੂ

ਬਰੈਂਪਟਨ, 6 ਮਈ (ਪੋਸਟ ਬਿਊਰੋ) : ਰੂਟ 23 (ਸੈਂਡਲਵੁੱਡ) ਤੇ ਰੂਟ 26 ( ਮਾਊਂਟ ਪਲੈਜ਼ੈਂਟ) ਉੱਤੇ ਨਵੀਆਂ ਬੈਟਰੀ ਇਲੈਕਟ੍ਰਿਕ ਬੱਸਾਂ ( ਬੀ ਈ ਬੀਜ਼) ਸ਼ੁਰੂ ਕਰ ਦਿੱਤੀਆਂ ਗਈਆਂ ਹਨ।

ਇਨ੍ਹਾਂ ਨਵੀਆਂ ਬੱਸਾਂ ਨੂੰ ਇੰਟਰੋਡਿਊਸ ਕਰਨ ਲਈ ਬਰੈਂਪਟਨ ਨੌਰਥ ਤੋਂ ਐਮਪੀ ਰੂਬੀ ਸਹੋਤਾ, ਇਨਫਰਾਸਟ੍ਰਕਚਰ ਐਂਡ ਕਮਿਊਨਿਟੀਜ਼ ਮੰਤਰੀ ਕੈਥਰੀਨ ਮੈਕੇਨਾ, ਬਰੈਂਪਟਨ ਵੈਸਟ ਤੋਂ ਉਨ੍ਹਾਂ ਦੇ ਕੁਲੀਗਜ਼ ਕਮਲ ਖਹਿਰਾ, ਬਰੈਂਪਟਨ ਈਸਟ ਤੋਂ ਮਨਿੰਦਰ ਸਿੱਧੂ, ਬਰੈਂਪਟਨ ਸਾਊਥ ਤੋਂ ਸੋਨੀਆ ਸਿੱਧੂ ਤੇ ਬਰੈਂਪਟਨ ਦੇ ਮੇਅਰ ਤੇ ਕਾਉਂਸਲ ਮੈਂਬਰ ਮੌਜੂਦ ਸਨ।

ਐਮਪੀ ਸਹੋਤਾ ਨੇ ਆਖਿਆ ਕਿ ਇਹ ਬੀ ਈ ਬੀ ਦੀ ਗਲੋਬਲ ਪੱਧਰ ਉੱਤੇ ਸਭ ਤੋਂ ਵੱਧ ਤਾਇਨਾਤੀ ਹੈ। ਇਨ੍ਹਾਂ ਦੇ ਉੱਪਰ ਹੀ ਆਨ ਰੂਟ ਚਾਰਜਿੰਗ ਸਿਸਟਮਜ਼ ਵੀ ਮੌਜੂਦ ਰਹਿਣਗੇ। ਉਨ੍ਹਾਂ ਦੱਸਿਆ ਕਿ ਇਹ ਅੱਠ ਇਲੈਕਟ੍ਰਿਕ ਬੱਸਾਂ ਬਰੈਂਪਟਨ ਟਰਾਂਜ਼ਿਟ ਦੇ ਇਲੈਕਟ੍ਰਿਕ ਫਲੀਟ ਦੀ ਸ਼ੁਰੂਆਤ



ਹਨ। ਇਹ ਸਾਡੀ ਸਿਟੀ ਤੇ ਸਾਡੇ ਪਬਲਿਕ ਟਰਾਂਜ਼ਿਟ ਦੇ ਭਵਿੱਖ ਲਈ ਅਹਿਮ ਨਿਵੇਸ਼ ਵੀ ਹਨ।

ਇਸ ਸਬੰਧ ਵਿੱਚ ਬਰੈਂਪਟਨ ਨੇ ਨੋਵਾ ਬੱਸ, ਨਿਊ ਫਲਾਇਰ ਇੰਡਸਟਰੀਜ਼, ਏਬੀਬੀ ਇੰਕ., ਸੀਮਨਜ਼ ਕੈਨੇਡਾ ਤੇ ਨਿਊਮਾਰਕਿਟ-ਟੇਅ ਪਾਵਰ ਡਿਸਟ੍ਰਿਬਿਊਸ਼ਨ ਲਿਮਟਿਡ ਦੀ ਭਾਈਵਾਲੀ ਵਿੱਚ ਟਰਾਂਸਲਿੰਕ ਤੇ ਯੌਰਕ ਰੀਜਨ ਟਰਾਂਜ਼ਿਟ ਨਾਲ ਸ਼ਮੂਲੀਅਤ ਕੀਤੀ ਹੈ।

ਕੈਨੇਡੀਅਨ ਅਰਬਨ ਟਰਾਂਜ਼ਿਟ ਰਿਸਰਚ ਐਂਡ ਇਨੋਵੇਸ਼ਨ ਕੌਂਸੋਰਟੀਅਮ ਨੇ ਇਸ ਪ੍ਰੋਜੈਕਟ ਨੂੰ 2017 ਵਿੱਚ ਲਾਂਚ ਕੀਤਾ ਸੀ। ਇਸ ਇਲੈਕਟ੍ਰਿਕ ਬੱਸ ਤਕਨਾਲੋਜੀ ਨਾਲ ਜਿੱਥੇ ਗੈਸਾਂ ਦਾ ਰਿਸਾਅ ਘਟੇਗਾ ਉੱਥੇ ਹੀ ਪ੍ਰਦੂਸ਼ਣ ਨੂੰ ਵੀ ਠੱਲ੍ਹ ਪਵੇਗੀ।

# ਰੁੱਖ ਨਾਲ ਟਕਰਾਅ ਕੇ ਗੱਡੀ ਖੱਡ ਵਿੱਚ ਡਿੱਗੀ, ਇੱਕ ਹਲਾਕ

ਟੋਰਾਂਟੋ, 6 ਮਈ (ਪੋਸਟ ਬਿਊਰੋ) : ਇੱਕ ਗੱਡੀ ਨੂੰ ਪੇਸ਼ ਆਏ ਹਾਦਸੇ ਕਾਰਨ ਟੋਰਾਂਟੋ ਦੇ ਇੱਕ ਵਿਅਕਤੀ ਦੀ ਮੌਤ ਹੋ ਗਈ। ਇਹ ਜਾਣਕਾਰੀ ਹਾਲਟਨ ਰੀਜਨ ਦੀ ਪੁਲਿਸ ਨੇ ਦਿੱਤੀ।

ਇਹ ਘਟਨਾ ਸ਼ਾਮੀਂ 5:30 ਵਜੇ ਦੇ ਨੇੜੇ ਤੇੜੇ ਹਾਲਟਨ ਹਿੱਲਜ਼ ਵਿੱਚ ਨੰਬਰ 5 ਸਾਈਡਰੋਡ ਤੇ ਟਰੈਫਲਗਰ ਰੋਡ ਇਲਾਕੇ ਵਿੱਚ ਵਾਪਰੀ। ਇੱਕ ਬਿਆਨ ਵਿੱਚ ਹਾਲਟਨ ਪੁਲਿਸ ਨੇ ਆਖਿਆ ਕਿ ਹਾਦਸੇ ਦਾ ਪਤਾ ਚੱਲਦੇ ਸਾਰ ਐਮਰਜੰਸੀ ਸਰਵਿਸਿਜ਼ ਕਰਮਚਾਰੀ ਮੌਕੇ ਉੱਤੇ ਪਹੁੰਚੇ ਤੇ ਉਨ੍ਹਾਂ ਨੂੰ ਇੱਕ ਗੱਡੀ 5 ਸਾਈਡਰੋਡ ਦੇ ਉੱਤਰ ਵੱਲ ਇੱਕ ਖੱਡ ਵਿੱਚ ਛੱਤ ਦੇ ਭਾਰ ਡਿੱਗੀ ਮਿਲੀ। ਗੱਡੀ ਵਿੱਚ ਦੋ ਲੋਕ ਸਵਾਰ ਸਨ।

ਪੁਲਿਸ ਨੇ ਦੱਸਿਆ ਕਿ ਗੱਡੀ ਦੇ



ਸਾਹਮਣੇ ਵੱਲ ਪੈਸੈਂਜਰ ਸੀਟ ਉੱਤੇ ਬੈਠੇ 42 ਸਾਲਾ ਵਿਅਕਤੀ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ। ਬਰੈਂਪਟਨ ਦੀ 18 ਸਾਲਾ ਲੜਕੀ ਗੱਡੀ ਚਲਾ ਰਹੀ ਸੀ ਤੇ ਉਸ ਨੂੰ ਮਾਮੂਲੀ ਸੱਟਾਂ ਹੀ ਲੱਗੀਆਂ। ਉਸ ਨੂੰ ਅਹਿਤਿਆਤਨ ਹਸਪਤਾਲ ਭੇਜ ਦਿੱਤਾ ਗਿਆ। ਪੁਲਿਸ ਅਨੁਸਾਰ ਗ੍ਰੇਅ ਰੰਗ ਦੀ ਸ਼ੈਵਰਲੇ ਮੇਲਬੂ 5 ਸਾਈਡਰੋਡ ਉੱਤੇ ਪੱਛਮ ਵੱਲ ਜਾ ਰਹੀ ਸੀ ਜਦੋਂ ਇਹ ਸੜਕ ਤੋਂ ਉਤਰ ਕੇ ਇੱਕ ਰੁੱਖ ਨਾਲ ਜਾ ਟਕਰਾਈ ਤੇ ਖੱਡ ਵਿੱਚ ਡਿੱਗ ਗਈ।

ਅਜੇ ਤੱਕ ਇਹ ਪਤਾ ਨਹੀਂ ਲੱਗ ਸਕਿਆ ਹੈ ਕਿ ਇਹ ਹਾਦਸਾ ਕਿਵੇਂ ਵਾਪਰਿਆ।

# ਬਰੈਂਪਟਨ ਦੇ ਘਰ ਵਿੱਚ ਜ਼ਖ਼ਮੀ ਮਿਲੇ ਬੱਚੇ ਦੀ ਹੋਈ ਮੌਤ



ਬਰੈਂਪਟਨ, 6 ਮਈ (ਪੋਸਟ ਬਿਊਰੋ) : ਬੁੱਧਵਾਰ ਸ਼ਾਮ ਨੂੰ ਬਰੈਂਪਟਨ ਦੇ ਇੱਕ ਘਰ ਵਿੱਚ ਜ਼ਖ਼ਮੀ ਹਾਲਤ ਵਿੱਚ ਮਿਲੇ ਬੱਚੇ ਦੀ ਮੌਤ ਹੋ ਗਈ। ਇਹ ਜਾਣਕਾਰੀ ਪੁਲਿਸ ਨੇ ਦਿੱਤੀ।

ਪੀਲ ਪੁਲਿਸ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਦੁਪਹਿਰੇ 4:30 ਵਜੇ ਕੰਟਰੀਸਾਈਡ ਡਰਾਈਵ ਤੇ ਟੌਰਬ੍ਰੈਮ ਰੋਡ ਨੇੜਿਓਂ ਫਿਨਲੇਅਸਨ ਕ੍ਰੀਸੈਂਟ ਤੋਂ ਮੈਡੀਕਲ ਕਾਲ ਆਈ। ਮੌਕੇ ਉੱਤੇ ਉਨ੍ਹਾਂ ਨੂੰ ਇੱਕ ਬੱਚਾ ਜ਼ਖ਼ਮੀ ਹਾਲਤ ਵਿੱਚ ਮਿਲਿਆ, ਜਿਸ ਨੂੰ ਹਸਪਤਾਲ ਲਿਜਾਇਆ ਗਿਆ ਪਰ ਉੱਥੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਪੁਲਿਸ ਵੱਲੋਂ ਬੱਚੇ ਨੂੰ ਲੱਗੀਆਂ ਸੱਟਾਂ, ਉਸ ਦੀ ਹਾਲਤ, ਉਮਰ ਜਾਂ ਲਿੰਗ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ ਗਈ।

ਅਜੇ ਤੱਕ ਕਿਸੇ ਨੂੰ ਪੁਲਿਸ ਵੱਲੋਂ ਹਿਰਾਸਤ ਵਿੱਚ ਨਹੀਂ ਲਿਆ ਗਿਆ ਹੈ। ਜਾਂਚਕਾਰ ਮੌਕੇ ਦਾ ਮੁਆਇਨਾ ਕਰ ਰਹੇ ਹਨ। ਸਪੈਸ਼ਲ ਵਿਕਟਿਮਜ਼ ਯੂਨਿਟ ਵੱਲੋਂ ਜਾਂਚ ਲਈ ਮਾਮਲੇ ਨੂੰ ਆਪਣੇ ਹੱਥ ਵਿੱਚ ਲੈ ਲਿਆ ਗਿਆ ਹੈ। ਇਹ ਯੂਨਿਟ ਪੰਜ ਸਾਲ ਜਾਂ ਇਸ ਤੋਂ ਘੱਟ ਉਮਰ ਦੇ ਬੱਚਿਆਂ ਦੇ ਮਾਮਲੇ ਦੀ ਜਾਂਚ ਕਰਦੀ ਹੈ।

# ਕੈਨੇਡਾ ਪੋਸਟ ਉੱਤੇ ਦਿੱਤੀ ਗਈ ਰਿਟਾਇਰਮੈਂਟ ਪਾਰਟੀ ਨੂੰ ਮੇਅਰ ਨੇ ਦੱਸਿਆ ਗੈਰ-ਜ਼ਿੰਮੇਵਰਾਨਾ

ਮਿਸੀਸਾਗਾ, 6 ਮਈ (ਪੋਸਟ ਬਿਊਰੋ) : ਮਿਸੀਸਾਗਾ ਸਥਿਤ ਕੈਨੇਡਾ ਪੋਸਟ ਦੀ ਗੇਟਵੇਅ ਫੈਸਿਲਿਟੀ ਵਿਖੇ ਰਿਟਾਇਰਮੈਂਟ ਪਾਰਟੀ ਦੀ ਗੱਲ ਸੁਣਨ ਤੋਂ ਬਾਅਦ ਸ਼ਹਿਰ ਦੀ ਮੇਅਰ ਦੇ ਹੱਥ ਪੈਰ ਫੁੱਲ ਗਏ।

ਉਨ੍ਹਾਂ ਆਖਿਆ ਕਿ ਇਹ ਬਹੁਤ ਹੀ ਗੈਰਜ਼ਿੰਮੇਵਾਰਾਨਾ ਹਰਕਤ ਹੈ। ਉਨ੍ਹਾਂ ਇਹ ਵੀ ਆਖਿਆ ਕਿ ਅਸੀਂ ਇਸ ਦੀ ਜਾਂਚ ਕਰਨ ਤੋਂ ਬਾਅਦ ਇਸ ਖਿਲਾਫ ਸਖ਼ਤ ਕਾਰਵਾਈ ਕਰਾਂਗੇ। ਗੇਟਵੇਅ ਪਲਾਂਟ ਵਿੱਚ ਪਹਿਲਾਂ ਹੀ ਕੋਵਿਡ-19 ਆਊਟਬ੍ਰੇਕਸ ਹੋ ਚੁੱਕੀਆਂ ਹਨ ਤੇ ਇਸੇ ਕਾਰਨ ਇਸ ਪਲਾਂਟ ਨੂੰ ਅੰਸ਼ਕ ਤੌਰ ਉੱਤੇ ਬੰਦ ਰੱਖਿਆ ਜਾ ਰਿਹਾ ਹੈ। ਅਜੇ ਪਿਛਲੇ ਹਫਤੇ ਹੀ ਪੀਲ ਪਬਲਿਕ ਹੈਲਥ ਵੱਲੋਂ ਇੱਥੇ ਇੱਕ





ਸ਼ਿਫਟ ਬੰਦ ਕੀਤੀ ਗਈ ਸੀ ਤੇ 80 ਵਰਕਰਜ਼ ਨੂੰ ਦਸ ਦਿਨਾਂ ਲਈ ਸੈਲਫ ਆਈਸੋਲੇਟ ਹੋਮ ਵਿੱਚ ਭੇਜਿਆ ਗਿਆ ਸੀ।

ਕੈਨੇਡਾ ਪੋਸਟ ਦਾ ਕਹਿਣਾ ਹੈ ਕਿ ਅਸੀਂ ਰਿਟਾਇਰ ਹੋ ਰਹੇ ਮੁਲਾਜ਼ਮ ਲਈ ਅਪਰੈਲ ਦੇ ਸ਼ੁਰੂ ਵਿੱਚ ਕੀਤੇ ਗਏ ਇੱਕਠ ਤੋਂ ਜਾਣੂ ਹਾਂ। ਕੈਨੇਡਾ ਪੋਸਟ ਦੇ ਬੁਲਾਰੇ ਫਿਲ ਲੀਗਾਲਟ ਨੇ ਇੱਕ ਈ ਮੇਲ ਵਿੱਚ ਆਖਿਆ ਕਿ ਕੈਨੇਡਾ ਪੋਸਟ ਤੇ ਉਸ ਦੇ ਮੁਲਾਜ਼ਮਾਂ ਵੱਲੋਂ ਪਬਲਿਕ ਹੈਲਥ ਨਿਯਮਾਂ ਦੀ ਪਾਲਣਾ ਕਰਦਿਆਂ ਹੋਇਆਂ ਕਾਫੀ ਮਿਹਨਤ ਨਾਲ ਕੰਮ ਕੀਤਾ ਗਿਆ ਤੇ ਲੋਕਾਂ ਨੂੰ ਮਹਾਂਮਾਰੀ ਦੌਰਾਨ ਸੇਫ ਰੱਖਣ ਦੀ ਕੋਸ਼ਿਸ਼ ਕੀਤੀ ਗਈ।

ਅਸੀਂ ਕਿਸੇ ਵੀ ਕਾਰਨ ਕਰਕੇ ਫੈਸਿਲਿਟੀ ਵਿੱਚ ਕਿਸੇ ਕਿਸਮ ਦੇ ਇੱਕਠ ਦੀ ਇਜਾਜ਼ਤ ਨਹੀਂ ਦਿੰਦੇ। ਇਸ ਤਰ੍ਹਾਂ ਦੀ ਪਾਰਟੀ ਕਰਨ ਵਿੱਚ ਸ਼ਾਮਲ ਮੁਲਾਜ਼ਮਾਂ ਨਾਲ ਅਸੀਂ ਸਿੱਧੇ ਤੌਰ ਉੱਤੇ ਗੱਲ ਕੀਤੀ ਹੈ ਤੇ ਸਾਰੇ ਮੁਲਾਜ਼ਮਾਂ ਨੂੰ ਸੇਫਟੀ ਸਬੰਧੀ ਨਿਯਮਾਂ ਦੀ ਅਹਿਮੀਅਤ ਤੋਂ ਮੁੜ ਜਾਣੂ ਕਰਵਾਇਆ ਹੈ।

# 2021-2022 ਸਕੂਲ ਵਰ੍ਹੇ ਦੌਰਾਨ ਓਨਟਾਰੀਓ ਦੇ ਸਕੂਲ ਕਰਵਾਉਣਗੇ ਆਨਲਾਈਨ ਲਰਨਿੰਗ

ਓਨਟਾਰੀਓ, 6 ਮਈ (ਪੋਸਟ ਬਿਊਰੋ) : ਫੋਰਡ ਸਰਕਾਰ ਵੱਲੋਂ 2021-2022 ਦੇ ਜਾਰੀ ਕੀਤੇ ਗਏ ਐਜੂਕੇਸ਼ਨ ਫੰਡਿੰਗ ਪਲੈਨ ਦੇ ਵੇਰਵੇ ਅਨੁਸਾਰ ਕੋਵਿਡ-19 ਅਸੈਟਸ, ਸਟਾਫ ਤੇ ਮਾਨਸਿਕ ਸਿਹਤ ਪੇਸ਼ਕਦਮੀਆਂ ਵਿੱਚ ਸੁਧਾਰ ਕਰਨ ਲਈ 2 ਬਿਲੀਅਨ ਡਾਲਰ ਖਰਚ ਕੀਤਾ ਜਾਵੇਗਾ।

ਸਿੱਖਿਆ ਮੰਤਰੀ ਸਟੀਫਨ ਲਿਚੇ ਨੇ ਆਖਿਆ ਕਿ ਹੁਣ ਜਦੋਂ ਅਸੀਂ ਗਰਮੀਆਂ ਦੇ ਮਹੀਨੇ ਸ਼ੁਰੂ ਹੋ ਚੁੱਕੇ ਹਨ ਤੇ ਹੌਲੀ ਹੌਲੀ ਨਵੇਂ ਸਾਲ ਵਿੱਚ ਵੀ ਅੱਗੇ ਵੱਧ ਰਹੇ ਹਾਂ ਅਜਿਹੇ ਵਿੱਚ ਸਰਕਾਰ ਆਪਣੇ ਸਟਾਫ ਅਤੇ ਵਿਦਿਆਰਥੀਆਂ ਦੀ ਹਿਫਾਜ਼ਤ ਕਰਨ ਲਈ ਵਚਨਬੱਧ ਹੈ। ਲਿਚੇ ਨੇ ਆਖਿਆ ਕਿ ਸਰਕਾਰ ਇੱਕ ਸਾਲ ਲਈ ਹੋਰ ਆਰਜ਼ੀ ਤੌਰ ਉੱਤੇ ਕੋਵਿਡ-19 ਮਦਦ ਦੇਵੇਗੀ ਜੋ ਕਿ 1.6 ਬਿਲੀਅਨ ਡਾਲਰ ਦੀ ਹੋਵੇਗੀ।

ਉਨ੍ਹਾਂ ਇਹ ਵੀ ਆਖਿਆ ਕਿ ਓਨਟਾਰੀਓ ਭਰ ਦੇ ਸਕੂਲ ਬੋਰਡਜ਼ ਨੂੰ 2021-22 ਸਕੂਲ ਵਰ੍ਹੇ ਲਈ ਵਿਦਿਆਰਥੀਆਂ ਤੇ ਸਟਾਫ ਨੂੰ ਵਰਚੂਅਲ ਲਰਨਿੰਗ ਲਾਜ਼ਮੀ ਕਰਨ ਲਈ ਆਖਿਆ ਜਾਵੇਗਾ। ਕੁੱਝ



ਪ੍ਰੋਵਿੰਸ਼ੀਅਲ ਸਕੂਲ ਬੋਰਡਜ਼, ਜਿਨ੍ਹਾਂ ਵਿੱਚ ਦਰਹਾਮ ਡਿਸਟ੍ਰਿਕਟ ਸਕੂਲ ਬੋਰਡ ਤੇ ਵਾਟਰਲੂ ਰੀਜਨ ਡਿਸਟ੍ਰਿਕਟ ਸਕੂਲ ਬੋਰਡ ਸ਼ਾਮਲ ਹਨ, ਵੱਲੋਂ ਅਗਲੇ ਸਾਲ ਰਿਮੋਟ ਤੇ ਵਰਚੂਅਲ ਲਰਨਿੰਗ ਦੀ ਯੋਜਨਾ ਦਾ ਖੁਲਾਸਾ ਪਹਿਲਾਂ ਹੀ ਕੀਤਾ ਜਾ ਚੁੱਕਿਆ ਹੈ।

ਪ੍ਰੋਵਿੰਸ ਦਾ ਕਹਿਣਾ ਹੈ ਕਿ ਵਰਚੂਅਲ ਲਰਨਿੰਗ ਵਾਲਾ ਬਦਲ ਪਹਿਲਾਂ ਹੀ ਮੌਜੂਦ ਹੈ ਤੇ ਆਉਣ ਵਾਲੇ ਮਹੀਨਿਆਂ ਵਿੱਚ ਮਾਪਿਆਂ ਨੂੰ ਇਸ ਬਾਰੇ ਹੋਰ ਜਾਣਕਾਰੀ ਦਿੱਤੀ ਜਾਵੇਗੀ। ਲਿਚੇ ਨੇ ਇਹ ਵੀ ਆਖਿਆ ਕਿ ਓਨਟਾਰੀਓ ਦੇ ਇਤਿਹਾਸ ਵਿੱਚ ਸਾਡੀ ਸਰਕਾਰ ਹੀ ਅਜਿਹੀ ਹੈ ਜਿਸ ਵੱਲੋਂ ਕਿਸੇ ਵੀ ਸਰਕਾਰ ਨਾਲੋਂ ਜ਼ਿਆਦਾ ਪਬਲਿਕ ਐਜੂਕੇਸ਼ਨ ਵਿੱਚ ਨਿਵੇਸ਼ ਕੀਤਾ ਜਾ ਰਿਹਾ ਹੈ। ਉਨ੍ਹਾਂ ਆਖਿਆ ਕਿ ਨਵੀਂ ਫੰਡਿੰਗ ਵਿੱਚ 29.4 ਮਿਲੀਅਨ ਡਾਲਰ ਵੈਂਟੀਲੇਸ਼ਨ ਸਿਸਟਮਜ਼, 20 ਮਿਲੀਅਨ ਡਾਲਰ ਲਰਨਿੰਗ ਰਿਕਵਰੀ ਤੇ ਮੁੜ ਨੰਵਿਆਉਣ, 383.6 ਮਿਲੀਅਨ ਸਟਾਫਿੰਗ ਲਈ ਤੇ ਦੋ ਸਾਲਾਂ ਦੇ ਅਰਸੇ ਦੌਰਾਨ ਰਿਮੋਟ ਲਰਨਿੰਗ ਲਈ 40•0 ਮਿਲੀਅਨ ਡਾਲਰ ਰੱਖੇ ਜਾਣਗੇ।

ਲਿਚੇ ਨੇ ਆਖਿਆ ਕਿ ਬਜਟ ਦਾ ਵੱਡਾ ਹਿੱਸਾ ਪਰਸਨਲ ਪ੍ਰੋਟੈਕਟਿਵ ਇਕਿਉਪਮੈਂਟ (ਪੀਪੀਈ) ਉੱਤੇ ਖਰਚਿਆ ਜਾਵੇਗਾ ਜੋ ਕਿ 450 ਮਿਲੀਅਨ ਡਾਲਰ ਹੋਵੇਗਾ।

ਜਿਨ੍ਹਾਂ ਹੋਰ ਥਾਂਵਾਂ ਉੱਤੇ ਨਿਵੇਸ਼ ਕੀਤਾ ਜਾਵੇਗਾ :

- ਪਬਲਿਕ ਹੈਲਥ ਯੂਨਿਟਸ ਤੇ ਏਸਿੰਪਟੋਮੈਟਿਕ ਟੈਸਟਿੰਗ ਵਿੱਚ ਪਬਲਿਕ ਹੈਲਥ ਨਰਸਾਂ ਲਈ 86 ਮਿਲੀਅਨ ਡਾਲਰ
- ਟਰਾਂਸਪੋਰਟੇਸ਼ਨ ਲਈ 65.5 ਮਿਲੀਅਨ ਡਾਲਰ
- ਸਪੈਸ਼ਲ ਐਜੂਕੇਸ਼ਨ, ਮੈਂਟਲ ਹੈਲਥ ਤੇ ਵੈੱਲ ਬੀਂਗ ਲਈ 59 ਮਿਲੀਅਨ ਡਾਲਰ
- ਟੈਕਨਾਲੋਜੀ ਲਈ 15 ਮਿਲੀਅਨ ਡਾਲਰ
- ਵਿਦਿਆਰਥੀਆਂ ਦੇ ਰੀਐਂਗੇਜਮੈਂਟ ਪਲੈਨਜ਼, ਜਿਨ੍ਹਾਂ ਵਿੱਚ ਬਲੈਕ ਵਿਦਿਆਰਥੀਆਂ, ਮੂਲਵਾਸੀ ਵਿਦਿਆਰਥੀਆਂ ਤੇ ਘੱਟ ਆਮਦਨ ਵਾਲੇ ਘਰਾਂ ਦੇ ਵਿਦਿਆਰਥੀਆਂ- ਜਿਨ੍ਹਾਂ ਉੱਤੇ ਕੋਵਿਡ-19 ਨੇ ਬੜੀ ਬੇਤਰਤੀਬੀ ਮਾਰ ਮਾਰੀ ਹੈ, ਦੀ ਮਦਦ ਲਈ ਸਕੂਲ ਬੋਰਡਜ਼ ਨੂੰ 20 ਮਿਲੀਅਨ ਡਾਲਰ ਦਿੱਤੇ ਜਾਣਗੇ।

Century 21
President Realty Inc
Brokerage*
Independently Owned and Operated.



Jagdish Grewal
Sales Repersentative

Call Now: (416)-970-5005

Brampton
$849,900



Missisauga Rd/Wanless Drive

3 +1 ਬੈੱਡਰੂਮ,2 storey,End unit Townhouse ਸਿਰਫ 3 ਸਾਲ ਪੁਰਾਣਾ,1821sq.Ft!, 9 Ft ceilings, ਹਾਰਡਵੁਡ ਫਲੋਰ,ਅਪਗ੍ਰੇਡ ਕਿਚਨ ਅਤੇ quartz counters Mt.Pleasant Go Station ਦੇ ਨੇੜੇ!

Brampton
$859,900



Bramalea And Avondale

3 +1 ਬੈੱਡਰੂਮ, Semi-Detached, high demand area,upgraded ਬੈਡਰੂਮ ਵਾਲਾ ਸ਼ਾਨਦਾਰ ਲੇਆਉਟ ਘਰ ਹੋਰ ਬਹੁਤ ਸਾਰੀਆਂ ਸਹੂਲਤਾਂ!

Brampton
$1,149,900



Torbram/Williams Parkway

4 +2 ਬੈੱਡਰੂਮ, 2-storey, Detached, 2 ਬੈਡਰੂਮ ਬੇਸਮੈਂਟ,ਫਾਇਰਪਲੇਸ ਵਾਲਾ ਫੈਮਿਲੀ ਰੂਮ ,ਹਰਡਵੁੱਡ ਮੇਨ ਫਲੋਰ , ਕਿਚਨ ਅਤੇ ਵਾਸ਼ਰੂਮਜ਼ ਵਿਚ ਕਵਾਰਟਜ਼ ਕਾਉਂਟਰ ਟੌਪਸ!

Brampton
$3,485,999



Mcvean/Countryside

5 +1 ਬੈੱਡਰੂਮ,ਬਹੁਤ ਸਾਰੇ ਅਪਗ੍ਰੇਡ, Ceiling 10' 11' ,ਲੋਅਰ ਲੈਵਲ With Entertaining Room,ਨੈਨੀ, ਜਿੰਮ ਅਤੇ ਖੁੱਲੀ ਸਟੋਰੇਜ!

Oakville
$999,990



Dundas & Eigth Line

3 ਬੈੱਡਰੂਮ,3 storey,End unit Townhouse,1975 Sq, ਅਪਗ੍ਰੇਡ ਕਿਚਨ ਅਤੇ quartz counters!

Brampton
$599,900



Vodden/Kennedy

3 ਬੈੱਡਰੂਮ,Perfect Starter Home! ਬੱਸ ਸਰਵਿਸ, ਸਕੂਲ, ਪਾਰਕ ਅਤੇ Hwy 410 ਦੇ ਨੇੜੇ!

(416) 970-5005 www.vipcondonetwork.com

80 Maritime Ontario Blvd #246 Brampton, ON L6S 0E7 Call: 905-488-2100 Fax : 905-488-2101

NEED A LAWYER ??
Red Seal NOTARY
KAUR LAW OFFICE



MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
- Skilled Worker Category
- Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

REXDALE BODY SHOP
USED CAR SALE



CHEEMA
LOWEST PRICE IN TOWN
Towing Service Car Paint Starts $799*upto 100% Deductible Paid*

Specialization In:
★ All Kinds of Body Work
★ Auto Glass Windshield
★ Denting, Painting & Welding
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

SPECIAL PAINT JOB $779
RENTAL CAR PROVIDED



25 years of Canadian Experience
OPEN MON - SAT 9AM TO 7PM

Call Rick or Manminder Cheema: 416.749.9596 /416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

## ਅੱਜ ਨਾਮਾ

ਸੋਨੀਆ ਸੁਣੀ ਕਿ ਕਰੇਗੀ ਫੇਰ ਮੀਟਿੰਗ,
ਕੋਰੋਨਾ ਸੰਕਟ ਲਈ ਹੋਊ ਵਿਚਾਰ ਬੇਲੀ।
ਕਿਹੜੇ ਰਾਜ ਨੂੰ ਮਿਲੀ ਨਾ ਆਕਸੀਜਨ,
ਖੁੜ ਤਾਂਏਸੇ ਦੀ ਰਹੀ ਆ ਮਾਰ ਬੇਲੀ।
ਦਾਗਿਆ ਜਾਊਗਾ ਫੇਰ ਬਿਆਨ ਤਕੜਾ,
ਨਿਕੰਮੀ ਬੜੀ ਆ ਮੋਦੀ ਸਰਕਾਰ ਬੇਲੀ।
ਓਧਰ ਮੋਦੀ ਦੀ ਟੀਮ ਵੀ ਸੁਣੀਦੀ ਆ,
ਮੋੜਵੇਂ ਹਮਲੇ ਨੂੰ ਖੜੀ ਤਿਆਰ ਬੇਲੀ।
ਮਗਰੋਂ ਮੋਦੀ ਵੀ ਮਸ਼ਕਰੀ ਕਰੂਗਾ ਈ,
ਸੁਰਲੀ ਜਿਹਾ ਵੀ ਦੇਊ ਬਿਆਨ ਬੇਲੀ।
ਮੁੱਦਾ ਮੂਲ ਨਾ ਲੋਕਾਂ ਨੂੰ ਯਾਦ ਆਉਣਾ,
ਰਹੂਗਾ ਸੁਰਲੀਆਂ ਵੱਲ ਧਿਆਨ ਬੇਲੀ।

**ਤੀਸ ਮਾਰ ਖਾਂ**

# 12 ਤੇ ਇਸ ਤੋਂ ਵੱਧ ਉਮਰ ਦੇ ਬੱਚਿਆਂ ਨੂੰ ਦਿੱਤੀ ਜਾ ਸਕੇਗੀ ਫਾਈਜ਼ਰ ਵੈਕਸੀਨ : ਹੈਲਥ ਕੈਨੇਡਾ

ਓਟਵਾ, 6 ਮਈ (ਪੋਸਟ ਬਿਊਰੋ) : ਹੈਲਥ ਕੈਨੇਡਾ ਦਾ ਕਹਿਣਾ ਹੈ ਕਿ ਫਾਈਜ਼ਰ-ਬਾਇਓਐਨਟੈਕ ਕੋਵਿਡ-19 ਵੈਕਸੀਨ ਹੁਣ 12 ਸਾਲ ਤੇ ਇਸ ਤੋਂ ਵੱਧ ਉਮਰ ਦੇ ਬੱਚਿਆਂ ਨੂੰ ਦਿੱਤੀ ਜਾ ਸਕਦੀ ਹੈ।ਅਜਿਹਾ ਕਰਨਾ ਬਿਲਕੁਲ ਸੁਰੱਖਿਅਤ ਹੈ।

ਫੈਡਰਲ ਹੈਲਥ ਏਜੰਸੀ ਵੱਲੋਂ ਇਹ ਐਲਾਨ ਕੀਤਾ ਗਿਆ ਹੈ ਕਿ ਉਨ੍ਹਾਂ ਵੱਲੋਂ 12 ਤੋਂ 15 ਸਾਲ ਉਮਰ ਵਰਗ ਦੇ ਬੱਚਿਆਂ ਨੂੰ ਵੈਕਸੀਨ ਲਾਏ ਜਾਣ ਦੀ ਇਜਾਜ਼ਤ ਦੇ ਦਿੱਤੀ ਗਈ ਹੈ। ਇਸ ਤੋਂ ਪਹਿਲਾਂ 16 ਤੇ ਇਸ ਤੋਂ ਵੱਧ ਉਮਰ ਦੇ ਲੋਕਾਂ ਨੂੰ ਇਹ ਵੈਕਸੀਨ ਦੇਣ ਦੀ ਇਜਾਜ਼ਤ ਦਿੱਤੀ ਗਈ ਸੀ।ਕੈਨੇਡਾ ਐਨੇ ਨਿੱਕੇ ਬੱਚਿਆਂ ਨੂੰ ਕੋਵਿਡ-19 ਵੈਕਸੀਨ ਦੇ ਸ਼ੌਟਸ ਲਾਉਣ ਦੀ ਖੁੱਲ੍ਹ ਦੇਣ ਵਾਲਾ ਪਹਿਲਾ ਦੇਸ਼ ਬਣ ਗਿਆ ਹੈ।




ਹੈਲਥ ਕੈਨੇਡਾ ਦੀ ਚੀਫ ਮੈਡੀਕਲ ਐਡਵਾਈਜ਼ਰ ਡਾ. ਸੁਪਰੀਆ ਸ਼ਰਮਾ ਨੇ ਆਖਿਆ ਕਿ ਇਸ ਸਬੰਧ ਵਿੱਚ ਸਬੂਤਾਂ ਦਾ ਮੁਕੰਮਲ ਤੇ ਆਜ਼ਾਦਾਨਾ ਸਾਇੰਟਿਫਿਕ ਮੁਲਾਂਕਣ ਕਰਨ ਤੋਂ ਬਾਅਦ ਹੀ ਡਿਪਾਰਟਮੈਂਟ ਨੇ ਇਹ ਪਾਇਆ ਕਿ ਇਹ ਵੈਕਸੀਨ ਸੇਫ ਤੇ ਪ੍ਰਭਾਵਸ਼ਾਲੀ ਹੈ।ਇਸ ਨੂੰ ਨਿੱਕੀ ਉਮਰ ਦੇ ਬੱਚਿਆਂ ਉੱਤੇ ਵੀ ਵਰਤਿਆ ਜਾ ਸਕਦਾ ਹੈ।ਹੈਲਥ ਕੈਨੇਡਾ ਦਾ ਇਹ ਵੀ ਆਖਣਾ ਹੈ ਕਿ 12 ਸਾਲ ਤੇ ਇਸ ਤੋਂ ਵੱਧ ਉਮਰ ਵਰਗ ਦੇ ਲੋਕਾਂ ਨੂੰ ਬਾਲਗਾਂ ਜਿੰਨੀ ਡੋਜ਼ ਹੀ ਦਿੱਤੀ ਜਾਵੇਗੀ। ਇਹ ਫੈਸਲਾ ਫਾਈਜ਼ਰ-ਬਾਇਓਐਨਟੈਕ ਵੱਲੋਂ 12 ਤੋਂ 15 ਸਾਲ ਉਮਰ ਵਰਗ ਦੇ 2,260 ਕਿਸ਼ੋਰਾਂ ਉੱਤੇ ਕੀਤੇ ਗਏ ਫੇਜ਼ 3 ਦੇ ਕਲੀਨਿਕਲ ਟ੍ਰਾਇਲ ਦੇ ਨਤੀਜਿਆਂ ਉੱਤੇ ਆਧਾਰਿਤ ਹੈ।

# ਕੋਰੋਨਾ ਦੀ ਤੀਜੀ ਲਹਿਰ ਦੇ ਖਤਰੇ ਦੌਰਾਨ ਮੋਦੀ ਵੱਲੋਂ ਮੰਤਰੀਆਂ ਨਾਲ ਵਿਸ਼ੇਸ਼ ਵਿਚਾਰਾਂ

*** ਕਈ ਰਾਜਾਂ ਦੇ ਮੁੱਖ ਮੰਤਰੀਆਂ ਨਾਲ ਵੀ ਸਥਿਤੀ ਬਾਰੇ ਚਰਚਾ**

ਨਵੀਂ ਦਿੱਲੀ, 6 ਮਈ, (ਪੋਸਟ ਬਿਊਰੋ)- ਭਾਰਤ ਵਿੱਚ ਕੋਰੋਨਾ ਵਾਇਰਸ ਦੀ ਦੂਸਰੀ ਲਹਿਰ ਅਜੇ ਕਾਬੂ ਵਿੱਚ ਨਹੀਂ ਆ ਸਕੀ ਕਿ ਵਾਇਰਾਲੋਜੀ ਦੇ ਮਾਹਿਰਾਂ ਨੇ ਤੀਸਰੀ ਲਹਿਰ ਦੀ ਚਿਤਾਵਨੀ ਜਾਰੀ ਕਰ ਦਿੱਤੀ ਹੈ। ਕੋਰੋਨਾ ਦੇ ਵਧਦੇ ਕਹਿਰ ਨੂੰ ਵੇਖਦੇ ਹੋਏ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਵੀਰਵਾਰ ਕੇਂਦਰੀ ਮੰਤਰੀਆਂ ਨਾਲ ਇੱਕ ਖਾਸ ਬੈਠਕ ਕਰ ਕੇ ਇਸ ਸਾਰੀ ਸਥਿਤੀ ਬਾਰੇ ਵਿਚਾਰ ਕੀਤੀ ਅਤੇ ਭਵਿੱਖ ਬਾਰੇ ਸੋਚਿਆ ਹੈ।

ਦੱਸਿਆ ਗਿਆ ਹੈ ਕਿ ਪ੍ਰਧਾਨ ਮੰਤਰੀ ਮੋਦੀ ਨੇ ਬੈਠਕ ਵਿੱਚ ਕੋਰੋਨਾਦੀ ਸਮੀਖਿਆ ਅਤੇ ਵੈਕਸੀਨ ਬਾਰੇ ਚਰਚਾ ਕੀਤੀ ਅਤੇ ਕੋਰੋਨਾ ਦੇ ਵਧਦੇ ਕੇਸਾਂਬਾਰੇ ਮੁਕੰਮਲ ਜਾਣਕਾਰੀ ਲਈ ਹੈ। ਇਸ ਦੌਰਾਨ ਪ੍ਰਧਾਨ ਮੰਤਰੀ ਮੋਦੀ ਨੇ ਨਿਰਦੇਸ਼ ਦਿੱਤਾ ਕਿ ਸਿਹਤ ਢਾਂਚੇ ਨੂੰ ਠੀਕ ਕਰਨ ਵਿੱਚ ਰਾਜ ਸਰਕਾਰਾਂ ਨੂੰ ਸਹਿਯੋਗ ਦਿਓ ਅਤੇ ਉਨ੍ਹਾਂ ਦਾ ਮਾਰਗਦਰਸ਼ਨ ਕੀਤਾ ਜਾਵੇ।ਇਸ ਦੇ ਨਾਲ ਹੀ ਪ੍ਰਧਾਨ ਮੰਤਰੀ ਮੋਦੀ ਨੇ ਕੋਵਿਡ-19 ਉੱਤੇ ਜਨਸਿਹਤ ਪ੍ਰਤੀਕਿਰਿਆ ਦੀ ਵਿਚਾਰ ਕੀਤੀ ਅਤੇ ਵੱਖ-ਵੱਖ ਰਾਜਾਂ ਦੇ ਵੱਖ-ਵੱਖ ਜ਼ਿਲਿਆਂ ਤੱਕ ਦੀ ਸਥਿਤੀ ਦਾ ਜਾਇਜ਼ਾ ਲਿਆ। ਕਿਆਸ ਲੱਗਦੇ ਹਨ ਕਿ ਦੇਸ਼ ਵਿੱਚਇਸ ਸਥਿਤੀ ਕਾਰਨ ਮੁਕੰਮਲ ਲਾਕਡਾਊਨ ਲਾਇਆ ਜਾ ਸਕਦਾ ਹੈ, ਪਰ ਇਸਬਾਰੇ ਅਜੇ ਕੇਂਦਰ ਸਰਕਾਰ ਵੱਲੋਂ ਬਾਕਾਇਦਾ ਬਿਆਨ ਨਹੀਂ ਆਇਆ, ਸਗੋਂ ਏਦਾਂ ਦੀ ਗੱਲ ਦਾ ਖੰਡਨ ਕੀਤਾ ਜਾ ਰਿਹਾ ਹੈ।

ਉਂਜ ਕੇਂਦਰ ਸਰਕਾਰ ਨੇ ਇੱਕ ਦਿਨ ਪਹਿਲਾਂ ਕਿਹਾ ਸੀ ਕਿ ਕੋਰੋਨਾ ਵਾਇਰਸ ਦੀ ਤੀਸਰੀ ਲਹਿਰ ਵੀ ਦਸਤਕ ਦੇ ਸਕਦੀ ਹੈ, ਪਰ ਇਸ ਦੀ



ਸਮਾਂ ਹੱਦ ਦਾ ਅਨੁਮਾਨ ਨਹੀਂ ਲਾਇਆ ਜਾ ਸਕਦਾ। ਸਿਹਤ ਮੰਤਰਾਲੇ ਨੇ ਕਿਹਾ ਕਿ ਦੇਸ਼ ਇਸ ਸਮੇਂ ਜਿਸ ਲੰਬੀ ਕੋਵਿਡ ਲਹਿਰ ਦਾ ਸਾਹਮਣਾ ਕਰ ਰਿਹਾ ਹੈ, ਉਸ ਦਾ ਪਹਿਲਾਂ ਅਨੁਮਾਨ ਨਹੀਂ ਸੀ ਲੱਗ ਸਕਦਾ।ਕੇਂਦਰ ਸਰਕਾਰ ਨੇ ਕਿਹਾ ਕਿ ਮਹਾਰਾਸ਼ਟਰ, ਕਰਨਾਟਕ, ਕੇਰਲ ਅਤੇ ਉੱਤਰ ਪ੍ਰਦੇਸ਼ ਸਮੇਤ 12 ਰਾਜਾਂ ਵਿੱਚ ਇਕ ਲੱਖ ਤੋਂ ਵੱਧ ਕੋਰੋਨਾ ਦੇ ਮਰੀਜ਼ ਇਲਾਜ ਅਧੀਨ ਹਨਅਤੇ ਕਰਨਾਟਕ, ਕੇਲਰ, ਤਾਮਿਲਨਾਡੂ, ਪੱਛਮੀ ਬੰਗਾਲ, ਰਾਜਸਥਾਨ ਤੇ ਬਿਹਾਰ ਉਨ੍ਹਾਂ ਰਾਜਾਂ ਵਿੱਚ ਸ਼ਾਮਲ ਹਨ, ਜਿਥੇ ਰੋਜ਼ਾਨਾਕੇਸਾਂ ਵਿੱਚ ਵਾਧਾ ਦਰ ਤੇਜ਼ ਦਿੱਸਦੀ ਹੈ।

ਇਸ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਤਾਜ਼ਾ ਹਾਲਾਤ ਬਾਰੇ ਕਈ ਰਾਜਾਂ ਦੇ ਮੁੱਖ ਮੰਤਰੀਆਂ ਨਾਲ ਵੀ ਅੱਜ ਵੀਰਵਾਰ ਨੂੰ ਚਰਚਾ ਕੀਤੀ ਹੈ ਅਤੇ ਕਿਆਫੇ ਲੱਗਦੇ ਹਨ ਕਿ ਕੀ ਫਿਰ ਭਾਰਤ ਵਿੱਚਮੁਕੰਮਲ ਲਾਕਡਾਊਨ ਲੱਗ ਸਕਦਾ ਹੈ? ਪ੍ਰਧਾਨ ਮੰਤਰੀ ਨੇ ਤੇਲੰਗਾਨਾ, ਆਂਧਰਾ ਪ੍ਰਦੇਸ਼, ਓਡਿਸ਼ਾ, ਝਾਰਖੰਡ ਦੇ ਮੁੱਖ ਮੰਤਰੀਆਂ ਦੇ ਨਾਲ ਪੁੱਡੂਚੇਰੀ ਅਤੇ ਜੰਮੂ-ਕਸ਼ਮੀਰ ਦੋਂਹ ਰਾਜਾਂ ਦੇ ਲੈਫਟੀਨੈਂਟ ਗਵਰਨਰਾਂ ਨਾਲ ਵੀ ਗੱਲਬਾਤ ਕੀਤੀ ਹੈ।

ਭਾਰਤ ਵਿੱਚ ਕੋਰੋਨਾ ਦੀ ਦੂਸਰੀ ਲਹਿਰ ਦੌਰਾਨ ਆਕਸੀਜਨ ਅਤੇ ਬੈੱਡਜ਼ ਦੀ ਘਾਟ ਬਣੀ ਹੋਈ ਹੈ ਅਤੇਇਸ ਦੇ ਕੇਸ ਲਗਾਤਾਰ ਵਧ ਰਹੇ ਹਨ। ਦੇਸ਼ ਵਿੱਚ ਮੁਕੰਮਲ ਲਾਕਡਾਊਨ ਦੀ ਚਰਚਾ ਦੌਰਾਨ ਕਈ ਰਾਜ ਪਹਿਲਾਂ ਹੀ ਲਾਕਡਾਊਨ, ਕਰਫੀਊ, ਨਾਈਟ ਕਰਫੀਊ, ਵੀਕੈਂਡ ਲਾਕਡਾਊਨ ਵਰਗੇ ਕਦਮ ਉਠਾ ਚੁੱਕੇ ਹਨ ਤੇ ਮਹਾਰਾਸ਼ਟਰ, ਕੇਰਲ, ਰਾਜਸਥਾਨ, ਕਰਨਾਟਕ, ਦਿੱਲੀ, ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼ ਆਦਿ ਰਾਜਾਂ ਵਿੱਚ ਪਾਬੰਦੀਆਂ ਲਾਗੂ ਹਨ।

## ਬੀ.ਸੀ. ਵਿਚ ਗ਼ੈਰ ਜ਼ਰੂਰੀ ਯਾਤਰਾ ਰੋਕਣ ਲਈ ਹੁਣ ਸੜਕਾਂ ਤੇ ਲੱਗਣਗੇ ਨਾਕੇ



ਸਰੀ, 6 ਮਈ (ਹਰਦਮ ਮਾਨ): ਬੀ.ਸੀ. ਵਿਚ ਆਪਣੇ ਜ਼ੋਨ ਤੋਂ ਬਾਹਰ ਗ਼ੈਰ-ਜ਼ਰੂਰੀ ਯਾਤਰਾ ਕਰਨ ਸਬੰਧੀ ਲਾਈਆਂ ਗਈਆਂ ਪਾਬੰਦੀਆਂ ਦੀ ਉਲੰਘਣਾ ਕਰਨ ਵਾਲੇ ਲੋਕਾਂ ਨੂੰ ਚੈੱਕ ਕਰਨ ਲਈ ਹੁਣ ਵੀਰਵਾਰ 6 ਮਈ ਤੋਂ ਆਰਸੀਐਮਪੀ ਵੱਲੋਂ 4 ਥਾਵਾਂ ਤੇ ਨਾਕੇ ਲਾਏ ਜਾਣਗੇ ਅਤੇ ਇਨ੍ਹਾਂ ਨਾਕਿਆਂ ਨੂੰ ਪਾਰ ਕਰਨ ਸਮੇਂ ਆਪਣੇ ਜ਼ੋਨ ਤੋਂ ਬਾਹਰ ਜਾਣ ਵਾਲੇ ਵਿਅਕਤੀ ਨੂੰ ਆਪਣਾ ਨਾਮ, ਡਰਾਈਵਰ ਲਾਇਸੈਂਸ, ਘਰ ਦਾ ਪਤਾ ਅਤੇ ਯਾਤਰਾ ਕਰਨ ਦਾ ਕਾਰਨ ਦੱਸਣ ਲਈ ਕਿਹਾ ਜਾ ਸਕਦਾ ਹੈ। ਇਨ੍ਹਾਂ ਨਾਕਿਆਂ ਤੇ ਤਾਇਨਾਤ ਪੁਲਿਸ ਅਫਸਰ ਦੇ ਨਿਰਦੇਸ਼ ਨਾ ਮੰਨਣ ਵਾਲੇ ਨੂੰ 230 ਡਾਲਰ ਜੁਰਮਾਨਾ ਹੋ ਸਕਦਾ ਹੈ ਅਤੇ ਜ਼ੋਨ ਤੋਂ ਬਾਹਰ ਯਾਤਰਾ ਕਰਨ ਵਾਲੇ ਨੂੰ 575 ਡਾਲਰ ਜੁਰਮਾਨਾ ਦੇਣਾ ਪੈ ਸਕਦਾ ਹੈ। ਬੀ.ਸੀ. ਆਰ.ਸੀ.ਐਮ.ਪੀ. ਵੱਲੋਂ ਜਾਰੀ ਕੀਤੀ ਜਾਣਕਾਰੀ ਅਨੁਸਾਰ ਇਹ ਨਾਕੇ ਹਾਈਵੇਅ 1 ਤੇ ਬੌਸਟਨ ਬਾਰ ਇਲਾਕੇ ਵਿਚ, ਹਾਈਵੇਅ 3 ਉਪਰ ਮੈਨਿੰਗ ਪਾਰਕ ਇਲਾਕੇ ਵਿਚ, ਹਾਈਵੇਅ 5 'ਤੇ ਓਲਡ ਟੌਲ ਬੂਥ ਏਰੀਆ ਅਤੇ ਹਾਈਵੇਅ 99 'ਤੇ ਲੀਲੋਏਟ ਏਰੀਆ ਲਾਏ ਜਾਣਗੇ।

# ਟੋਰਾਂਟੋ ਵੱਲੋਂ ਇਨ ਪਰਸਨ ਲਰਨਿੰਗ ਲਈ ਸਾਰੇ ਵਿੱਦਿਅਕ ਅਦਾਰੇ ਬੰਦ ਰੱਖਣ ਦੇ ਦਿੱਤੇ ਗਏ ਹੁਕਮ




ਟੋਰਾਂਟੋ, 6 ਮਈ (ਪੋਸਟ ਬਿਊਰੋ) : ਕੋਵਿਡ-19 ਦੇ ਪਸਾਰ ਨੂੰ ਰੋਕਣ ਲਈ ਟੋਰਾਂਟੋ ਵੱਲੋਂ ਸੈਕਸ਼ਨ 22 ਤਹਿਤ ਨਵੇਂ ਹੁਕਮ ਜਾਰੀ ਕੀਤੇ ਗਏ ਹਨ। ਇਨ੍ਹਾਂ ਹੁਕਮਾਂ ਤਹਿਤ ਇਨ ਪਰਸਨ ਲਰਨਿੰਗ ਲਈ ਸਾਰੀਆਂ ਵਿੱਦਿਅਕ ਸੰਸਥਾਵਾਂ ਨੂੰ ਬੰਦ ਰੱਖਣਾ ਯਕੀਨੀ ਬਣਾਏ ਜਾਣ ਦੀ ਹਦਾਇਤ ਦਿੱਤੀ ਗਈ ਹੈ।

ਵੀਰਵਾਰ ਸ਼ਾਮ ਨੂੰ ਜਾਰੀ ਕੀਤੇ ਗਏ ਇਹ ਹੁਕਮ 10 ਮਈ ਨੂੰ ਪ੍ਰਭਾਵੀ ਹੋਣਗੇ। ਨਿਊਜ਼ ਰਲੀਜ਼ ਅਨੁਸਾਰ ਇਹ ਹੁਕਮ ਪ੍ਰੋਵਿੰਸ਼ੀਅਲ ਲਾਕਡਾਊਨ ਰੈਗੂਲੇਸ਼ਨਜ਼ ਵਿੱਚ ਵਾਧਾ ਕਰਨਗੇ। ਇਸ ਤੋਂ ਪਹਿਲਾਂ ਐਜੂਕੇਸ਼ਨ ਐਕਟ ਤਹਿਤ ਸਕੂਲਾਂ ਵਿੱਚ ਇਨ ਕਲਾਸ ਲਰਨਿੰਗ ਬੰਦ ਕੀਤੀ ਗਈ ਸੀ। ਇਹ ਹੁਕਮ ਸਾਰੀਆਂ ਵਿੱਦਿਅਕ ਸੰਸਥਾਵਾਂ, ਜਿਨ੍ਹਾਂ ਵਿੱਚ ਇੰਡੀਪੈਂਡੈਂਟ ਸਕੂਲ ਵੀ ਸ਼ਾਮਲ ਹਨ, ਉੱਤੇ ਲਾਗੂ ਹੋਣਗੇ।

ਪ੍ਰੋਵਿੰਸ਼ੀਅਲ ਹੁਕਮਾਂ ਵਾਂਗ ਹੀ ਵਿਸ਼ੇਸ਼ ਲੋੜਾਂ ਵਾਲੇ ਵਿਦਿਆਰਥੀਆਂ ਦੀ ਇਨ ਪਰਸਨ ਲਰਨਿੰਗ ਤੇ ਚਾਈਲਡ ਕੇਅਰ ਲਈ ਵਿਸ਼ੇਸ਼ ਛੂਟ ਹੋਵੇਗੀ।ਇੱਕ ਵੱਖਰੇ ਦਸਤਾਵੇਜ਼ ਵਿੱਚ ਸਿਟੀ ਨੇ ਇਹ ਸਪਸ਼ਟ ਕੀਤਾ ਕਿ ਪ੍ਰੋਵਿੰਸ ਵੱਲੋਂ ਸਕੂਲ ਬੰਦ ਕਰਨ ਦੇ ਹੁਕਮ ਇਨ ਪਰਸਨ ਹਦਾਇਤਾਂ ਉੱਤੇ ਲਾਗੂ ਹੁੰਦੇ ਹਨ ਤੇ ਇਹ ਸਕੂਲ ਜਾਣ ਵਾਲੇ ਵਿਦਿਆਰਥੀਆਂ ਦੇ ਟੀਚਿੰਗ ਜਾਂ ਹੋਰ ਹਦਾਇਤਾਂ ਲਈ ਸਕੂਲ ਦੇ ਪ੍ਰੈਮਿਸਿਜ਼ ਵਿੱਚ ਦਾਖਲ ਹੋਣ ਉੱਤੇ ਰੋਕ ਨਹੀਂ ਲਾਉਂਦੇ।

ਇਨ੍ਹਾਂ ਹੁਕਮਾਂ ਦੀ ਅਦੂਲੀ ਕਰਨ ਵਾਲਿਆਂ ਨੂੰ 750 ਡਾਲਰ ਦੇ ਨਾਲ ਨਾਲ ਕੋਰਟ ਫੀਸ ਵੀ ਦੇਣੀ ਪੈ ਸਕਦੀ ਹੈ ਤੇ ਉਸ ਨੂੰ ਪ੍ਰੋਵਿੰਸ਼ੀਅਲ ਅਫੈਂਸਿਜ਼ ਐਕਟ ਤਹਿਤ ਚਾਰਜ ਵੀ ਕੀਤਾ ਜਾ ਸਕਦਾ ਹੈ। ਦੋਸ਼ੀ ਪਾਏ ਜਾਣ ਉੱਤੇ ਕਿਸੇ ਵੀ ਵਿਅਕਤੀ ਨੂੰ 5000 ਡਾਲਰ ਜੁਰਮਾਨਾ ਤੇ ਕਾਰਪੋਰੇਸ਼ਨਜ਼ ਨੂੰ ਦੋਸ਼ੀ ਪਾਏ ਜਾਣ ਉੱਤੇ 25,000 ਡਾਲਰ ਜੁਰਮਾਨਾ (ਰੋਜ਼ਾਨਾ) ਤੱਕ ਹੋ ਸਕਦਾ ਹੈ।

## ਹਾਂਗਕਾਂਗ ਵਿੱਚ ਬਾਗੀ ਨੇਤਾ ਵੌਂਗ ਨੂੰ ਭੀੜ ਇਕੱਠੀ ਕਰਨ ਦੇ ਕੇਸ ਵਿਚ 10 ਮਹੀਨੇ ਕੈਦ

ਹਾਂਗਕਾਂਗ, 6 ਮਈ, (ਪੋਸਟ ਬਿਊਰੋ)- ਹਾਂਗਕਾਂਗ ਵਿੱਚ ਲੋਕਤੰਤਰ ਸਮੱਰਥਕਾਂ ਦੇ ਨੇਤਾ ਜੋਸ਼ੂਆ ਵੌਂਗ ਨੂੰ ਇਕ ਹੋਰ ਕੇਸ ਵਿਚ 10 ਮਹੀਨੇ ਜੇਲ੍ਹ ਵਿਚ ਰਹਿਣਾ ਪਵੇਗਾ। ਉਨ੍ਹਾਂ ਨੂੰ ਚੀਨ ਵਿਚ 1989 ਵਿੱਚ ਹੋਏ ਤਿਨਾਨਮਿਨ ਚੌਕ ਕਤਲੇਆਮ ਦੀ ਬਰਸੀ ਉੱਤੇ ਹਾਂਗਕਾਂਗ ਵਿਚ ਭੀੜ ਇਕੱਠੀ ਕਰਨ ਦੇ ਕੇਸ ਵਿਚ ਸਜ਼ਾ ਸੁਣਾਈ ਗਈ ਹੈ।

ਵਰਨਣ ਯੋਗ ਹੈ ਕਿ ਤਿਨਾਨਮਿਨ ਚੌਕ ਕਤਲੇਆਮ ਦੀ ਬਰਸੀ ਮਨਾਉਣ ਦੀ ਜਾਣਕਾਰੀ ਮਿਲਦੇ ਸਾਰ ਹੀ ਚੀਨ ਦੇ ਕੰਟਰੋਲ ਵਾਲੇ ਪ੍ਰਸ਼ਾਸਨ ਨੇ ਇਸ ਉੱਤੇ ਕੋਰੋਨਾ ਮਹਾਮਾਰੀ ਦੀ ਆੜ ਲੈ ਕੇ ਰੋਕ ਲਾ ਦਿੱਤੀ ਸੀ, ਪਰ ਰੋਕ ਦੇ ਬਾਵਜੂਦ ਹਜ਼ਾਰਾਂ ਲੋਕ ਇਕੱਠੇ ਹੋਏ ਅਤੇ ਚੀਨ ਖ਼ਿਲਾਫ਼ ਜ਼ਬਰਦਸਤ ਰੋਸ ਪ੍ਰਗਟ ਕੀਤਾ ਸੀ। ਇਸਵਿਚ ਮੁੱਖਤੌਰ ਉੱਤੇ ਲੋਕਤੰਤਰ ਸਮੱਰਥਕ ਨੇਤਾ ਜੋਸ਼ੂਆ ਵੌਂਗ ਨੂੰ ਨਾਮਜ਼ਦ ਕੀਤਾ ਗਿਆ ਸੀ। ਅਦਾਲਤ ਨੇ ਉਨ੍ਹਾਂ ਨੂੰ ਇਸ ਪ੍ਰਦਰਸ਼ਨ ਵਿਚ ਭੀੜ ਇਕੱਠੀ ਕਰਨ ਦੇ ਦੋਸ਼ ਵਿਚ 10 ਮਹੀਨੇ ਦੀ ਸਜ਼ਾ ਸੁਣਾਈ ਹੈ। 25 ਸਾਲਾ ਵੌਂਗ ਪਹਿਲਾਂ ਹੀ ਲੋਕਤੰਤਰ ਸਮਰਥਕਾਂ ਦੇ ਪ੍ਰਦਰਸ਼ਨ ਦੇ ਸਬੰਧ ਵਿਚ 47 ਲੋਕਾਂ ਨਾਲ ਸਜ਼ਾ ਭੁਗਤ ਰਹੇ ਹਨ। ਉਨ੍ਹਾਂ ਤੋਂ ਇਲਾਵਾ ਲੇਸਟਰ ਸ਼ੁਮ, ਜੇਨੇਲੇ ਲਿਊਂਗ ਅਤੇ ਟਿਫਨੀ ਯੁਆਨ ਨੂੰ ਵੀ ਚਾਰ ਤੋਂ ਛੇ ਮਹੀਨਿਆਂ ਤਕ ਦੀ ਸਜ਼ਾ ਸੁਣਾਈ ਗਈ ਹੈ।

# ਟੀਚਰਜ਼ ਯੂਨੀਅਨਾਂ ਉੱਤੇ ਹਮਲਾ ਕਰਨ ਵਾਲੇ ਇਸ਼ਤਿਹਾਰ ਛਪਵਾਉਣ ਦੀ ਜਾਂਚ ਕਰ ਰਹੀ ਹੈ ਆਰਸੀਐਮਪੀ

ਓਨਟਾਰੀਓ, 6 ਮਈ (ਪੋਸਟ ਬਿਊਰੋ) : ਆਰਸੀਐਮਪੀ ਵੱਲੋਂ ਓਨਟਾਰੀਓ ਦੇ ਅਜਿਹੇ ਗਰੁੱਪ ਦੀ ਜਾਂਚ ਕੀਤੀ ਜਾ ਰਹੀ ਹੈ ਜਿਹੜਾ ਅਖਬਾਰਾਂ ਵਿੱਚ ਇਸ਼ਤਿਹਾਰ ਦੇ ਕੇ ਟੀਚਰਜ਼ ਯੂਨੀਅਨਾਂ ਦੀ ਨਿਖੇਧੀ ਕਰ ਰਿਹਾ ਹੈ। ਪ੍ਰੋਵਿੰਸ਼ੀਅਲ ਇਲੈਕਸ਼ਨਜ਼ ਵਾਚਡੌਗ ਵੱਲੋਂ ਇਸ ਨੂੰ ਵਿੱਤੀ ਨਿਯਮਾਂ ਦੀ ਉਲੰਘਣਾ ਕਰਦਿਆਂ ਵੀ ਪਾਇਆ ਗਿਆ।

ਪੁਲਿਸ ਨੇ ਦੱਸਿਆ ਕਿ ਉਹ ਇਸ ਮਾਮਲੇ ਦੀ ਜਾਂਚ ਕਰ ਰਹੇ ਹਨ ਪਰ ਉਨ੍ਹਾਂ ਹੋਰ ਜਾਣਕਾਰੀ ਦੇਣ ਤੋਂ ਇਨਕਾਰ ਕਰ ਦਿੱਤਾ ਕਿਉਂਕਿ ਇਸ ਮਾਮਲੇ ਦੀ ਜਾਂਚ ਅਜੇ ਚੱਲ ਰਹੀ ਹੈ। ਪਿਛਲੇ ਸਿਆਲਾਂ ਵਿੱਚ ਪੂਰੇ ਪੰਨੇ ਦੀ ਛਪੀ ਐਡਵਰਟੀਜ਼ਮੈਂਟ ਵਿੱਚ ਟੀਚਰਜ਼ ਯੂਨੀਅਨ ਦੇ ਆਗੂਆਂ ਉੱਤੇ ਦੋਸ਼ ਲਾਇਆ ਗਿਆ ਕਿ ਉਹ ਆਪਣੇ ਕਾਂਟਰੈਕਟ ਸਬੰਧੀ ਗੱਲਬਾਤ ਲਈ ਬੱਚਿਆਂ ਨੂੰ ਮੋਹਰਾ




ਬਣਾ ਕੇ ਵਰਤ ਰਹੇ ਹਨ ਦੇ ਇਸੇ ਕਰਕੇ ਰੋਟੇਸ਼ਨ ਵਿੱਚ ਹੜਤਾਲ ਚੱਲ ਰਹੀ ਹੈ।

ਇਲੈਕਸ਼ਨ ਓਨਟਾਰੀਓ ਤੋਂ ਪ੍ਰੋਵਿੰਸ਼ੀਅਲ ਐਨਡੀਪੀ ਨੇ ਪਿਛਲੇ ਸਾਲ ਇਨ੍ਹਾਂ ਇਸ਼ਤਿਹਾਰਾਂ ਦੀ ਜਾਂਚ ਕਰਨ ਦੀ ਮੰਗ ਕੀਤੀ। ਬਾਅਦ ਵਿੱਚ ਇਲੈਕਸ਼ਨਜ਼ ਵਾਚਡੌਗ ਨੂੰ ਪਤਾ ਲੱਗਿਆ ਕਿ ਇਨ੍ਹਾਂ ਇਸ਼ਤਿਹਾਰਾਂ ਪਿੱਛੇ ਵਾਅਨ ਵਰਕਿੰਗ ਫੈਮਿਲੀਜ਼ ਨਾਂ ਦਾ ਗਰੁੱਪ ਸੀ ਜਿਸਨੇ ਤੀਜੀ ਪਾਰਟੀ ਵਜੋਂ ਰਜਿਸਟਰ ਹੋਣ ਵਿੱਚ ਅਸਫਲ ਰਹਿਣ ਉੱਤੇ ਇਲੈਕਸ਼ਨ ਫਾਇਨਾਂਸਿਜ਼ ਐਕਟ ਵਿੱਚ ਦਖਲ ਦੇਣਾ ਸ਼ੁਰੂ ਕਰ ਦਿੱਤਾ ਸੀ।

ਐਨਡੀਪੀ ਦੇ ਐਥਿਕਸ ਕ੍ਰਿਟਿਕ ਤਾਰਸ ਨੇਤੀਸ਼ੈਕ ਨੇ ਇਲੈਕਸ਼ਨ ਓਨਟਾਰੀਓ ਕੋਲ ਇਹ ਤਰਕ ਰੱਖਿਆ ਕਿ ਇਨ੍ਹਾਂ ਇਸ਼ਤਿਹਾਰਾਂ ਵਿੱਚ ਖਰਚਿਆਂ ਸਬੰਧੀ ਨਿਯਮਾਂ ਦੀ ਉਲੰਘਣਾ ਹੋਈ ਹੈ ਕਿਉਂਕਿ ਇਹ ਉਸ ਸਮੇਂ ਛਪਵਾਈਆਂ ਗਈਆਂ ਜਦੋਂ ਦੋ ਜ਼ਿਮਨੀ ਚੋਣਾਂ ਹੋ ਰਹੀਆਂ ਸਨ। ਇਹ ਵੀ ਆਖਿਆ ਗਿਆ ਕਿ ਇਸ ਨਾਲ ਪ੍ਰੋਗਰੈਸਿਵ ਕੰਜ਼ਰਵੇਟਿਵ ਸਰਕਾਰ ਨੂੰ ਫਾਇਦਾ ਹੋਇਆ ਹੋ ਸਕਦਾ ਹੈ।

ਐਨਡੀਪੀ ਨੇ ਮੰਗਲਵਾਰ ਨੂੰ ਪ੍ਰੀਮੀਅਰ ਤੇ ਸਿੱਖਿਆ ਮੰਤਰੀ ਨੂੰ ਇਸ ਮਾਮਲੇ ਦੀ ਜਾਂਚ ਵਿੱਚ ਸ਼ਾਮਲ ਕਰਨ ਦੀ ਮੰਗ ਕੀਤੀ ਤੇ ਆਖਿਆ ਕਿ ਇਹ ਦੱਸਿਆ ਜਾਵੇ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਬਾਰੇ ਕੀ ਜਾਣਦੇ ਸਨ।












# ਸੰਪਾਦਕੀ

## ਬਿੱਲ ਸੀ-10- ਸੋਸ਼ਲ ਮੀਡੀਆ ਨੂੰ ਚੁਣੌਤੀ

ਨਵੰਬਰ 2020 ਵਿੱਚ ਕੈਨੇਡੀਅਨ ਹੈਰੀਟੇਜ ਮੰਤਰੀ ਸਟੀਵਨ ਗਿਲਬੋ (Steven Guilbeault) ਨੇ ਪਾਰਲੀਮੈਂਟ ਵਿੱਚ ਬਿੱਲ ਸੀ-10 ਪੇਸ਼ ਕੀਤਾ ਸੀ ਜੋ ਛੇ ਕੁ ਮਹੀਨਿਆਂ ਦੀ ਆਪਣੀਆਂ ਦੋ ਰੀਡਿੰਗਾਂ ਪੂਰੀਆਂ ਕਰਨ ਦੀ ਯਾਤਰਾ ਦੌਰਾਨ ਕਾਫੀ ਚਰਚਿਤ ਹੋ ਚੁੱਕਾ ਹੈ। ਮੂਲ ਰੂਪ ਵਿੱਚ ਇਸ ਬਿੱਲ ਦਾ ਮਨੋਰਥ ਕੈਨੇਡੀਅਨ ਬਰਾਡਕਾਸਟਿੰਗ ਐਕਟ ਵਿੱਚ ਸੋਧ ਕਰਕੇ Netflix, Spotify, Crave and Amazon Prime ਵਰਗੀਆਂ ਕੰਪਨੀਆਂ ਨੂੰ ਬਰਾਡਕਾਸਟਿੰਗ ਐਕਟ ਦੇ ਅਧਿਕਾਰ ਖੇਤਰ ਤਹਿਤ ਲਿਆ ਕੇ ਇਹਨਾਂ ਵੱਲੋਂ ਕੈਨੇਡੀਅਨ ਪਬਲਿਕ ਦੇ ਸਿਰ ਕੀਤੀ ਕਮਾਈ ਦਾ ਕੁੱਝ ਹਿੱਸਾ ਕੈਨੇਡੀਅਨ ਖਾਤੇ ਪਾਉਣ ਦਾ ਸੀ। ਵਰਨਣਯੋਗ ਹੈ ਕਿ ਰੌਜਰਜ਼, ਸ਼ਾਅ ਅਤੇ ਬੈਲ ਲਈ ਇਹ ਲਾਜ਼ਮੀ ਹੈ ਕਿ ਉਹ ਆਪਣੀ ਸਾਲਾਨਾ ਆਮਦਨ ਦਾ ਨੇਮਾਂ ਅਨੁਸਾਰ ਹਿੱਸਾ ਕੈਨੇਡੀਅਨ ਮੀਡੀਆ ਫੰਡ ਵਿੱਚ ਜਮ੍ਹਾ ਕਰਵਾਉਣ। ਕੈਨੇਡੀਅਨ ਮੀਡੀਆ ਫੰਡ ਉਹ ਅਦਾਰਾ ਹੈ ਜੋ 2009 ਵਿੱਚ ਸਟੀਫਨ ਹਾਰਪਰ ਕੰਜ਼ਰਵੇਟਿਵ ਸਰਕਾਰ ਨੇ ਕਾਇਮ ਕੀਤਾ ਸੀ ਜਿਸਦਾ ਮਨੋਰਥ ਮੀਡੀਆ ਲਈ ਕੈਨੇਡੀਅਨ ਸਮੱਗਰੀ (Canadian content) ਤਿਆਰ ਕਰਨ ਲਈ ਫੰਡ ਮੁਹਈਆ ਕਰਨਾ ਹੈ। ਬਾਹਰਲੇ ਮੁਲਕਾਂ ਦੀਆਂ ਖਾਸ ਕਰਕੇ ਅਮਰੀਕਾ ਦੀਆਂ ਵੱਡੀਆਂ ਕੰਪਨੀਆਂ ਇਸ ਯੋਗਦਾਨ ਤੋਂ ਬਚਾ ਕਰਦੀਆਂ ਰਹੀਆਂ ਹਨ।

ਸੋ ਜੋ ਬਿੱਲ ਇੱਕ ਅੱਛੇ ਉਦੇਸ਼ ਲਈ ਲਿਆਂਦਾ ਗਿਆ ਸੀ, ਉਸ ਵਿੱਚ ਕੁੱਝ ਅਜਿਹੀਆਂ ਮੱਦਾਂ ਸ਼ਾਮਲ ਕਰ ਦਿੱਤੀਆਂ ਗਈ ਜਿਹਨਾਂ ਨਾਲ ਬਿੱਲ ਵਿਵਾਦਗ੍ਰਸਤ ਬਣ ਗਿਆ ਹੈ। ਮਿਸਾਲ ਵਜੋਂ ਨਵੇਂ ਪ੍ਰਸਤਾਵਿਤ ਬਿੱਲ ਵਿੱਚ ਸ਼ਾਮਲ ਹੈ ਕਿ ਕਿਸੇ ਆਮ ਵਿਅਕਤੀ ਵੱਲੋਂ ਸ਼ੌਕ ਲਈ ਬਣਾ ਕੇ ਫੇਸ-ਬੁੱਕ, ਇਨਸਟਾਗਰਾਮ, ਯੂ-ਟਿਊਬ (YouTube) ਆਦਿ ਉੱਤੇ ਪਾਈ ਕਿਸੇ ਵੀਡੀਓ ਜਾਂ ਗੱਲਬਾਤ ਉੱਤੇ ਵੀ ਉੱਨੀ ਹੀ ਸਖ਼ਤੀ ਹੋ ਸਕਦੀ ਹੈ ਜਿੰਨੀ ਕਿ ਵੱਡੀਆਂ ਕੰਪਨੀਆਂ ਵੱਲੋਂ ਕੀਤੀ ਕਿਸੇ ਕੁਤਾਹੀ ਲਈ। ਆਲੋਚਕਾਂ ਦਾ ਆਖਣਾ ਹੈ ਕਿ ਇਸ ਨਾਲ ਜਿੱਥੇ ਆਮ ਕੈਨੇਡੀਅਨ ਦੇ ਖੁੱਲ ਕੇ ਗੱਲ ਕਰਨ ਦੇ ਅਧਿਕਾਰ ਉੱਤੇ ਕੰਟਰੋਲ ਹੋਵੇਗਾ, ਉੱਥੇ ਕੈਨੇਡੀਅਨ ਸੋਸ਼ਲ ਮੀਡੀਆ ਨਿਜ਼ਾਮ ਇੱਕ ਤਾਨਾਸ਼ਾਹੀ ਦੌਰ ਵਿੱਚ ਦਾਖ਼ਲ ਹੋ ਜਾਵੇਗਾ। ਸਮਝਿਆ ਜਾ ਰਿਹਾ ਹੈ ਕਿ ਇਸ ਬਿੱਲ ਦਾ ਮੁਲਾਂਕਣ ਕਰ ਰਹੀ ਪਾਰਲੀਮਾਨੀ ਕਮੇਟੀ ਨੇ ਨਿੱਜੀ ਸਮੱਗਰੀ ਬਾਬਤ ਕੁੱਝ ਅੰਸ਼ ਬੀਤੇ ਸ਼ੁੱਕਰਵਾਰ ਕੱਢ ਦਿੱਤੇ ਸੀ। ਇਹਨਾਂ ਮਾਮੂਲੀ ਕਟੌਤੀਆਂ ਦੇ ਬਾਵਜੂਦ ਅਸਿੱਧੇ ਰੂਪ ਵਿੱਚ ਹਾਲੇ ਵੀ ਆਮ ਕੈਨੇਡੀਅਨ ਨੂੰ ਇਸ ਕਾਨੂੰਨ ਦੇ ਸ਼ਿਕੰਜੇ ਦਾ ਖਤਰਾ ਹੈ। ਇਹ ਸ਼ਿਕੰਜਾ ਇੰਝ ਸੰਭਵ ਹੋਵੇਗਾ ਕਿ ਯੂਟਿਊਬ ਅਤੇ ਫੇਸਬੁੱਕ ਆਦਿ ਚਾਹੁਣਗੇ ਕਿ ਆਮ ਕੈਨੇਡੀਅਨ ਵੱਲੋਂ ਪਾਈ ਜਾਣ ਵਾਲੀ ਸਮੱਗਰੀ ਵੀ CTRC ਦੇ ਨੇਮਾਂ ਅਤੇ ਸ਼ਰਤਾਂ ਉੱਤੇ ਖਰਾ ਉੱਤਰੇ। ਸਮਝਿਆ ਜਾ ਰਿਹਾ ਹੈ ਕਿ ਨਵਾਂ ਬਿੱਲ ਸਮਾਰਟਫੋਨਾਂ ਉੱਤੇ ਵਰਤੋਂ ਹੋਣ ਵਾਲੀਆਂ ਐਪਾਂ (Apps) ਉੱਤੇ ਵੀ ਲਾਗੂ ਹੋਵੇਗਾ।

ਜਿੱਥੇ ਤੱਕ ਬਿੱਲ ਬਾਰੇ ਸਿਆਸੀ ਪਹੁੰਚ ਦੀ ਗੱਲ ਹੈ, ਐਨ ਡੀ ਪੀ ਲੀਡਰ ਜਗਮੀਤ ਸਿੰਘ ਨੇ ਲਿਬਰਲ ਪਾਰਟੀ ਵਰਗੀ ਸੁਰ ਅਪਣਾਈ ਹੋਈ ਹੈ ਜਿਸ ਤਹਿਤ ਉਹ ਕੁੱਝ ਸੋਧਾਂ ਦੀ ਸ਼ਰਤ ਉੱਤੇ ਇਸਦੀ ਹਮਾਇਤ ਕਰਨ ਦਾ ਐਲਾਨ ਕਰ ਚੁੱਕੇ ਹਨ। ਸੁਭਾਵਿਕ ਹੈ ਕਿ ਕੰਜ਼ਰਵੇਟਿਵ ਇਸਦਾ ਵਿਰੋਧ ਕਰ ਰਹੇ ਹਨ। ਜੇ ਸਿਆਸੀ ਉਧੇੜ ਬੁਣ ਨੂੰ ਇੱਕ ਪਾਸੇ ਕਰ ਦਈਏ ਤਾਂ ਕਾਨੂੰਨ ਦੇ ਜਾਣਕਾਰ ਇਸ ਬਿੱਲ ਦੀ ਨਾਂਹਪੱਖੀ ਮਾਰ ਤੋਂ ਸੁਚੇਤ ਹਨ। ਕਾਨੂੰਨੀ ਮਾਹਰਾਂ ਅਨੁਸਾਰ ਇਸ ਬਿੱਲ ਨੂੰ ਚਾਰਟਰ ਦੀ ਉਲੰਘਣਾ ਕਰਨ ਦੀ ਚੁਣੌਤੀ ਵੀ ਹੋ ਸਕਦੀ ਹੈ।

ਜੇ ਸਮੁੱਚਤਾ ਵਿੱਚ ਵੇਖਿਆ ਜਾਵੇ ਤਾਂ ਆਮ ਕੈਨੇਡੀਅਨ ਵੱਲੋਂ ਮਨੋਰੰਜਨ ਜਾਂ ਸਿਆਸੀ ਆਲੋਚਾਤਮਕ ਸਮਰੱਗੀ ਪਾਏ ਜਾਣ ਉੱਤੇ ਹੋਣ ਵਾਲੀ ਕਿਸੇ ਸਿੱਧੀ ਜਾਂ ਅੱਸਿਧੀ ਰੋਕ ਦਾ ਵਿਰੋਧ ਕੀਤਾ ਜਾਣਾ ਚਾਹੀਦਾ ਹੈ। ਐਪਰ ਜਦੋਂ ਗੱਲ ਬਿਆਨਬਾਜ਼ੀ ਦੀ ਖੁੱਲ ਦੇ ਨਾਮ ਉੱਤੇ ਇੰਟਰਨੈੱਟ ਉੱਤੇ ਨਫ਼ਰਤ ਜਾਂ ਝੂਠ ਫੈਲਾ ਕੇ ਸਮਾਜ ਦਾ ਨੁਕਸਾਨ ਕਰਨ ਦੀ ਆਉਂਦੀ ਹੈ ਤਾਂ ਇਸ ਬਿੱਲ ਵਿੱਚ ਸ਼ਾਮਲ ਅਜਿਹੀਆਂ ਮੱਦਾਂ ਦਾ ਸੁਆਗਤ ਕੀਤਾ ਜਾਣਾ ਬਣਦਾ ਹੈ। ਹੁਣ ਤੱਕ ਸਮੱਸਿਆ ਇਹ ਰਹੀ ਹੈ ਕਿ ਨਫ਼ਤਰ ਅਤੇ ਹਿੰਸਾ ਨੂੰ ਪ੍ਰੋਸਤਾਹਨ ਕਰਨ ਵਾਲੀ ਸਮੱਗਰੀ ਨੂੰ ਫੇਸਬੁੱਕ ਜਾਂ ਯੂਟਿਊਬ ਖੁਦ ਤਾਂ ਹਟਾ ਸਕਦੇ ਸਨ ਪਰ ਇਸਤੋਂ ਅੱਗੇ ਕੋਈ ਹੋਰ ਚਾਰਾਜੋਈ ਕਰਨਾ ਬਹੁਤ ਮੁਸ਼ਕਲ ਕੰਮ ਸੀ। ਅੱਜ ਦੇ ਇੰਟਰਨੈੱਟ ਦੇ ਬੇਇੰਤਹਾ ਪਸਾਰੇ ਦੇ ਜ਼ਮਾਨੇ ਵਿੱਚ ਜਿੱਥੇ ਹਰ ਨਾਗਰਿਕ ਨੂੰ ਖੁੱਲ ਦਿੱਤੇ ਜਾਣ ਦੀ ਲੋੜ ਹੈ, ਉੱਥੇ ਕਿਸੇ ਹੱਦ ਤੱਕ ਸੰਜਮ ਵੀ ਲਾਜ਼ਮੀ ਹੈ।

## ਈ ਆਈ ਨਾਲ ਲੈਸ ਮੈਟਰਨਿਟੀ ਲੀਵ ਦੇ ਰਾਹ ਵਿੱਚ ਆਉਣ ਵਾਲੇ ਅੜਿੱਕੇ ਖਤਮ ਕਰਨ ਲਈ ਵਿਰੋਧੀ ਧਿਰਾਂ ਨੇ ਲਿਬਰਲਾਂ ਉੱਤੇ ਪਾਇਆ ਦਬਾਅ

...ਪੰਨਾ 1 ਦਾ ਬਾਕੀ

ਉਹ ਉਸ ਸੂਰਤ ਵਿੱਚ ਵੀ ਗਰਭਵਤੀ ਮਾਂਵਾਂ ਨੂੰ ਫੁੱਲ ਇੰਪਲੌਇਮੈਂਟ ਇੰਸ਼ੋਰੈਂਸ ਪੇਰੈਂਟਲ ਲੀਵ ਲੈਣ ਲਈ ਯੋਗ ਕਰਾਰ ਦੇਣ ਜੇ ਉਹ ਇਸ ਸਮੇਂ ਫੈਡਰਲ ਅਨਇੰਪਲੌਇਮੈਂਟ ਏਡ ਲੈ ਰਹੀਆਂ ਹੋਣ। ਇਸ ਤਰ੍ਹਾਂ ਦੀ ਹੀ ਮੰਗ ਫੈਡਰਲ ਐਨਡੀਪੀ ਵੱਲੋਂ ਇੰਪਲੌਇਮੈਂਟ ਮੰਤਰੀ ਕਾਰਲਾ ਕੁਆਲਤਰੋ ਤੋਂ ਕੀਤੀ ਗਈ ਹੈ। ਇਸ ਵਿੱਚ ਆਖਿਆ ਗਿਆ ਹੈ ਕਿ ਇਸ ਸਮੇਂ ਬੇਰੋਜ਼ਗਾਰ ਮਾਂਵਾਂ ਦੇ ਇੰਪਲੌਇਮੈਂਟ ਇੰਸ਼ੋਰੈਂਸ ਲਈ ਯੋਗ ਹੋਣ ਦੇ ਮਾਪਦੰਡ ਬਹੁਤੇ ਕਾਰਗਰ ਨਹੀਂ ਹਨ।

ਇਸ ਸਮੇਂ ਵਰਕਰਜ਼ ਨੂੰ ਇੰਪਲੌਇਮੈਂਟ ਇੰਸ਼ੋਰੈਂਸ ਬੈਨੇਫਿਟਸ ਲਈ ਯੋਗ ਹੋਣ ਵਾਸਤੇ ਕੰਮ ਉੱਤੇ ਘੱਟ ਤੋਂ ਘੱਟ ਕੁੱਝ ਘੰਟੇ ਬਿਤਾਉਣ ਦੀ ਲੋੜ ਪੈਂਦੀ ਹੈ। ਜਦੋਂ ਕੋਈ ਨਵੀਂ ਮਾਂ, ਜਿਹੜੀ ਇੰਪਲੌਇਮੈਂਟ ਇੰਸ਼ੋਰੈਂਸ ਬੈਨੇਫਿਟਸ ਲੈ ਰਹੀ ਹੋਵੇ, ਬੱਚੇ ਨੂੰ ਜਨਮ ਦਿੰਦੀ ਹੈ ਤਾਂ ਉਨ੍ਹਾਂ ਨੂੰ ਨਵਾਂ ਇੰਪਲੌਇਮੈਂਟ ਇੰਸ਼ੋਰੈਂਸ ਕਲੇਮ ਫਾਈਲ ਕਰਨਾ ਪੈਂਦਾ ਹੈ। ਇਸ ਤੋਂ ਭਾਵ ਹੈ ਕਿ ਮਹਾਂਮਾਰੀ ਕਾਰਨ ਭਾਵੇਂ ਉਹ ਕੰਮ ਕਰਨ ਤੋਂ ਅਸਮਰੱਥ ਹੋਣ ਪਰ ਮੌਕੇ ਦੇ ਹਿਸਾਬ ਨਾਲ ਲੋੜ ਪੂਰੀ ਕਰਨੀ ਪੈਂਦੀ ਹੈ।

ਵਿਰੋਧੀ ਧਿਰਾਂ ਦੇ ਕ੍ਰਿਟਿਕਸ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਇਸ ਗੱਲ ਦੀ ਚਿੰਤਾ ਹੈ ਕਿ ਨਵੇਂ ਮਾਪਿਆਂ ਨੂੰ ਆਮਦਨ ਤੋਂ ਬਿਨਾਂ ਹੀ ਘਰ ਵਿੱਚ ਰਹਿਣ ਲਈ ਮਜਬੂਰ ਕੀਤਾ ਜਾ ਸਕਦਾ ਹੈ ਜਾਂ ਫਿਰ ਉਨ੍ਹਾਂ ਦੇ ਤਿਆਰ ਤੇ ਸਮਰੱਥ ਹੋਣ ਤੋਂ ਪਹਿਲਾਂ ਹੀ ਉਨ੍ਹਾਂ ਨੂੰ ਕੰਮ ਦੀ ਤਲਾਸ਼ ਲਈ ਮਜਬੂਰ ਕੀਤਾ ਜਾ ਸਕਦਾ ਹੈ।

## ਕੋਰੋਨਾ ਵਾਇਰਸ ਨੇ ਰੂਟ ਬਦਲਿਆ, ਨਵਾਂ ਰੂਪ ਤੰਦਰੁਸਤ ਲੋਕਾਂ ਲਈ ਵੀ ਖਤਰਨਾਕ

### * ਯੂਨੀਸੈਫ ਵੱਲੋਂ ਭਾਰਤ ਦੀ ਕੋਰੋਨਾ ਸਥਿਤੀ ਭਿਆਨਕ ਦੱਸ ਕੇ ਚੇਤਾਵਨੀ

ਚੰਡੀਗੜ੍ਹ, 6 ਮਈ, (ਪੋਸਟ ਬਿਊਰੋ)- ਦੁਨੀਆ ਭਰ ਨੂੰ ਭਾਜੜ ਪਾਉਣ ਵਾਲਾ ਕੋਰੋਨਾ ਵਾਇਰਸ ਅੱਗੋਂ ਹੋਰ ਖਤਰਨਾਕ ਰੂਪ ਧਾਰਨ ਕਰਦਾ ਜਾਪਦਾ ਹੈ ਅਤੇ ਇਸ ਉਨ੍ਹਾਂ ਲੋਕਾਂ ਨੂੰ ਵੀ ਨਿਗਲਣਾ ਸ਼ੁਰੂ ਕਰ ਦਿੱਤਾ ਹੈ, ਜਿਨ੍ਹਾਂ ਨੂੰ ਕੋਈ ਗੰਭੀਰ ਜਾਂ ਪੁਰਾਣੀ ਬਿਮਾਰੀ ਨਹੀਂ ਸੀ। ਪੰਜਾਬ ਦੇ ਸਿਹਤ ਵਿਭਾਗ ਦੇ ਕੋਵਿਡ ਨੋਡਲ ਅਫ਼ਸਰ ਡਾਕਟਰ ਰਾਜੇਸ਼ ਭਾਸਕਰ ਮੁਤਾਬਕ ਤਾਜ਼ਾ ਸਟੱਡੀ ਮੁਤਾਬਕ ਅਜਿਹੇ 17 ਫੀਸਦੀ ਕੋਰੋਨਾ ਪੀੜਤ ਲੋਕਾਂ ਦੀ ਮੌਤ ਸਿਰਫ਼ ਕੋਰੋਨਾ ਕਾਰਨ ਹੁੰਦੀ ਹੈ ਜਿਹੜੇ ਇਸਤੋਂ ਪਹਿਲਾਂ ਬਿਲਕੁਲ ਤੰਦਰੁਸਤ ਸਨ ਤੇ ਕੋਈ ਵੀ ਹੋਰ ਬਿਮਾਰੀ ਨਹੀਂ ਸੀ।

ਵਰਨਣ ਯੋਗ ਹੈ ਕਿ ਇਸ ਤੋਂ ਪਹਿਲਾਂ ਸਰਕਾਰਾਂ ਤੇ ਸਿਹਤ ਵਿਭਾਗ ਵੱਲੋਂ ਲਗਾਤਾਰ ਦਾਅਵੇ ਕੀਤੇ ਜਾਂਦੇ ਸਨ ਕਿ ਜਿਨ੍ਹਾਂ ਲੋਕਾਂ ਦੀ ਮੌਤਾਂ ਹੁੰਦੀ ਹੈ, ਉਹ ਸਿਰਫ ਕੋਰੋਨਾ ਵਾਇਰਸ ਕਾਰਨ ਨਹੀਂ, ਪਹਿਲੀਆਂ ਹੋਰ ਬਿਮਾਰੀਆਂ ਹੋਣ ਕਰ ਕੇ ਮਰ ਰਹੇ ਹਨ।ਇਸ ਕਾਰਨ ਕਈ ਲੋਕ ਇਹ ਸੋਚ ਕੇ ਬੇਫਿਕਰ ਸਨ ਕਿ ਅਸੀਂ ਤੰਦਰੁਸਤ ਹਾਂ, ਸਾਨੂੰ ਖਾਸ ਡਰਨ ਦੀ ਲੋੜ ਨਹੀਂ, ਜੇ ਲਾਗ ਲੱਗੀ ਵੀ ਤਾਂ ਅਸਾਨੀ ਨਾਲ ਠੀਕ ਹੋ ਜਾਵਾਂਗੇ, ਪਰ ਨਵੀਂ ਜਾਣਕਾਰੀ ਪਿੱਛੋਂ ਹਰ ਇੱਕ ਨੂੰ ਸੁਚੇਤ ਹੋਣਾ ਪਏਗਾ ਕਿ ਵਾਇਰਸ ਕਿਸੇ ਨੂੰ ਵੀ ਆਪਣੀ ਚਪੇਟ ਵਿੱਚ ਲੈ ਸਕਦਾ ਹੈ। ਦੂਸਰੇ ਪਾਸੇ ਯੂ ਐੱਨ ਦੀ ਸੰਸਥਾ ਯੂਨੀਸੈਫ ਨੇ ਕਿਹਾ ਹੈ ਕਿ ਭਾਰਤ ਵਿਚਲੀ ਕੋਵਿਡ-19 ਦੀ ਭਿਆਨਕ ਸਥਿਤੀ ਸਾਰਿਆਂ ਲਈ ਚੇਤਾਵਨੀ ਹੋਣੀ ਚਾਹੀਦੀ ਹੈ ਤੇ ਵਾਇਰਸ ਨਾਲ ਸਬੰਧਤ ਮੌਤਾਂ, ਵਾਇਰਸ ਵਿਚ ਨਵੀਂਆਂ ਤਬਦੀਲੀਆਂਤੇ ਮੁਕਾਬਲੇ ਦੇ ਸਾਮਾਨ ਦੀਸਪਲਾਈਵੱਲੋਂ ਦੇਰੀ ਕਾਰਨਇਸ ਦੀ ਗੂੰਜ ਇਸ ਖੇਤਰ ਵਿਚ ਅਤੇ ਸੰਸਾਰ ਵਿੱਚ ਉਦੋਂ ਤੱਕ ਸੁਣਾਈ ਦੇਵੇਗੀ, ਜਦੋਂ ਤੱਕ ਸਾਰੀ ਦੁਨੀਆ ਭਾਰਤ ਦੀ ਮਦਦ ਲਈ ਅੱਗੇ ਨਾ ਆਈ। ਬੱਚਿਆਂ ਬਾਰੇ ਇਸ ਯੂ ਐੱਨ ਦੀ ਏਜੰਸੀ ਦੇ ਮੁਖੀ ਨੇ ਭਾਰਤ ਨੂੰ ਜੀਵਨ ਬਚਾਊ ਸਮਾਨ ਦੀ ਸਪਲਾਈ ਵੀ ਕਰਵਾਈ ਹੈ, ਜਿਸ ਵਿਚ 20 ਲੱਖ ਫੇਸ ਸ਼ੀਲਡ ਤੇ ਦੋ ਲੱਖ ਮਾਸਕ ਸ਼ਾਮਲ ਹਨ। ਏਜੰਸੀ ਦੇ ਕਾਰਜਕਾਰੀ ਡਾਇਰੈਕਟਰ ਹੇਨਰੀਟਾ ਫੋਰ ਨੇ ਕਿਹਾ, 'ਭਾਰਤ ਦੀ ਭਿਆਨਕ ਸਥਿਤੀ ਨੇ ਸਾਰਿਆਂ ਲਈ ਚੇਤਾਵਨੀ ਦੀ ਘੰਟੀ ਵਜਾ ਦਿੱਤੀ ਹੈ।' ਉਨ੍ਹਾਂ ਕਿਹਾ, 'ਜਦੋਂ ਤੱਕ ਭਾਰਤ ਦੀ ਮਦਦ ਲਈ ਸਾਰੀ ਦੁਨੀਆ ਕਦਮ ਨਹੀਂ ਚੁੱਕਦੀ, ਉਦੋਂ ਤੱਕ ਵਾਇਰਸ ਨਾਲ ਮੌਤਾਂ, ਵਾਇਰਸ ਵਿੱਚ ਤਬਦੀਲੀਅਤੇ ਸਪਲਾਈ ਵਿੱਚ ਦੇਰੀ ਦੇ ਕਾਰਨ ਇਸ ਦੀ ਗੂੰਜ ਇਸ ਖੇਤਰ ਅਤੇ ਪੂਰੀ ਦੁਨੀਆ ਵਿਚ ਸੁਣਾਈ ਦੇਵੇਗੀ।'

Canadian ਪੰਜਾਬੀ ਪੋਸਟ
Award winning news paper | Canadian Punjabi Post
Punjabipost.ca
905-793-2202
27 Armthorpe Rd #3,
Brampton, L6T 5M4

| | |
|---|---|
| **Founder Editor** | Jagdish Singh Grewal |
| **Managing Director** | Parminder Kaur Grewal |
| **Contributing Editors** | Gyan Singh, |
| **Office Admin** | Sajandeep Singh |
| **Graphic Designer** | Angrez Singh |
| **Photographer** | Kanwaljit Singh Kanwal |
| **Distributer**<br>Marketing: | Aman Warraich<br>Sajandeep Singh |

Punjabi Post is a daily newspaper, published *Monday to Friday*. Advertiser is solely responsible for the ads content, releasing Punjabi post from any and all liability arising from Advertiser's use of the ads/advertising materials as permitted in an Agreement or IO. The opinions expressed in the articles & columns are those of the writers, editors or any other staff member at Punjabi post assume no responsibility of any kind. Thank you.

## ਕੋਵਿਡ-19 ਦੇ ਦੋ ਵੇਰੀਐਂਟਸ ਖਿਲਾਫ ਕਾਫੀ ਕਾਰਗਰ ਹੈ ਫਾਈਜ਼ਰ ਵੈਕਸੀਨ : ਰਿਪੋਰਟ

ਓਨਟਾਰੀਓ, 6 ਮਈ (ਪੋਸਟ ਬਿਊਰੋ) : ਫਾਈਜ਼ਰ-ਬਾਇਓਐਨਟੈਕ ਵੈਕਸੀਨ ਦੀ ਕੈਨੇਡਾ ਨੂੰ ਹੋਣ ਵਾਲੀ ਡਲਿਵਰੀ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਇੱਕ ਤਾਜ਼ਾ ਸਰਵੇਖਣ ਵਿੱਚ ਇਹ ਸਾਹਮਣੇ ਆਇਆ ਹੈ ਕਿ ਇਹ ਵੈਕਸੀਨ ਦੋ ਵੇਰੀਐਂਟਸ ਆਫ ਕਨਸਰਨ (ਵੀਓਸੀ) ਖਿਲਾਫ ਕਾਫੀ ਪ੍ਰੋਟੈਕਸ਼ਨ ਮੁਹੱਈਆ ਕਰਵਾਉਂਦੀ ਹੈ। ਪਰ ਇੱਕ ਡੋਜ਼ ਇਨ੍ਹਾਂ ਮਿਊਟੇਸ਼ਨਜ਼ ਤੋਂ ਕੋਈ ਬਹੁਤਾ ਬਚਾਅ ਨਹੀਂ ਕਰਦੀ।

ਕਤਰ ਤੋਂ ਹਾਸਲ ਹੋਏ ਨਵੇਂ ਡਾਟਾ ਤੇ ਨਿਊ ਇੰਗਲੈਂਡ ਜਰਨਲ ਆਫ ਮੈਡੀਸਨ ਵਿੱਚ ਛਪੇ ਅਧਿਐਨ ਅਨੁਸਾਰ ਫਾਈਜ਼ਰ-ਬਾਇਓਐਨਟੈਕ ਵੈਕਸੀਨ (ਦੇ ਦੋ ਸ਼ੌਟਸ) ਯੂ.ਕੇ ਵਿੱਚ ਸੱਭ ਤੋਂ ਪਹਿਲਾਂ ਪਾਏ ਗਏ ਬੀ.1.1.7 ਵੇਰੀਐਂਟ ਕਾਰਨ ਹੋਣ ਵਾਲੀ ਇਨਫੈਕਸ਼ਨ ਨੂੰ ਰੋਕਣ ਲਈ 90 ਫੀ ਸਦੀ ਕਾਰਗਰ ਹੈ। ਬੀ.1.1.7 ਵੇਰੀਐਂਟ ਓਨਟਾਰੀਓ ਵਿੱਚ ਸੱਭ ਤੋਂ ਵੱਧ ਪਾਇਆ ਜਾਣ ਵਾਲਾ ਸਟ੍ਰੇਨ ਹੈ, ਬੁੱਧਵਾਰ ਤੱਕ ਹੀ ਇਸ ਦੇ 83,000 ਤੋਂ ਵੱਧ ਕੇਸ ਸਾਹਮਣੇ ਆ ਚੁੱਕੇ ਹਨ। ਇਸ ਅਧਿਐਨ ਵਿੱਚ ਇਹ ਵੀ ਪਾਇਆ ਗਿਆ ਕਿ ਸਾਊਥ ਅਫਰੀਕਾ ਵਿੱਚ ਸੱਭ ਤੋਂ ਪਹਿਲਾਂ ਪਾਏ ਗਏ ਬੀ.1.351 ਵੇਰੀਐਂਟ ਖਿਲਾਫ ਇਹ ਵੈਕਸੀਨ 75 ਫੀ ਸਦੀ ਹੀ ਅਸਰ ਕਰਦੀ ਹੈ। ਇਸ ਸਟਰੇਨ ਦੇ ਪ੍ਰੋਵਿੰਸ ਵਿੱਚ 326 ਮਾਮਲੇ ਸਾਹਮਣੇ ਆ ਚੁੱਕੇ ਹਨ। ਇਸ ਅਧਿਐਨ ਤੋਂ ਇਹ ਗੱਲ ਤਾਂ ਸਪਸ਼ਟ ਹੋ ਗਈ ਹੈ ਕਿ ਇਸ ਵੈਕਸੀਨ ਦੀ ਪਹਿਲੀ ਡੋਜ਼ ਤੋਂ ਬਾਅਦ ਲੋਕਾਂ ਨੂੰ ਮਿਲਣ ਵਾਲੀ ਹਿਫਾਜ਼ਤ ਦਾ ਪੱਧਰ ਕਿੰਨਾ ਹੈ। ਇਸ ਦੀ ਇੱਕ ਡੋਜ਼ ਬੀ.1.1.7 ਵੇਰੀਐਂਟ ਖਿਲਾਫ 30 ਫੀ ਸਦੀ ਸੁਰੱਖਿਆ ਦਿੰਦੀ ਹੈ ਜਦਕਿ ਸਾਊਥ ਅਫਰੀਕਨ ਸਟ੍ਰੇਨ ਖਿਲਾਫ 17 ਫੀ ਸਦੀ ਸੁਰੱਖਿਆ ਮੁਹੱਈਆ ਕਰਵਾਉਂਦੀ ਹੈ।

ਓਨਟਾਰੀਓ ਸਰਕਾਰ ਇਹ ਸੰਕੇਤ ਵੀ ਦੇ ਚੁੱਕੀ ਹੈ ਕਿ ਜੇ ਇਸ ਤਰ੍ਹਾਂ ਹੀ ਵੈਕਸੀਨ ਦੀ ਸਪਲਾਈ ਜਾਰੀ ਰਹੀ ਤਾਂ ਉਹ ਵੈਕਸੀਨ ਦੀਆਂ ਦੋ ਡੋਜ਼ਾਂ ਵਿਚਲਾ ਫਰਕ ਘਟਾਉਣ ਬਾਰੇ ਸੋਚ ਸਕਦੇ ਹਨ। ਓਨਟਾਰੀਓ ਨੂੰ ਜੂਨ ਵਿੱਚ ਫਾਈਜ਼ਰ ਦੇ ਅੱਧਾ ਮਿਲੀਅਨ ਸ਼ੌਟਸ ਹਾਸਲ ਹੋਣ ਦੀ ਉਮੀਦ ਹੈ। ਹਾਲਾਂਕਿ ਤਾਜ਼ਾ ਸਟੱਡੀ ਵਿੱਚ ਇਹ ਵੀ ਪਾਇਆ ਗਿਆ ਹੈ ਕਿ ਫਾਈਜ਼ਰ ਵੈਕਸੀਨ ਵੇਰੀਐਂਟ ਦੇ ਖਿਲਾਫ ਘੱਟ ਸੁਰੱਖਿਆ ਦਿੰਦੀ ਹੈ ਪਰ ਕੋਵਿਡ-19 ਦੇ ਗੰਭੀਰ ਜਾਂ ਘਾਤਕ ਮਾਮਲਿਆਂ ਵਿੱਚ ਇਹ ਫਿਰ ਵੀ ਕਾਰਗਰ ਹੈ।

# ਪੰਜਾਬ ਵਿੱਚ ਆਕਸੀਜਨ ਸਪੋਰਟ ਵਾਲੇ ਮਰੀਜ਼ਾਂ ਦੀ ਗਿਣਤੀ ਵਧਣ ਦੇ ਨਾਲ ਆਕਸੀਜਨ ਮੰਗ ਵਿੱਚ ਵਾਧਾ

### * ਮੁੱਖ ਮੰਤਰੀ ਨੇ ਕਾਂਗਰਸੀ ਐੱਮ ਪੀਜ਼ ਨੂੰ ਮੱਦਦ ਲਈ ਆਖਿਆ




ਚੰਡੀਗੜ੍ਹ, 6 ਮਈ, (ਪੋਸਟ ਬਿਊਰੋ)- ਪੰਜਾਬ ਵਿੱਚ ਕੋਰੋਨਾ ਦੇ ਵਧਦੇ ਕੇਸਾਂ ਨਾਲ ਆਕਸੀਜਨ ਦੀ ਮੰਗ ਵੀ ਵਧੀ ਜਾਂਦੀ ਹੈ। ਪਿਛਲੇ ਚਾਰ ਦਿਨਾਂ ਤੋਂ 225 ਤੋਂ 230 ਟਨ ਤਕ ਰਹਿਣ ਵਾਲੀ ਮੰਗ ਅੱਜ ਵੀਰਵਾਰ ਨੂੰ 250 ਟਨ ਤੋਂ ਵੱਧ ਗਈ, ਕਿਉਂਕਿ ਆਕਸੀਜਨ ਸਪੋਰਟ ਵਾਲੇ ਮਰੀਜ਼ਾਂ ਦੀ ਗਿਣਤੀ ਵਿਚ ਲਗਾਤਾਰ ਵਾਧਾ ਹੋ ਰਿਹਾ ਹੈ।

ਪਤਾ ਲੱਗਾ ਹੈ ਕਿ ਪੰਜਾਬ ਵਿਚ ਰੋਜ਼ ਅਜਿਹੇ ਮਰੀਜ਼ਾਂ ਦੀ ਗਿਣਤੀ ਵਿਚ 500 ਤੋਂ ਵੱਧ ਦਾ ਵਾਧਾ ਹੋ ਰਿਹਾ ਹੈ ਤੇ ਪੰਜ ਮਈ ਤਕ ਰਾਜ ਵਿਚ 8457 ਮਰੀਜ਼ਾਂ ਨੂੰ ਆਕਸੀਜਨ ਅਤੇ 240 ਨੂੰ ਵੈਂਟੀਲੇਟਰ ਦੀ ਲੋੜ ਸੀ, ਜਦਕਿ ਚਾਰ ਮਈ ਨੂੰ ਇਹ ਗਿਣਤੀ ਅਜੇ 8265 ਸੀ। ਕੇਂਦਰ ਸਰਕਾਰ ਨੇ ਬੋਕਾਰੋ ਪਲਾਂਟ ਤੋਂ ਪੰਜਾਬ ਦਾ ਕੋਟਾ ਵਧਾਇਆ ਹੈ, ਪਰ ਓਥੋਂ ਦੇ ਆਕਸੀਜਨ ਟੈਂਕਰ ਪੰਜਾਬ ਪੁੱਜਣ ਨੂੰ ਤਿੰਨ ਦਿਨ ਲੱਗਦੇ ਹਨ। ਪੰਜਾਬ ਨੂੰ ਕੇਂਦਰ ਸਰਕਾਰ ਤੋਂ 60, ਪਾਣੀਪਤ ਤੋਂ 20, ਰੁੜਕੀ ਤੋਂ 15, ਦੇਹਰਾਦੂਨ ਤੋਂ 10 ਅਤੇ ਬੋਕਾਰੋ ਪਲਾਂਟ ਤੋਂ 90 ਟਨ ਸਪਲਾਈ ਦਾ ਕੋਟਾ ਮਿ-ਲਆ ਹੈ। ਰਾਜ ਸਰਕਾਰ ਦਾ ਦਾਅਵਾ ਹੈ ਕਿ ਇਨ੍ਹਾਂ ਸਾਰੇ ਪਲਾਂਟਾਂ ਤੋਂ ਪੰਜਾਬ ਨੂੰ ਮਸਾਂ 140 ਟਨ ਸਪਲਾਈ ਮਿਲਦੀ ਹੈ ਅਤੇ ਇਸ ਦਾ ਮੁੱਖ ਕਾਰਨ ਬੋਕਾਰੋ ਤੋਂ ਮਿਲਦੀ ਸਪਲਾਈ ਵਿਚ ਦੇਰੀ ਹੈ। ਥੋੜ੍ਹੀ ਰਾਹਤ ਦੀ ਗੱਲ ਇਹ ਹੈ ਕਿ ਆਕਸੀਜਨ ਦੀ ਉਤਪਾਦਨ ਸਮਰੱਥਾ ਦਾ ਪੰਜਾਬ ਵਿਚ ਵਾਧਾ ਹੋਇਆ ਅਤੇ 80 ਟਨ ਹੋਣ ਲੱਗ ਪਈ ਹੈ।

ਇਸ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਇਸ ਰਾਜ ਦੇ ਕਾਂਗਰਸੀ ਪਾਰਲੀਮੈਂਟ ਮੈਂਬਰਾਂ ਨੂੰ ਕਿਹਾ ਹੈ ਕਿ ਉਹ ਆਕਸੀਜਨ, ਟੈਂਕਰਾਂ, ਵੈਕਸੀਨ ਅਤੇ ਜ਼ਰੂਰੀ ਦਵਾਈਆਂ ਦੀ ਲੋੜੀਂਦੀ ਸਪਲਾਈ ਲਈ ਕੇਂਦਰ ਉਤੇ ਦਬਾਅ ਬਣਾਉਣ ਤਾਂ ਜੋ ਕੋਰੋਨਾ ਮਹਾਂਮਾਰੀ ਦੀ ਦੂਸਰੀ ਖਤਰਨਾਕ ਲਹਿਰ ਦਾ ਪ੍ਰਭਾਵਸ਼ਾਲੀ ਢੰਗ ਨਾਲ ਮੁਕਾਬਲਾ ਕਰਨ ਲਈ ਰਾਜ ਸਰਕਾਰ ਦੀ ਮਦਦ ਹੋ ਸਕੇ। ਪਾਰਲੀਮੈਂਟ ਮੈਂਬਰਾਂ ਨੂੰ ਰਾਜ ਦੇ ਆਕਸੀਜਨ ਕੋਟੇ ਨੂੰ ਵਧਾਉਣ ਅਤੇ ਰੋਜ਼ ਪੂਰਾ 195 ਮੀਟਰਿਕ ਟਨ ਅਲਾਟ ਕੋਟਾ ਚੁੱਕਣ ਲਈ ਪਹਿਲ ਦੇ ਆਧਾਰ ਉੱਤੇ ਵਾਧੂ ਟੈਂਕਰ ਭੇਜਣ ਲਈ ਭਾਰਤ ਸਰਕਾਰ ਨੂੰ ਪ੍ਰੇਰਿਤ ਕਰਨ ਦੇ ਦੌਰਾਨਮੁੱਖ ਮੰਤਰੀ ਨੇ ਕਿਹਾ ਕਿ ਕੋਵਿਡ ਦੇ ਖਿਲਾਫ ਜੰਗ ਵਿੱਚ ਜ਼ਰੂਰੀ ਲੋੜੀਂਦੀ ਸਪਲਾਈ ਕਰਨ ਦੇ ਲਈ ਪੰਜਾਬ ਨਾਲ ਕੇਂਦਰ ਵੱਲੋਂ ਮਤਰੇਈ ਮਾਂ ਵਾਲਾ ਵਿਹਾਰ ਕੀਤਾ ਜਾ ਰਿਹਾ ਹੈ।

ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਇਹ ਵੀ ਇਸ਼ਾਰਾ ਕੀਤਾ ਕਿ ਭਾਜਪਾ ਸਰਕਾਰ ਵਾਲੇਰਾਜ ਹਰਿਆਣਾ ਨੂੰ ਪੰਜਾਬ ਤੋਂ ਵੱਧ ਆਕਸੀਜਨ ਕੋਟਾ ਤੇ ਟੈਂਕਰ ਮਿਲਦੇ ਹਨ।ਇਸਬਾਰੇ ਗੰਭੀਰਤਾ ਵੇਖ ਕੇਪਾਰਲੀਮੈਂਟ ਦੇ ਦੋਵੇਂ ਸਦਨਾਂ ਦੇਪੰਜਾਬ ਦੇ ਕਾਂਗਰਸੀਮੈਂਬਰਾਂ ਨੇ ਵਾਅਦਾ ਕੀਤਾ ਕਿ ਉਨ੍ਹਾਂ ਦੇ ਪਾਰਲੀਮੈਂਟ ਮੈਂਬਰ ਹਲਕਾ ਵਿਕਾਸ ਫੰਡ (ਐਮ ਪੀ ਲੈਡ ਫੰਡ) ਦੀ ਵਰਤੋਂ ਸਰਕਾਰੀ ਹਸਪਤਾਲਾਂ ਵਿੱਚ ਆਕਸੀਜਨ ਉਤਪਾਦਨ ਪਲਾਂਟ ਲਾਉਣ ਲਈ ਕੀਤੀ ਜਾਵੇ ਤਾਂ ਜੋ ਪੰਜਾਬ ਵਿੱਚ ਇਲਾਜ ਲਈ ਗੁਆਂਢੀ ਰਾਜਾਂ ਤੋਂ ਮਰੀਜ਼ਾਂ ਦੇ ਇਲਾਜ ਲਈ ਆਉਣ ਨਾਲਵੱਧ ਭਾਰ ਵਾਲੀ ਸਥਿਤੀ ਨਾਲ ਨਜਿੱਠਣ ਲਈ ਰਾਜ ਸਰਕਾਰ ਦੀ ਮਦਦ ਹੋ ਸਕੇ।ਮੁੱਖ ਮੰਤਰੀ ਨੇ ਕਿਹਾ ਕਿ ਆਕਸੀਜਨ, ਟੈਂਕਰਾਂ, ਵੈਕਸੀਨ ਅਤੇ ਦਵਾਈਆਂ ਦੀ ਘਾਟ ਤੋਂ ਬਿਨਾਂ ਪੰਜਾਬ ਵੈਂਟੀਲੇਟਰਾਂਵੱਲੋਂ ਵੀ ਤੰਗ ਹੈ, ਕਿਉਂਕਿ ਕੇਂਦਰ ਸਰਕਾਰ ਵੱਲੋਂ ਮਿਲੇ 809 ਵੈਂਟੀਲੇਟਰਾਂ ਵਿੱਚੋਂ 108 ਨੂੰ ਲਾਉਣ ਲਈਅਜੇ ਸੰਬੰਧਤ ਕੰਪਨੀ ਬੀ ਈ ਐਲ ਦਾ ਇੰਜਨੀਅਰ ਨਹੀਂ ਹੈ। ਕੈਪਟਨ ਅਮਰਿੰਦਰ ਨੇ ਪਾਰਲੀਮੈਂਟ ਮੈਂਬਰਾਂ ਨੂੰ ਦੱਸਿਆ ਕਿਵਾਰ-ਵਾਰ ਬੇਨਤੀਆਂ ਅਤੇ ਪ੍ਰਧਾਨ ਮੰਤਰੀ ਅਤੇ ਗ੍ਰਹਿ ਮੰਤਰੀ ਨੂੰ ਉਨ੍ਹਾਂ ਵਲੋਂਆਕਸੀਜਨ ਕੋਟੇ ਵਿੱਚ 50 ਮੀਟਰਿਕ ਟਨ ਵਾਧੇ ਲਈ ਨਿੱਜੀ ਤੌਰ ਉੱਤੇ ਪੱਤਰ ਲਿਖਣ ਪਿੱਛੋਂ ਵੀ ਪੰਜਾਬ ਆਕਸੀਜਨ ਦੀ ਘਾਟ ਵੱਲੋਂ ਤੰਗ ਹੈ। ਉਨ੍ਹਾਂ ਦੱਸਿਆ ਕਿ ਰਾਜਦੀਮੌਜੂਦਾ ਲੋੜ ਪੂਰੀ ਕਰਨ ਲਈ 195 ਮੀਟਰਿਕ ਟਨ ਦਾ ਕੋਟਾ ਨਾਕਾਫੀ ਹੈ ਅਤੇ ਟੈਂਕਰਾਂ ਦੀ ਘਾਟ ਕਾਰਨ ਇਸ ਕੋਟੇ ਦੀ ਆਕਸੀਜਨ ਦੀ ਵੀ ਪੂਰੀ ਤਰ੍ਹਾਂ ਲਿਫਟਿੰਗ ਨਹੀਂ ਹੋ ਸਕਦੀ। ਉਨ੍ਹਾਂ ਕਿਹਾ ਕਿਪੰਜਾਬਦਾ ਨੇੜਲੇ ਸਰੋਤਾਂ (ਦੇਹਰਾਦੂਨ, ਪਾਣੀਪਤ, ਰੁੜਕੀ) ਵੱਲ 120 ਮੀਟਰਿਕ ਟਨ ਬੈਕਲਾਗ ਹੋਣ ਕਾਰਨ ਸਥਿਤੀ ਬਹੁਤ ਗੰਭੀਰ ਹੈ ਅਤੇ ਇਸ ਨਾਲ ਛੇਤੀ ਨਿਪਟਣਾ ਪੈਣਾ ਹੈ।

## ਕੁੱਤੇ ਨੂੰ ਗੋਲੀ ਮਾਰਨ ਵਾਲਾ ਨੌਜਵਾਨ ਗ੍ਰਿਫਤਾਰ

ਪਟਿਆਲਾ, 6 ਮਈ (ਪੋਸਟ ਬਿਊਰੋ)- ਪਾਤੜਾਂ ਪੁਲਸ ਨੇ ਖਾਸਪੁਰ ਪਿੰਡ ਦੇ ਤਰਨਜੀਤ ਸਿੰਘ ਨਾਂਅ ਦੇ ਨੌਜਵਾਨ ਨੂੰ ਕੁੱਤੇ ਨੂੰ ਗੋਲੀ ਮਾਰ ਕੇ ਮਾਰਨ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਹੈ। ਉਸ ਦੀ ਕੁੱਤੇ ਨੂੰ ਗੋਲੀ ਮਾਰ ਕੇ ਮਾਰਨ ਦੀ ਵਾਇਰਲ ਵੀਡੀਓ ਦਾ ਕਈਆਂ ਨੇ ਗੰਭੀਰ ਨੋਟਿਸ ਲਿਆ।

ਇਸੇ ਵੀਡੀਓ ਨੂੰ ਇੰਸਟਾਗਰਾਮ ਉੱਤੇ ਸਾਂਝਾ ਕਰਦਿਆਂ ਮਨਸ਼ਾ ਬਹਿਲ ਨਾਂਅ ਦੀ ਇੱਕ ਅਦਾਕਾਰਾ ਨੇ ਦੋਸ਼ੀ ਦੇ ਖਿਲਾਫ ਕਾਰਵਾਈ ਉੱਤੇ ਜ਼ੋਰ ਦਿੱਤਾ ਸੀ। ਇਸ ਉੱਤੇ ਜਾਨਵਰਾਂ ਦੀ ਰੱਖਿਆ ਵਾਲੀ 'ਪੀਟਾ' (ਪੀਪਲਜ਼ ਫਾਰ ਐਥੀਕਲ ਟਰੀਟਮੈਂਟ ਫਾਰ ਐਨੀਮਲਜ਼) ਨਾਂਅ ਦੀ ਸੰਸਥਾ ਨੇ ਘਟਨਾ ਦਾ ਗੰਭੀਰ ਨੋਟਿਸ ਲਿਆ। ਇਸ ਦੀ ਅਹੁਦੇਦਾਰ ਅਤੇ ਵਕੀਲ ਮੀਤ ਅਸ਼ਰ ਨੇ ਇਸ ਬਾਰੇ ਪਟਿਆਲਾ ਪੁਲਸ ਨੂੰ ਈ-ਮੇਲ ਭੇਜੀ, ਜਿਸ ਉੱਤੇ ਪਟਿਆਲਾ ਦੇ ਐਸ ਐਸ ਪੀ ਵਿਕਰਮਜੀਤ ਦੁੱਗਲ ਨੇ ਪਾਤੜਾਂ ਪੁਲਸ ਨੂੰ ਕਾਰਵਾਈ ਕਰਨ ਦੇ ਆਦੇਸ਼ ਦਿੱਤੇ। ਥਾਣਾ ਪਾਤੜਾਂ ਦੇ ਐਸ ਐਚ ਓ ਇੰਸਪੈਕਟਰ ਰਣਬੀਰ ਸਿੰਘ ਨੇ ਦੋਸ਼ੀ ਤਰਨਜੀਤ ਸਿੰਘ ਨੂੰ ਗ੍ਰਿਫਤਾਰ ਕਰ ਕੇ ਕੇਸ ਦਰਜ ਕੀਤਾ ਹੈ।ਐਸ ਐਸ ਪੀ ਵਿਕਰਮਜੀਤ ਦੁੱਗਲ ਨੇ ਦੱਸਿਆ ਕਿ ਮੁਲਜ਼ਮ ਵੱਲੋਂ ਵਰਤੀ ਗਈ 12 ਬੋਰ ਦੀ ਰਾਈਫਲ ਵੀ ਬਰਾਮਦ ਕਰ ਲਈ ਹੈ, ਜੋ ਉਸ ਦੇ ਨਾਂਅ ਨਹੀਂ ਹੈ। ਉਨ੍ਹਾਂ ਦੱਸਿਆ ਕਿ ਵੈਟਰਨਰੀ ਸਟਾਫ ਦੀ ਮੱਦਦ ਨਾਲ ਪੁਲਸ ਨੇ ਕੁੱਤੇ ਦੀ ਲਾਸ਼ ਵੀ ਬਰਾਮਦ ਕਰ ਲਈ ਹੈ।

ਡਰਾਈਵਰਾਂ ਦੀ ਲੋੜ
ਰੰਗੀ ਬ੍ਰਦਰ ਲੌਜਿਸਟਿਕਸ ਕੈਲੇਡਨ ਤੋਂ ਸਾਊਥ ਵੈਸਟ ਲੌਂਗਹੌਲ ਰਨ ਵਾਸਤੇ ਓਹਾਇਓ, ਜੌਰਜੀਆ ਲਈ ਡਰਾਈਵਰ ਹਾਇਰ ਕਰ ਰਹੇ ਹਨ।
*58 ਸੈਂਟ ਪ੍ਰਤੀ ਮਾਈਲ *ਆਟੋਮੈਟਿਕ ਟਰੱਕ *ਘੱਟ ਤੋਂ ਘੱਟ 1 ਸਾਲ ਦਾ ਤਜ਼ਰਬਾ
ਜ਼ਿਆਦਾ ਜਾਣਕਾਰੀ ਲਈ ਜਗਜੀਤ ਢੀਂਡਸਾ ਨਾਲ ਸੰਪਰਕ ਕਰੋ
647-960-7989

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਉਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀਜ਼ ਇੰਸਟ੍ਰਕਟਰ
647-998-7500 ਬਲਵਿੰਦਰ

ਵਰਕਰ ਦੀ ਲੋੜ
ਹੋਟਲ ਵਿਚ ਕਲੀਨਿੰਗ ਦਾ ਕੰਮ ਕਰਨ ਲਈ ਵਰਕਰ ਦੀ ਜ਼ਰੂਰਤ ਹੈ Dundas ਅਤੇ Hwy 27 ਦਾ ਏਰੀਆ, $16/hr ਦਿੱਤੇ ਜਾਣਗੇ, Full Time/Part Time ਕੰਮ।
ਸੰਪਰਕ: 416-816-1695

ਖਿੜਕੀਆਂ ਅਤੇ ਦਰਵਾਜੇ ਲਗਵਾਓ Free Estimates
ਵਨਾਈਲ ਅਤੇ ਐਲੂਮੀਨੀਅਮ ਵਿੰਡੋਜ਼, ਸਟੋਰਮ ਡੋਰ, ਕਲੋਸੈਟ ਡੋਰ ਮਿਰਰਜ਼, ਪੋਰਚ ਐਨਕਲੋਜ਼ਡ, ਮੇਨ ਐਂਟਰੈਂਸ ਡੋਰ, ਹਰ ਤਰਾਂ ਦਾ ਗਲਾਸ ਰਿਪਲੇਸਮੈਂਟ
ਅਸੀਂ ਪੇਂਟ ਵੀ ਕਰਦੇ ਹਾਂ
24 ਘੰਟੇ ਤੁਹਾਡੀ ਸੇਵਾ ਵਿੱਚ
SINGH (TOCHI)
416-454-3031
647-784-8240
CANADIAN GLASS AND WINDOW
Email: tochisangha1@hotmail.com

BEST CANADIAN TRUCK & FORKLIFT TRAINING CENTRE
BEST CANADIAN TRUCK & FORKLIFT TRAINING CENTRE
Registered as a Private Career College Under the Private Career College Act. 2005
AZ Tractor trailer program
Manual transmission & backup training everyday
We welcome welfare workers & compensation clients
Open Seven Days
Forklift Re-Certification Only $79.00/-
Karnail Singh
416.670.3173 | 905.799.7333
27 Edvac Dr, Brampton, ON L6S 5X8

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

PUNJABI RANG RADIO
CAIO 530AM
11pm-12am
Every Saturday
Chamkaur Singh
Producer/ Host
Cell: 416 662 1313
Email: punjabirang13@hotmail.com

# ਕਰੋਨਾ ਮਹਾਂਮਾਰੀ ਦੇ ਮਾਨਸਿਕ ਸਿਹਤ ਉੱਤੇ ਪ੍ਰਭਾਵ ਅਤੇ ਉਨ੍ਹਾਂ ਦਾ ਹੱਲ



ਡਾ. ਜਸਵਿੰਦਰ ਸਿੰਘ ਬਰਾੜ
ਖੇਡ ਲੇਖਕ

ਸਾਲ ਦੋ ਹਜਾਰ ਉਨੀ ਦੇ ਅੰਤ ਵਿੱਚ ਆਈ ਕੋਰੋਨਾ ਮਹਾਂਮਾਰੀ ਨੇ ਪੂਰੇ ਸੰਸਾਰ ਨੂੰ ਆਪਣੀ ਚਪੇਟ ਵਿੱਚ ਲੈ ਲਿਆ ਹੈ। ਸੰਸਾਰ ਦਾ ਕੋਈ ਵੀ ਅਜਿਹਾ ਖਿੱਤਾ ਨਹੀਂ ਜਿਸ ਉਤੇ ਇਸ ਬਿਮਾਰੀ ਨੇ ਪ੍ਰਭਾਵ ਨਾ ਪਾਇਆ ਹੋਵੇ। ਪੂਰੀ ਦੁਨੀਆਂ ਦੇ ਲੋਕਾਂ ਨੇ ਇਸ ਬਿਮਾਰੀ ਦਾ ਖਮਿਆਜ਼ਾ ਭੁਗਤਿਆ ਹੈ ਚਾਹੇ ਉਹ ਸਰੀਰਕ ਤੌਰ ਤੇ ਹੋਵੇ,ਮਾਨਸਿਕ ਤੌਰ ਤੇ ਜਾਂ ਆਰਥਿਕ ਤੌਰ ਇਸ ਬਿਮਾਰੀ ਨਾਲ ਪ੍ਰਭਾਵਿਤ ਹੋਏ ਹਨ। ਸ਼ੁਰੂ ਵਿੱਚ ਇਸ ਬਿਮਾਰੀ ਬਾਰੇ ਵੱਖ ਵੱਖ ਲੋਕਾਂ ਦੇ ਵਿਗਿਆਨੀਆਂ ਦੇ ਤੇ ਦੇਸ਼ਾਂ ਦੇ ਆਪਣੇ ਆਪਣੇ ਵਿਚਾਰ ਸਨ ਜੋ ਅੱਜ ਵੀ ਉਸੇ ਤਰ੍ਹਾਂ ਨਾਲ ਹਨ। ਸ਼ੁਰੂ ਵਿੱਚ ਇਹ ਆਮ ਚਰਚਾ ਰਹੀ ਹੈ ਕਿ ਇਹ ਬਿਮਾਰੀ ਕਿੱਥੋਂ ਆਈ ਕਿਵੇਂ ਆਈ ਹੈ ਜਾਂ ਇਹ ਬਿਮਾਰੀ ਹੈ ਹੀ ਨਹੀਂ ਕੇਵਲ ਲੋਕ ਡਰਾਵਾ ਹੈ ।ਪਰ ਇਸ ਬਿਮਾਰੀ ਨੇ ਲੱਖਾਂ ਲੋਕਾਂ ਦੀ ਜਾਨ ਲੈ ਲਈ ਅਤੇ ਕਰੋੜਾਂ ਅਰਬਾਂ ਦਾ ਆਰਥਿਕ ਨੁਕਸਾਨ ਕੀਤਾ ਜਿਸ ਦੀ ਭਰਪਾਈ ਆਉਣ ਵਾਲੇ ਕਈ ਸਾਲਾਂ ਵਿੱਚ ਵੀ ਪੂਰੀ ਨਹੀਂ ਹੋਣੀ। ਇਸ ਬਿਮਾਰੀ ਨੇ ਕੇਵਲ ਸਰੀਰਕ ਨੁਕਸਾਨ ਹੀ ਨਹੀਂ ਪਹੁੰਚਾਇਆ ਸਗੋਂ ਲੋਕਾਂ ਨੂੰ ਮਾਨਸਿਕ ਤੌਰ ਤੇ ਬਿਮਾਰ ਕਰ ਦਿੱਤਾ ਹੈ। ਜੋ ਅੱਗੇ ਆਉਣ ਵਾਲੀਆਂ ਕਈ ਪੀੜ੍ਹੀਆਂ ਤਕ ਤਕਲੀਫ਼ ਦਿੰਦਾ ਰਹੇਗਾ। ਇਸ ਬਿਮਾਰੀ ਨੇ ਕੇਵਲ ਸਰੀਰਕ ਬਿਮਾਰੀਆਂ ਨੂੰ ਹੀ ਜਨਮ ਦਿੱਤਾ ਸਗੋਂ ਲੋਕਾਂ ਨੂੰ ਮਾਨਸਿਕ ਤੌਰ ਤੇ ਬਹੁਤ ਕਿਸਮਾਂ ਦੀਆਂ ਬਿਮਾਰੀਆਂ ਨੇ ਘੇਰ ਲਿਆ ਹੈ ।

ਦਿਨੋਂ ਦਿਨ ਲੋਕ ਮਾਨਸਿਕ ਤੌਰ ਤੇ ਕਮਜ਼ੋਰ ਹੁੰਦੇ ਜਾ ਰਹੇ ਹਨ। ਜਿਸ ਕਾਰਨ ਜੀਵਨ ਜੀਉਣਾ ਬਹੁਤ ਔਖਾ ਲੱਗਣ ਲੱਗ ਗਿਆ ਹੈ। ਇਹ ਡਰ ਕਾਫ਼ੀ ਕਿਸਮਾਂ ਦਾ ਹੈ ਇਹ ਡਰ ਸਰੀਰ ਨੂੰ ਲੱਗਣ ਵਾਲੇ ਰੋਗਾਂ ਆਪਣੇ ਪਰਿਵਾਰ ਬੱਚਿਆਂ ਮਾਤਾ ਪਿਤਾ ਦੀ ਤੰਦਰੁਸਤੀ ਲਈ ਕਾਫੀ ਨਹੀਂ ਸਗੋਂ ਇਸ ਤੋਂ ਇਲਾਵਾ ਵੀ ਬਹੁਤ ਸਾਰੇ ਡਰ ਬਣੇ ਹੋਏ ਹਨ। ਇੱਥੇ ਇਹ ਸਮਝਣਾ ਬਹੁਤ ਜ਼ਰੂਰੀ ਹੈ ਕੀ ਅੱਜ ਦੇ ਸਮੇਂ ਵਿੱਚ ਸਰੀਰਕ ਦੇਖਭਾਲ ਨਾਲੋਂ ਮਾਨਸਿਕ ਦੇਖਭਾਲ ਦੀ ਜ਼ਿਆਦਾ ਜ਼ਰੂਰਤ ਹੈ ਲੋਕਾਂ ਵਿੱਚ ਇਸ ਬਿਮਾਰੀ ਪ੍ਰਤੀ ਜੋ ਦਹਿਸ਼ਤ ਬਣੀ ਹੋਈ ਹੈ ਉਸ ਨੂੰ ਦੂਰ ਕਰਨਾ ਬਹੁਤ ਜ਼ਰੂਰੀ ਹੈ। ਸਾਨੂੰ ਸਮਝਣਾ ਪੈਣਾ ਹੈ ਕਿ ਡਰ ਅਤੇ ਸਾਵਧਾਨੀ ਵਿੱਚ ਬਹੁਤ ਫ਼ਰਕ ਹੁੰਦਾ ਹੈ। ਸਾਨੂੰ ਇਸ ਬਿਮਾਰੀ ਨਾਲ ਲੜਨ ਲਈ ਸਾਵਧਾਨੀ ਵਰਤਣੀ ਚਾਹੀਦੀ ਹੈ ਨਾ ਕਿ ਇਸ ਤੋਂ ਡਰਨਾ ਚਾਹੀਦਾ ਹੈ। ਇਹ ਡਰ ਸਰੀਰਕ ਮਾਨਸਿਕ ਦੇ ਨਾਲ ਆਰਥਿਕ ਵੀ ਹੈ ।ਇਸ ਬਿਮਾਰੀ ਨੇ ਸਾਨੂੰ ਮਾਨਸਿਕ ਰੋਗੀ ਬਣਾ ਦਿੱਤਾ ਹੈ ਸਾਡੇ ਵਿੱਚੋਂ ਭਾਈਚਾਰਕ ਸਾਂਝ ਪਿਆਰ ਸਭ ਨੂੰ ਖ਼ਤਮ ਕਰ ਦਿੱਤਾ ਹੈ। ਅਸੀਂ ਹਰ ਰੋਜ਼ ਦੇਖਦੇ ਹਾਂ ਕਿ ਲਾਸ਼ਾਂ ਨੂੰ ਆਪਣੇ ਅੰਤਿਮ ਸਸਕਾਰ ਲਈ ਰੁਲਣਾ ਪੈ ਰਿਹਾ ਹੈ ਕੋਈ ਸਾਕ ਸਬੰਧੀ ਉਨ੍ਹਾਂ ਲਾਸ਼ਾ ਨੂੰ ਹੱਥ ਲਾਉਣ ਲਈ ਤਿਆਰ ਨਹੀਂ ਕਿਤੇ ਦੇਖਣ ਨੂੰ ਮਿਲਦਾ ਹੈ ਕਿ ਕੋਈ ਆਪਣੇ ਸੰਬੰਧੀ ਦੀ ਲਾਸ਼ ਨੂੰ ਸਾਇਕਲ ਜਾਂ ਸਿਰ ਤੇ ਚੁੱਕ ਕੇ ਲਿਜਾ ਰਿਹਾ ਹੈ। ਇਹ ਸਭ ਦੇਖ ਕੇ ਇਕ ਦਹਿਸ਼ਤ ਦਾ ਮਾਹੌਲ ਬਣਦਾ ਜਾ ਰਿਹਾ ਹੈ। ਇਸ ਸਾਰੇ ਮਾਹੌਲ ਨੇ ਸਾਨੂੰ ਮਾਨਸਿਕ ਤੌਰ ਤੇ ਬਿਮਾਰ ਕਰ ਦਿੱਤਾ ਹੈ । ਹਰ ਰੋਜ਼ ਕਰੋਨਾ ਮਰੀਜ਼ਾਂ ਦੇ ਵਧ ਰਹੇ ਅੰਕੜੇ ਦਿਖਾ ਦਿਖਾ ਇਸ ਡਰ ਨੂੰ ਹੋਰ ਵਧਾਇਆ ਜਾ ਰਿਹਾ ਹੈ। ਜੇਕਰ ਇਸ ਬਿਮਾਰੀ ਦਾ ਅਜੇ ਤਕ ਕੋਈ ਇਲਾਜ ਨਹੀਂ ਤਾਂ ਮਰੀਜ਼ਾਂ ਦੀ ਪਹਿਚਾਣ ਕਰਨੀ ਕਿਉਂ ਜ਼ਰੂਰੀ ਹੋ ਗਈ ਹੈ। ਅਜੇ ਤਕ ਕਿਸੇ ਸਰਕਾਰੀ ਨੁਮਾਇੰਦੇ ਜਾਂ ਪ੍ਰਸ਼ਾਸਨਿਕ ਅਧਿਕਾਰੀ ਜਿਸ ਨੇ ਲੋਕਾਂ ਨੂੰ ਹੌਸਲਾ ਦੇਣ ਵਾਲਾ ਕੋਈ ਵੀ ਬਿਆਨ ਪੇਸ਼ ਕੀਤਾ ਹੋਵੇ ਦਿਖਾਈ ਨਹੀਂ ਦਿੱਤਾ। ਇਸ ਸਮੇਂ ਲੋਕਾਂ ਨੂੰ ਇਸ ਸਹਿਮ ਚੋਂ ਕੱਢਣ ਦੀ ਬਹੁਤ ਜ਼ਰੂਰਤ ਹੈ ਕਿਉਂਕਿ ਕੋਰੋਨਾ ਇੱਕ ਸਰੀਰਕ ਬਿਮਾਰੀਆਂ ਨਾਲੋਂ ਮਾਨਸਿਕ ਬਿਮਾਰੀ ਜ਼ਿਆਦਾ ਬਣਦਾ ਜਾ ਰਿਹਾ ਹੈ।





ਇਸੇ ਮਾਨਸਿਕ ਬਿਮਾਰੀ ਦਾ ਫਾਇਦਾ ਚੁੱਕ ਕੇ ਰਾਜਨੀਤਿਕ ਲੋਕ ਆਪਣੀ ਰਾਜਨੀਤੀ ਕਰ ਰਹੇ ਹਨ ਅਤੇ ਹਸਪਤਾਲ ਆਪਣੀ ਮੋਟੀ ਕਮਾਈ ਕਰ ਰਹੇ ਹਨ। ਇੱਥੇ ਸਰਕਾਰਾਂ ਨੂੰ ਇਸ ਬਿਮਾਰੀ ਦੇ ਖਤਰੇ ਪ੍ਰਤੀ ਜਾਣਕਾਰੀ ਦੇਣ ਦੇ ਨਾਲ ਨਾਲ ਸਿਸਟਮ ਨੂੰ ਸੁਧਾਰਨਾ ਬਹੁਤ ਜ਼ਰੂਰੀ ਹੈ ਤਾਂ ਜੋ ਡਰੇ ਹੋਏ ਲੋਕਾਂ ਵਿਚ ਇਕ ਆਸ ਦੀ ਕਿਰਨ ਜਾਗ ਸਕੇ। ਹਸਪਤਾਲਾਂ ਵਿੱਚ ਹੋ ਰਹੀ ਲੁੱਟ ਅਤੇ ਦਿਖਾਏ ਜਾ ਰਹੇ ਮੌਤ ਦੇ ਅੰਕੜੇ ਚਿੰਤਾਜਨਕ ਹਨ ਆਕਸੀਜਨ ਦੇ ਸਿਲੰਡਰਾਂ ਦੀ ਕਾਲਾਬਾਜ਼ਾਰੀ ਅਤੇ ਦਵਾਈਆਂ ਦੀ ਹੋ ਰਹੇ ਇਸ ਗੋਰਖਧੰਦੇ ਨੂੰ ਖ਼ਤਮ ਕਰਨਾ ਚਾਹੀਦਾ ਹੈ ਤਾਂ ਜੋ ਲੋਕਾਂ ਵਿੱਚ ਸਰਕਾਰਾਂ ਅਤੇ ਹਸਪਤਾਲਾਂ ਪ੍ਰਤੀ ਵਿਸ਼ਵਾਸ ਬਣਿਆ ਰਹਿ ਸਕੇ । ਬਹੁਤ ਸਾਰੇ ਲੋਕ ਜਿਨ੍ਹਾਂ ਦਾ ਕਾਰੋਬਾਰ ਇਸ ਮਹਾਂਮਾਰੀ ਵਿੱਚ ਖ਼ਤਮ ਹੋਣ ਦੇ ਕਿਨਾਰੇ ਹਨ ਉਹ ਵੀ ਮਾਨਸਿਕ ਤੌਰ ਤੇ ਪਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ। ਅੱਜ ਹਰੇਕ ਮਨੁੱਖ ਦਿਮਾਗੀ ਤੌਰ ਤੇ ਪਰੇਸ਼ਾਨ ਹੈ ਜਿਸ ਨਾਲ ਉਸ ਦੇ ਸਰੀਰ ਉੱਤੇ ਉਸ ਦਾ ਅਸਰ ਹੋਣਾ ਲਾਜ਼ਮੀ ਹੈ । ਇੱਥੇ ਵੇਖਣ ਵਿੱਚ ਆਉਂਦਾ ਹੈ ਜਿਨ੍ਹਾਂ ਲੋਕਾਂ ਨੇ ਹਰ ਰੋਜ਼ ਕਮਾਉਣਾ ਤੇ ਖਾਣਾ ਹੈ ਉਨ੍ਹਾਂ ਲਈ ਬਾਹਰ ਨਿਕਲਣਾ ਵੀ ਜ਼ਰੂਰੀ ਹੈ। ਜੋ ਲੋਕ ਮਜ਼ਦੂਰੀ ਕਰਦੇ ਹਨ ਜਾਂ ਆਪਣੇ ਕੰਮਕਾਰ ਵਿੱਚ ਵਿਅਸਤ ਰਹਿੰਦੇ ਹਨ ਅਤੇ ਮੀਡੀਆ ਦੀਆਂ ਖ਼ਬਰਾਂ ਅਤੇ ਸੋਸ਼ਲ ਮੀਡੀਆ ਦੀਆਂ ਖ਼ਬਰਾਂ ਵੱਲ ਧਿਆਨ ਨਹੀਂ ਦਿੰਦੇ ਉਨ੍ਹਾਂ ਦੇ ਲਈ ਕਰੋਨਾ ਨਾਂ ਦੀ ਕੋਈ ਬਿਮਾਰੀ ਹੈ ਹੀ ਨਹੀਂ ਅਤੇ ਜੋ ਲੋਕ ਸਾਰਾ ਦਿਨ ਨਿਊਜ਼ ਚੈਨਲਾਂ ਉੱਤੇ ਰੁਲਦੀਆਂ ਲਾਸ਼ਾਂ ਮੀਡੀਆ ਦੁਆਰਾ ਤਿਆਰ ਕੀਤੀਆਂ ਕਹਾਣੀਆਂ ਅਤੇ ਹਸਪਤਾਲਾਂ ਅੱਗੇ ਕੁਝ ਲੋਕ ਜੋ ਆਕਸੀਜਨ ਦੇ ਸਿਲੰਡਰਾਂ ਲਈ ਲੜ ਅਤੇ ਮਰ ਰਹੇ ਹਨ ਉਨ੍ਹਾਂ ਨੂੰ ਦੇਖ ਕੇ ਆਪਣੇ ਵਿੱਚ ਕੋਰੂਨਾ ਦੇ ਲੱਛਣ ਦੇਖਣ ਲੱਗ ਪੈਂਦੇ ਹਨ। ਜੋ ਹੌਲੀ ਹੌਲੀ ਬੀਮਾਰ ਹੋ ਜਾਂਦੇ ਹਨ ਸਭ ਤੋਂ ਜ਼ਿਆਦਾ ਵੱਡਾ ਕਾਰਨ ਜੇਕਰ ਤੁਸੀਂ ਹਰ ਸਮੇਂ ਇਸ ਬਿਮਾਰੀ ਦੇ ਭੈਅ ਵਿੱਚ ਰਹਾਗੇ ਤਾਂ ਤੁਹਾਡਾ ਬੀਮਾਰ ਹੋਣਾ ਲਾਜ਼ਮੀ ਹੈ। ਇੱਥੇ ਇਹ ਵੀ ਵੇਖਣ ਵਿੱਚ ਆਉਂਦਾ ਹੈ ਕਿ ਜੋ ਲੋਕ ਗ਼ਰੀਬੀ ਕਾਰਨ ਆਰਐਮਪੀ ਡਾਕਟਰ ਕੋਲ ਜਾਂਦੇ ਹਨ ਉਹ ਜਲਦ ਠੀਕ ਹੋ ਜਾਂਦੇ ਜਦੋਂਕਿ ਵੱਡੇ ਹਸਪਤਾਲ ਜੋ ਵਪਾਰਕ ਸੰਸਥਾਵਾਂ ਬਣ ਚੁੱਕੀਆਂ ਹਨ ਉੱਥੇ ਜਾਣ ਵਾਲੇ ਮਰੀਜ਼ ਲੰਬਾ ਸਮਾਂ ਉਨ੍ਹਾਂ ਦੇ ਗਾਹਕ ਬਣ ਕੇ ਰਹਿ ਜਾਂਦੇ ਹਨ । ਇਸ ਲਈ ਸਾਨੂੰ ਮੀਡੀਆ ਅਤੇ ਸੋਸ਼ਲ ਮੀਡੀਆ ਤੇ ਫੈਲਣ ਵਾਲੀਆਂ ਖ਼ਬਰਾਂ ਤੇ ਬਹੁਤਾ ਧਿਆਨ ਨਾ ਦੇ ਕੇ ਆਪਣੇ ਤਰਕ ਅਤੇ ਸਰਕਾਰੀ ਗਾਈਡ ਲਾਈਨ ਦਾ ਪਾਲਣ ਕਰਦੇ ਹੋਏ ਹਮੇਸ਼ਾ ਪੌਜ਼ਟਿਵ ਰਹਿਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਜਿਵੇਂ ਹੁਣ ਦੇਖਣ ਵਿਚ ਆ ਰਿਹਾ ਹੈ ਕਿ ਵੈਕਸੀਨੇਸ਼ਨ ਲਗਵਾਉਣ ਵਿੱਚ ਵੀ ਲੋਕਾਂ ਦੇ ਵੱਖ ਵੱਖ ਵਿਚਾਰ ਹਨ ਬਹੁਤ ਸਾਰੇ ਲੋਕ ਇਸ ਨੂੰ ਜ਼ਰੂਰੀ ਮੰਨ ਰਹੇ ਹਨ ਪਰ ਕਾਫ਼ੀ ਲੋਕਾਂ ਦੇ ਵਿਚਾਰ ਇਸ ਦੇ ਉਲਟ ਵੀ ਹਨ। ਇੱਥੇ ਸਰਕਾਰ ਦੇ ਨੁਮਾਇੰਦੇ ਜਾਂ ਸਿਹਤ ਮੰਤਰਾਲੇ ਵੱਲੋਂ ਇਕ ਬਿਆਨ ਵੈਕਸੀਨੇਸ਼ਨ ਦੇ ਲਈ ਆਉਣਾ ਬਹੁਤ ਜ਼ਰੂਰੀ ਹੈ ਤਾਂ ਜੋ ਇਸ ਸ਼ਸ਼ੋਪੰਜ ਵਿੱਚੋਂ ਨਿਕਲ ਕੇ ਲੋਕ ਆਪਣੇ ਵੈਕਸੀਨੇਸ਼ਨ ਲਗਵਾਉਣ ਜਾਂ ਨਾ ਲਗਵਾਉਣ ਇਸ ਲਈ ਇਸ ਤਰ੍ਹਾਂ ਮਾਨਸਿਕ ਪ੍ਰੇਸ਼ਾਨੀ ਤੋਂ ਬਚਿਆ ਜਾ ਸਕਦਾ ਹੈ।

ਇਸ ਲਈ ਅਸੀਂ ਆਖ ਸਕਦੇ ਹਾਂ ਕਿ ਜਿਨ੍ਹਾਂ ਸਾਨੂੰ ਇਸ ਬਿਮਾਰੀ ਨਾਲ ਸਰੀਰਿਕ ਤੌਰ ਤੇ ਲੜਨ ਦੀ ਲੋੜ ਹੈ ਉਸ ਤੋਂ ਕਿਤੇ ਜ਼ਿਆਦਾ ਮਾਨਸਿਕ ਤੌਰ ਤੇ ਇਸ ਬਿਮਾਰੀ ਨੂੰ ਹਰਾਉਣ ਲਈ ਤਾਕਤਵਰ ਹੋਣਾ ਜ਼ਰੂਰੀ ਹੈ। ਜੇਕਰ ਸਰਕਾਰਾਂ ਅਤੇ ਲੋਕ ਮਾਨਸਿਕ ਤੌਰ ਤੇ ਇਸ ਬਿਮਾਰੀ ਤੇ ਜਿੱਤ ਪਾ ਲੈਂਦੇ ਹਨ ਤਾਂ ਅਸੀਂ ਸਰੀਰਕ ਤੌਰ ਤੇ ਵੀ ਇਸ ਬਿਮਾਰੀ ਨੂੰ ਆਸਾਨੀ ਨਾਲ ਹਰਾ ਸਕਦੇ ਹਾਂ । ਪਰ ਇਸ ਲਈ ਸਰਕਾਰਾਂ ਨੂੰ ਰਾਜਨੀਤੀ ਛੱਡ ਕੇ ਇਕ ਜ਼ੰਮੇਵਾਰੀ ਦਿਖਾਉਣੀ ਪੈਣੀ ਹੈ ਤਾਂ ਜੋ ਅਸੀਂ ਸਭ ਰਲ ਕੇ ਇਸ ਬਿਮਾਰੀ ਨੂੰ ਖ਼ਤਮ ਕਰ ਸਕੀਏ। ਇੱਥੇ ਮੀਡੀਆ ਨੂੰ ਵੀ ਆਪਣਾ ਸਕਾਰਤਮਕ ਰੂਪ ਦਿਖਾਉਣਾ ਜ਼ਰੂਰੀ ਹੈ ਲਾਸ਼ਾਂ ਦੀ ਥਾਂ ਜੇਕਰ ਅਸੀਂ ਠੀਕ ਹੋਕੇ ਜਾਣ ਵਾਲਿਆਂ ਦੀਆਂ ਖ਼ਬਰਾਂ ਜ਼ਿਆਦਾ ਦਿਖਾਈਏ ਤਾਂ ਮਾਨਸਿਕ ਤੌਰ ਤੇ ਲੋਕਾਂ ਵਿਚ ਹੌਸਲਾ ਆਉਣਾ ਸ਼ੁਰੂ ਹੋ ਜਾਵੇਗਾ। ਇਸ ਬਿਮਾਰੀ ਤੇ ਜਿੱਤ ਪ੍ਰਾਪਤ ਕਰਨ ਲਈ ਸਾਨੂੰ ਹੌਸਲੇ ਇਮਾਨਦਾਰੀ ਅਤੇ ਸਾਵਧਾਨੀ ਦੀ ਜ਼ਰੂਰਤ ਹੈ । ਪਿਛਲੇ ਸਾਲਾਂ ਦੇ ਮਰਨ ਦਰ ਦੇ ਅੰਕੜਿਆਂ ਤੇ ਨਜ਼ਰ ਮਾਰੀ ਜਾਵੇ ਤਾਂ ਇਨ੍ਹਾਂ ਦੋ ਸਾਲਾਂ ਵਿਚ ਕੋਈ ਜ਼ਿਆਦਾ ਫ਼ਰਕ ਦਿਖਾਈ ਨਹੀਂ ਦਿੰਦਾ। ਇੱਥੋਂ ਇਹ ਸਾਬਿਤ ਹੁੰਦਾ ਹੈ ਕਿ ਇਸ ਮਹਾਂਮਾਰੀ ਨੇ ਜ਼ਿਆਦਾ ਮੌਤਾਂ ਦੀ ਗਿਣਤੀ ਨਹੀਂ ਵਧਾਈ ਸਗੋਂ ਦਹਿਸ਼ਤ ਜ਼ਿਆਦਾ ਵਧਾਈ ਹੈ । ਇਸ ਦਹਿਸ਼ਤ ਨੂੰ ਖਤਮ ਕਰਨ ਲਈ ਸਾਨੂੰ ਹੱਸਦੇ ਖੇਡਦੇ ਆਪਣੇ ਪਰਿਵਾਰ ਨਾਲ ਰਲ ਮਿਲ ਕੇ ਰਹਿਣਾ ਚਾਹੀਦਾ ਹੈ । ਚੰਗੇ ਮਾੜੇ ਸਮੇਂ ਆਉਂਦੇ ਰਹੇ ਹਨ ਆਉਂਦੇ ਰਹਿਣਗੇ ਇਨ੍ਹਾਂ ਦਾ ਮੁਕਾਬਲਾ ਡਰ ਕੇ ਨਹੀਂ ਸਗੋਂ ਹੌਸਲੇ ਨਾਲ ਕਰਨਾ ਚਾਹੀਦਾ ਹੈ ਕੰਮਕਾਜ ਪੈਸਾ ਇਹ ਸਭ ਮਨੁੱਖ ਲਈ ਬਣਾਈਆਂ ਹੋਈਆਂ ਵਸਤਾਂ ਹਨ ਸਮਾਂ ਆਉਣ ਤੇ ਇਨ੍ਹਾਂ ਵਸਤੂਆਂ ਨੂੰ ਦੁਬਾਰਾ ਬਣਾਇਆ ਜਾ ਸਕਦਾ ਹੈ। ਪਰ ਕੁਦਰਤ ਨੇ ਜੋ ਸਾਨੂੰ ਇਹ ਸਮਾਂ ਆਪਣੇ ਪਰਿਵਾਰ ਲਈ ਬੱਚਿਆਂ ਲਈ ਸਾਕ ਸਬੰਧੀਆਂ ਲਈ ਦਿੱਤਾ ਹੈ ਉਸ ਨੂੰ ਜਿਊਣਾ ਸਿੱਖੋ । ਕੁਦਰਤ ਨੇ ਸਾਨੂੰ ਦਿਖਾਇਆ ਹੈ ਕਿ ਉਸ ਤੋਂ ਉੱਪਰ ਕੋਈ ਵਸਤੂ ਨਹੀਂ ਮਨੁੱਖ ਨੇ ਚਾਹੇ ਕਿੰਨੀ ਵੀ ਤਰੱਕੀ ਕਿਉਂ ਨਾ ਕਰ ਲਈ ਹੋਵੇ ਪਰ ਉਹ ਕੁਦਰਤ ਤੋਂ ਪਾਰ ਨਹੀਂ ਜਾ ਸਕਦਾ ਕੁਦਰਤ ਜਦ ਵੀ ਚਾਹੇ ਆਪਣਾ ਰੰਗ ਦਿਖਾ ਸਕਦੀ ਹੈ । ਮਨੁੱਖ ਦੀਆਂ ਬਣਾਈਆਂ ਹੋਈਆਂ ਵਸਤਾਂ ਜਹਾਜ਼ ,ਕਾਰਾਂ ,ਜੀਪਾਂ, ਰੇਲ ਗੱਡੀਆਂ ਇਸ ਬਿਮਾਰੀ ਨੇ ਰੋਕ ਦਿੱਤੀਆਂ ਪਰ ਕੁਦਰਤੀ ਵਸਤਾਂ ਹਵਾ ਪਾਣੀ ਅਨਾਜ ਜਿਸ ਦੀ ਵਰਤੋਂ ਨਾਲ ਅਸੀਂ ਜਿਊਂਦੇ ਹਾਂ ਉਹ ਹੀ ਬਾਕੀ ਬਚੀਆਂ ਹੈ । ਇਸ ਲਈ ਕੁਦਰਤ ਸਭ ਤੋਂ ਉੱਪਰ ਹੈ ਇਸ ਤੋਂ ਉੱਪਰ ਕਦੇ ਬਣਿਆ ਨਹੀਂ ਜਾ ਸਕਦਾ ਹਮੇਸ਼ਾਂ ਖ਼ੁਸ਼ ਰਹਿਣ ਦੀ ਕੋਸ਼ਿਸ਼ ਕਰੋ ਦੁੱਖ ਤਕਲੀਫ਼ਾਂ ਜ਼ੰਦਿਗੀ ਦਾ ਹਿੱਸਾ ਹਨ ਜਿਨ੍ਹਾਂ ਨੂੰ ਪਾਰ ਕਰਨਾ ਹੀ ਜ਼ਿੰਦਗੀ ਹੈ ਮਾਨਸਿਕ ਤੌਰ ਤੇ ਤੰਦਰੁਸਤ ਰਹਿਣ ਲਈ ਆਪਣੇ ਆਪ ਨੂੰ ਵਿਅਸਤ ਰੱਖਣ ਦੀ ਕੋਸ਼ਿਸ਼ ਕਰੋ ਫਾਲਤੂ ਦੀਆਂ ਖ਼ਬਰਾਂ ਸ਼ੋਸਲ ਮੀਡੀਆ ਦੇਖਣਾ ਬੰਦ ਕਰੋ ਕਿਤਾਬਾਂ ਨਾਲ ਜੁੜ ਕੇ ਆਪਣੇ ਅੰਦਰ ਨੂੰ ਅਮੀਰ ਕਰੋ ਅਤੇ ਸਾਦਾ ਜੀਵਨ ਜਿਉਣ ਦੀ ਕਲਾ ਸਿੱਖੋ ਤਾਂ ਜੋ ਦੁਨਿਆਵੀ ਵਸਤਾਂ ਤੋਂ ਉੱਪਰ ਉੱਠ ਕੇ ਅਸੀਂ ਅਸਲ ਜ਼ਿੰਦਗੀ ਜਿਊਣਾ ਸਿੱਖੀਏ। ਕੁਝ ਸਮਾਂ ਸਰੀਰਕ ਕਸਰਤਾਂ ਕਰੋ ਘੱਟ ਖਾਓ ਪਰ ਚੰਗਾ ਖਾਓ ਹੱਸੋ ਖੇਡੋ ਹਮੇਸ਼ਾ ਚੜ੍ਹਦੀ ਕਲਾ ਦੀ ਗੱਲ ਕਰੋ । ਇਸ ਬਿਮਾਰੀ ਦਾ ਸਾਹਮਣਾ ਡਰ ਕੇ ਨਹੀਂ ਸਾਵਧਾਨ ਰਹਿ ਕੇ ਹੌਸਲੇ ਨਾਲ ਕੀਤਾ ਜਾ ਸਕਦਾ ਹੈ ।

## ਉਹ ਲੋਕੀ ਥੋੜ੍ਹੇ ਨੇ....

ਦਿਲੋਂ ਵੀ ਕਰਨ ਪਿਆਰ, ਉਹ ਲੋਕੀ ਥੋੜ੍ਹੇ ਨੇ।
ਔਖੇ ਵੇਲ਼ੇ ਲੈਣ ਸਾਰ, ਉਹ ਲੋਕੀ ਥੋੜ੍ਹੇ ਨੇ।
ਹੋ ਜਾਏ ਮਤਲਬ ਹੱਲ, ਨਾ ਕਰਦੇ ਗੱਲ,
ਤੇ ਰਹਿਣ ਵਫ਼ਾਦਾਰ, ਉਹ ਲੋਕੀ ਥੋੜ੍ਹੇ ਨੇ।
ਗੁਮਨਾਮੀ ਵਿੱਚ ਬੈਠਾ, ਸਟਾਰ ਬਣਾ ਦਿੱਤਾ,
ਨਹੀਂ ਭੁੱਲਿਆ ਉੱਪਕਾਰ, ਉਹ ਲੋਕੀ ਥੋੜ੍ਹੇ ਨੇ।
ਸ਼ੌਹਰਤ ਦੌਲਤ ਪਾ ਕੇ ਵੀ ਹੰਕਾਰ ਨਹੀਂ,
ਹੋਣ ਨਾ ਪੱਬਾਂ ਭਾਰ, ਉਹ ਲੋਕੀ ਥੋੜ੍ਹੇ ਨੇ।
ਹਰ ਰਾਹੀ ਮੰਜ਼ਿਲ ਨੂੰ ਪਹੁੰਣਾ ਚਹੁੰਦਾ ਹੈ,
ਸੁਫ਼ਨੇ ਹੋਣ ਸਾਕਾਰ, ਉਹ ਲੋਕੀ ਥੋੜ੍ਹੇ ਨੇ।
ਜਪ, ਤਪ,ਮਾਲ਼ਾ ਫੇਰੀ,ਰਾਖ ਪਿੰਡੇ ਮਲ਼ ਬੈਠੇ,
ਹੋ 'ਜੇ ਮੁਰਸ਼ਦ ਦਾ ਦੀਦਾਰ,ਉਹ ਲੋਕੀ ਥੋੜ੍ਹੇ ਨੇ।
ਛੱਡ ਘਰਵਾਰ ਜੋਗੀ ਹੋਏ, ਵਾਸਾ ਜੰਗਲਾਂ 'ਚ,
ਤਿਆਗ ਵੀ ਦੇਣ ਸੰਸਾਰ, ਉਹ ਲੋਕੀ ਥੋੜ੍ਹੇ ਨੇ।
ਹੋ ਜਾਏ ਗਲਤੀ, ਮਾਫ਼ੀ ਵੀ ਅਸੀਂ ਮੰਗ ਲਈਏ,
ਕਰਨ ਭੁੱਲ ਦਾ ਇਜ਼ਹਾਰ, ਲੋਕੀ ਥੋੜ੍ਹੇ ਨੇ।
ਫੁੱਲਾਂ ਨੂੰ ਤਾਂ ਹਰ ਕੋਈ ਕਰਨਾ ਪਿਆਰ ਚਾਹੇ,
ਗਲ਼ 'ਚ ਖਾਰਾਂ ਦਾ ਹਾਰ,ਉਹ ਲੋਕੀ ਥੋੜ੍ਹੇ ਨੇ।
ਹੋ ਜਾਂਦੈ ਸਨਮਾਨ, ਕਰ ਢਿੱਲੀ ਜੇਬ ਜਰਾ,
ਕਿੰਨੇ ਕੁ ਨੇ ਹੱਕਦਾਰ, ਉਹ ਲੋਕੀ ਥੋੜ੍ਹੇ ਨੇ।
ਆਪਣਾ ਭਲਾ ਤਾਂ ਹਰ ਕੋਈ ਲੋਕੋ ਕਰ ਲੈਂਦਾ,
ਜੋ ਬਣਦੈ ਸੂਤਰਧਾਰ, ਉਹ ਲੋਕੀ ਥੋੜ੍ਹੇ ਨੇ।
ਦਰ ਤੇ ਆਏ ਸਵਾਲੀ ਨਾ ਮੋੜਨ ਖਾਲੀ,
ਨਾ ਪਉਂਦੇ ਮੱਥੇ ਵੱਟ ਚਾਰ,ਉਹ ਲੋਕੀ ਥੋੜ੍ਹੇ ਨੇ।
ਵਿੱਚ ਟਰੰਟੋ ਵੱਸਦਾ, ਸਾਡਾ ਮਾਣ ਇੱਕਬਾਲ,
'ਮਾਹਲ' ਸਾਂਭੇ ਸੱਭਿਆਚਾਰ,ਉਹ ਲੋਕੀ ਥੋੜ੍ਹੇ ਨੇ।
ਝੁਕ ਕੇ ਕਰਨ ਸਲਾਮ ਮਨ ਵਿੱਚ ਵੈਰ ਬੜਾ,
'ਹਕੀਰ' ਮੈਂ ਨੂੰ ਲੈਂਦੇ ਮਾਰ, ਉਹ ਲੋਕੀ ਥੋੜ੍ਹੇ ਨੇ।

(ਸੁਲੱਖਣ ਸਿੰਘ) ਫੋਨ 647-786-6347

## ਹਲਕਾ ਫੁਲਕਾ

ਅਧਿਆਪਕ, "ਅੰਗਰੇਜ਼ਾਂ ਨੇ ਚੰਦਰਮਾ ਉੱਤੇ ਪਾਣੀ ਤੇ ਬਰਫ ਦੀ ਖੋਜ ਕਰ ਲਈ ਹੈ। ਦੱਸੋ ਇਸ ਖੋਜ ਤੋਂ ਤੁਸੀਂ ਕੀ ਸਿਖਿਆ?"
ਮਹਿੰਦਰ, "ਬੱਸ ਓਥੇ ਅਸੀਂ ਸਿਰਫ ਦਾਰੂ ਤੇ ਨਮਕੀਨ ਲੈ ਕੇ ਹੀ ਜਾਣਾ ਹੈ?"

*********

ਵਿਪਨ, "ਭਰਾ, ਤੈਨੂੰ ਪਤਾ ਹੈ ਕੰਡਿਆਂ ਭਰੇ ਰਸਤੇ ਉੱਤੇ ਕੌਣ ਸਾਥ ਦਿੰਦਾ ਹੈ?"
ਰਾਹੁਲ, "ਮਾਂ, ਪਿਤਾ, ਭਰਾ, ਭੈਣ ਤੇ ਦੋਸਤ।"
ਵਿਪਨ, "ਓ ਨਹੀਂ।"
ਰਾਹੁਲ, "ਫਿਰ ਕੌਣ ਦਿੰਦਾ ਹੈ?"
ਵਿਪਨ, "ਚੱਪਲ, ਹੋਰ ਕੌਣ।"

*********

ਚਿੰਟੂ, "ਓ ਬੰਟੀ, ਬੜਾ ਖੁਸ਼ ਨਜ਼ਰ ਆ ਰਿਹਾ ਏਂ?"
ਬੰਟੀ, "ਹਾਂ ਬਈ, ਰਾਕੇਸ਼ ਦੀ 10 ਲੱਖ ਦੀ ਲਾਟਰੀ ਲੱਗੀ ਹੈ।"
ਚਿੰਟੂ, "...ਤਾਂ ਉਸ ਦੀ ਲਾਟਰੀ ਲੱਗਣ ਉੱਤੇ ਤੂੰ ਇੰਨਾ ਖੁਸ਼ ਕਿਉਂ ਏਂ?"
ਬੰਟੀ, "ਸੁਣਿਆ ਹੈ ਕਿ ਉਸ ਦੀ ਲਾਟਰੀ ਵਾਲੀ ਟਿਕਟ ਉਸ ਦਾ ਕੁੱਤਾ ਖਾ ਗਿਆ।"


ਜ਼ਰੂਰ ਜਾਣੋ; ਗਿਆਨ ਗੰਗਾ

।। ਜੀਵ ਹਮਾਰੀ ਜਾਤੀ ਹੈ, ਮਾਨਵ ਧਰਮ ਹਮਾਰਾ । ਹਿੰਦੂ, ਮੁਸਲਿਮ, ਸਿੱਖ, ਇਸਾਈ, ਧਰਮ ਨਹੀਂ ਕੋਈ ਨਿਆਰਾ ।।

- ਬ੍ਰਹਮਾ, ਵਿਸ਼ਨੂੰ, ਮਹੇਸ਼ ਦੇ ਮਾਤਾ-ਪਿਤਾ ਕੌਣ ਹਨ ?
- ਸ਼ੇਰਾਂਵਾਲੀ ਮਾਤਾ (ਦੁਰਗਾ ਅਸ਼ਟਾਂਗੀ) ਦਾ ਪਤੀ ਕੌਣ ਹੈ ?
- ਸਾਨੂੰ ਜਨਮ ਦੇਣ ਤੇ ਮਾਰਣ ਵਿੱਚ ਕਿਸ ਪ੍ਰਭੂ ਦਾ ਸਵਾਰਥ ਹੈ ?
- ਅਸੀਂ ਸਾਰੇ ਦੇਵੀ-ਦੇਵਤਿਆਂ ਦੀ ਇੰਨੀ ਭਗਤੀ ਕਰਦੇ ਹਾਂ, ਫਿਰ ਵੀ ਦੁੱਖੀ ਕਿਉਂ ਹਾਂ ?
- ਬ੍ਰਹਮਾਂ, ਵਿਸ਼ਨੂੰ, ਮਹੇਸ਼ ਕਿਸਦੀ ਭਗਤੀ ਕਰਦੇ ਹਨ ?
- ਪੂਰਨ ਸੰਤ ਦੀ ਪਹਿਚਾਣ ਕੀ ਹੈ ? 'ਤੇ ਮੋਕਸ਼ ਕਿਵੇਂ ਮਿਲੇਗਾ ?
- ਪਰਮਾਤਮਾ ਸਾਕਾਰ ਹੈ ਜਾਂ ਨਿਰਾਕਾਰ ?
- ਕਿਸੀ ਵੀ ਗੁਰੂ ਦੀ ਸ਼ਰਨ ਵਿੱਚ ਜਾਣ ਨਾਲ ਮੁਕਤੀ ਸੰਭਵ ਹੈ ਜਾਂ ਨਹੀਂ ?
- ਤੀਰਥ, ਵਰਤ, ਤਰਪਣ ਅਤੇ ਸ਼ਰਾਧ ਨਿਕਾਲਣ ਨਾਲ ਕੋਈ ਲਾਭ ਹੈ ਜਾਂ ਨਹੀਂ (ਗੀਤਾ ਅਨੁਸਾਰ) ?
- ਸ੍ਰੀ ਕ੍ਰਿਸ਼ਨ ਜੀ ਕਾਲ ਨਹੀਂ ਹਨ । ਫਿਰ ਗੀਤਾ ਵਾਲਾ ਕਾਲ ਕੌਣ ਹੈ ?
- ਕੌਣ ਅਤੇ ਕਿਵੇਂ ਹੈ ? ਕਿੱਥੇ ਰਹਿੰਦਾ ਹੈ ? ਕਿਵੇਂ ਮਿਲਦਾ ਹੈ ? ਕਿਸ ਨੇ ਦੇਖਿਆ ਹੈ ਪੂਰਨ ਪਰਮਾਤਮਾ ?
- ਸਮਾਧੀ ਅਭਿਆਸ (Meditation) ਰਾਮ, ਹਰੇ ਕ੍ਰਿਸ਼ਣ, ਹਰੀ ਓਮ, ਹੰਸ, ਤਿੰਨ ਤੇ ਪੰਜ ਨਾਮਾਂ ਅਤੇ ਵਾਹਿਗੁਰੂ ਆਦਿ-2 ਨਾਮਾਂ ਦੇ ਜਾਪ ਤੋਂ ਸੁੱਖ ਅਤੇ ਮੁਕਤੀ ਸੰਭਵ ਹੈ ਜਾਂ ਨਹੀਂ?




ਇਨ੍ਹਾਂ ਸਾਰੇ ਪ੍ਰਸ਼ਨਾਂ ਦੇ ਉੱਤਰ ਜਾਣਨ ਲਈ ਕ੍ਰਿਪਾ ਕਰਕੇ ਪੜ੍ਹੋ ਪੁਸਤਕ ਗਿਆਨ ਗੰਗਾ ਜਾਂ ਡਾਊਨਲੋਡ ਕਰੋ: www.jagatgururampalji.org

IPTV ਦੁਆਰਾ ਸਤਸੰਗ ਦੇਖੋ
Sadhna : 11:00 Am - 12:00 PM
Ishwar : 10:00 Am- 11:00 AM
MH One: 4:30 AM- 5:30 AM
Lok Shahi: 8:25 AM - 9:25 AM
Nepal 1: 8:30 PM -9:30 PM
Subharti : 10:30 AM- 11:30 AM
ਜਨ ਤੰਤ੍ਰ: 7:30 PM - 8:30 PM

ਗਿਆਨ ਗੰਗਾ ਪੁਸਤਕ ਦੇ ਆਰਡਰ ਜਾਂ ਸਤਸੰਗ ਦੀ ਜਾਣਕਾਰੀ ਲਈ ਸੰਪਰਕ ਕਰੋ:
satlokashramcanada@gmail.com
satsahibusa@gmail.com
647-739-4641
346-714-0224






KAMAL SANDHU
Sales Representative
647.891.0143
RE/MAX GOLD
realtorkamalsandhu@gmail.com
www.arearealtor.com

Looking For a Nest..? Call the Best




CLOSING IN APRIL 2021
Bedroom 4
Bathroom 2+1
Size (Sq.Ft.) 2455
Home Details 42'

EXCLUSIVE FOR SALE IN WOODSTOCK



FOR SALE
EXCLUSIVE
JAMES C
CLOSING IN APRIL 2021
Bedroom 4
Bathroom 2+1
Size (Sq.Ft.) 2250
Home Details 36'

3+1 bdrms with finished Basement




Just listed for sale on MLS, 5 Sedgegrass way Brampton

KAMAL SANDHU RE/MAX GOLD REALTY INC BROKERAGE

# ਤੂੰ ਬੱਸ ਏਨਾ ਕੁ ਕਸ਼ਟ ਕਰ ਦੇਵੀਂ ਭਾਰਤ, ਲੋਕਾਂ ਨੂੰ ਸੰਕਟ ਦੇ ਸਮਿਆਂ ਵਿੱਚ ਆਪਸ ਵਿੱਚ ਜੁੜਿਆ ਰੱਖੀਂ



ਜਤਿੰਦਰ ਪੰਨੂ

ਭਾਰਤ, ਤੂੰ ਭਰਮ ਦੇ ਵੱਡੇ ਜਾਲ ਵਿੱਚ ਫਸ ਗਿਆ ਹੈਂ। ਉਸ ਜਾਲ ਵਿੱਚ ਫਸ ਗਿਆ ਹੈਂ, ਜਿੱਥੇ ਹਉਮੈ ਦੇ ਭਰੇ ਭੜੋਲੇ ਵਰਗਾ ਇੱਕ ਆਗੂ ਬਾਕੀ ਸਭ ਲੋਕਾਂ ਨੂੰ ਪੁਤਲੀਆਂ ਸਮਝ ਕੇ ਨਚਾਉਣਾ ਚਾਹੁੰਦਾ ਹੈ ਤੇ ਏਦਾਂ ਦਾ ਭਾਰਤ ਉਸ ਨੂੰ ਚਾਹੀਦਾ ਹੈ, ਜਿਹੜਾ ਨਾ ਖਾਣ ਲਈ ਕੁਝ ਮੰਗੇ, ਨਾ ਜੀਵਨ ਲੋੜਾਂ ਦਾ ਚੇਤਾ ਕਰੇ, ਨਾ ਮਹਾਮਾਰੀਆਂ ਅਤੇ ਕੁਦਰਤੀ ਕਰੋਪੀਆਂ ਦੇ ਵਕਤ ਉਸ ਰਾਹਤ ਦੀ ਆਸ ਕਰੇ, ਜਿਹੜੀ ਪਿਤਾ-ਪੁਰਖੀ ਰਾਜੇ ਵੀ ਦੇ ਦਿੱਤਾ ਕਰਦੇ ਸਨ। ਮਰਦੇ ਪਏ ਦੇਸ਼ ਵਾਸੀਆਂ ਵੱਲ ਵੇਖਣ ਨਾਲੋਂ ਉਸ ਨੂੰ ਭਾਰਤ ਦੇ ਨਕਸ਼ੇ ਵਿੱਚ ਉਨ੍ਹਾਂ ਕੁਝ ਬਾਕੀ ਬਚੀਆਂ ਡੱਬ-ਖੜੱਬੀਆਂ ਥਾਵਾਂ ਨੂੰ ਵੇਖਣਾ ਵੱਧ ਜ਼ਰੂਰੀ ਲੱਗਦਾ ਹੈ, ਜਿਹੜੀਆਂ ਆਪਣੇ ਰੰਗ ਵਿੱਚ ਰੰਗਣ ਲਈ ਉਹ ਰਾਤ ਦਿਨ ਸੁਫਨੇ ਲੈਂਦਾ ਹੈ। ਪੱਛਮੀ ਬੰਗਾਲ ਦੀ ਚੋਣ ਮੁਹਿੰਮ ਲਈ ਉਸ ਨੇ ਜਿਹੜਾ ਅਪਰੈਲ ਦਾ ਅੱਧੇ ਤੋਂ ਵੱਧ ਮਹੀਨਾ ਫੂਕ ਛੱਡਿਆ, ਉਹੀ ਮਹੀਨਾ ਦੇਸ਼ ਦੇ ਲੋਕਾਂ ਲਈ ਅੱਜ ਤੱਕ ਦਾ ਸਭ ਤੋਂ ਕਾਲਾ ਸਮਾਂ ਹੋ ਗਿਆ। ਫਰਵਰੀ ਦੇ ਅੰਤਲੇ ਦਿਨ ਕੋਰੋਨਾ ਵਾਇਰਸ ਦੇ ਐਕਟਿਵ ਕੇਸਾਂ ਦੀ ਗਿਣਤੀ ਭਾਰਤ ਵਿੱਚ ਇੱਕ ਲੱਖ ਸੱਤਰ ਹਜ਼ਾਰ ਤੋਂ ਥੋੜ੍ਹੀ ਉੱਤੇ ਸੀ, ਮਾਰਚ ਦੇ ਅੰਤਲੇ ਦਿਨ ਤੱਕ ਚੋਣਾਂ ਲਈ ਰਾਜਸੀ ਲੀਡਰਾਂ ਦੇ ਜਲਸੇ ਸ਼ੁਰੂ ਹੋਣ ਕਾਰਨ ਪੰਜ ਲੱਖ ਪਚਾਸੀ ਹਜ਼ਾਰ ਤੋਂ ਟੱਪ ਗਈ ਤੇ ਪ੍ਰਧਾਨ ਮੰਤਰੀ ਨੇ ਦੌਰੇ ਓਦੋਂ ਸਮੇਟੇ, ਜਦੋਂ ਐਕਟਿਵ ਕੇਸਾਂ ਦੀ ਗਿਣਤੀ ਵੀਹ ਲੱਖ ਤੋਂ ਟੱਪ ਗਈ। ਫਿਰ ਇਹ ਰੁਕੀ ਨਹੀਂ। ਹਾਲਾਤ ਕਾਬੂ ਤੋਂ ਬਾਹਰ ਹੋਣ ਨਾਲ ਅਪਰੈਲ ਮੁੱਕਣ ਤੱਕ ਇਹ ਗਿਣਤੀ ਬੱਤੀ ਲੱਖ ਟੱਪ ਗਈ। ਫਰਵਰੀ ਮੁੱਕਣ ਤੱਕ ਮੌਤਾਂ ਦੀ ਗਿਣਤੀ ਭਾਰਤ ਵਿੱਚ ਅਜੇ ਇੱਕ ਲੱਖ ਸਤਵੰਜਾ ਹਜ਼ਾਰ ਤੋਂ ਡੇਢ ਸੌ ਉੱਤੇ ਸੀ, ਮਾਰਚ ਮੁੱਕਣ ਤੱਕ ਇਹ ਇੱਕ ਲੱਖ ਤਰੇਹਠ ਹਜ਼ਾਰ ਦੇ ਨੇੜੇ ਪਹੁੰਚੀ, ਪਰ ਅਪਰੈਲ ਮੁੱਕਣ ਤੱਕ ਭਾਰਤ ਵਿੱਚ ਮੌਤਾਂ ਦੀ ਗਿਣਤੀ ਦੋ ਲੱਖ ਦਸ ਹਜ਼ਾਰ ਟੱਪ ਗਈ। ਅਪਰੈਲ ਦਾ ਮਹੀਨਾ ਭਾਰਤ ਵਿੱਚ ਸੰਤਾਲੀ ਹਜ਼ਾਰ ਮੌਤਾਂ ਦਾ ਕਾਰਨ ਬਣ ਗਿਆ। ਇਤਿਹਾਸ ਵਿੱਚ ਭਾਰਤ ਵਿੱਚ ਕਦੇ ਏਨੀਆਂ ਮੌਤਾਂ ਨਹੀਂ ਹੋਈਆਂ। ਕਦੀ ਕਿਸੇ ਨੇ ਸੋਚਿਆ ਨਹੀਂ ਸੀ ਕਿ ਏਦਾਂ ਵੀ ਹੋਵੇਗਾ, ਪਰ ਇਹ ਕਹਿਰ ਵਾਪਰ ਗਿਆ ਹੈ।

ਦੇਸ਼ ਦਾ 'ਪ੍ਰਧਾਨ ਸੇਵਕ' ਕਹਾਉਣ ਦੇ ਨਾਟਕ ਕਰਨ ਵਾਲਾ ਆਗੂ ਮੌਤਾਂ ਨਾਲ ਦੁਖੀ ਹੋਣ ਦੀ ਬਜਾਏ ਇਸ ਗੱਲ ਤੋਂ ਦੁਖੀ ਹੁੰਦਾ ਹੈ ਕਿ ਉਸ ਦੀ ਸਰਕਾਰ ਦੀ ਭੰਡੀ ਹੁੰਦੀ ਹੈ। ਜਿਹੋ ਜਿਹੇ ਕੰਮ ਹੋਣ, ਓਦਾਂ ਦੀ ਸੋਭਾ ਹੁੰਦੀ ਹੈ। ਦੁਨੀਆ ਭਰ ਦੇ ਅਖਬਾਰ ਉਸ ਦੇ ਚੋਣ ਚਸਕਿਆਂ ਤੇ ਭਾਸ਼ਣਾਂ ਦੌਰਾਨ ਆਈਆਂ ਮਕਾਣਾਂ ਨੇ ਕੰਬਣ ਲਾ ਦਿੱਤੇ ਹਨ, ਜਿਸ ਪਿੱਛੋਂ ਉਹ ਹਕੀਕਤਾਂ ਪੇਸ਼ ਕਰ ਰਹੇ ਹਨ ਤਾਂ ਇਹ ਭਾਰਤ ਦੇ ਨੇਤਾ ਨੂੰ ਭੰਡੀ ਜਾਪੀ ਹੈ। ਜਿਸ ਟਾਈਮ ਮੈਗਜ਼ੀਨ ਨੇ ਕਦੇ ਉਸ ਦੀ ਫੋਟੋ ਪਹਿਲੇ ਸਫੇ ਉੱਤੇ ਦਿਖਾਈ ਤਾਂ ਉਹ ਆਪਣੇ ਆਪ ਧੰਨ ਸਮਝਦਾ ਸੀ, ਅੱਜ ਉਹੀ ਟਾਈਮ ਜੇ ਭਾਰਤ ਦੇਸ਼ ਦੇ ਸ਼ਮਸਾਨ ਘਾਟਾਂ ਵਿੱਚ ਮੱਚਦੇ ਸਿਵਿਆਂ ਦੀ ਫੋਟੋ ਛਾਪਦਾ ਹੈ ਤਾਂ ਇਹ ਪ੍ਰਧਾਨ ਮੰਤਰੀ ਨੂੰ ਭੰਡੀ ਜਾਪੀ ਹੈ। ਅਮਰੀਕਾ ਦਾ ਅਖਬਾਰ ਵਾਸ਼ਿੰਗਟਨ ਪੋਸਟ, ਇੰਗਲੈਂਡ ਦਾ ਗਾਰਡੀਅਨ ਅਤੇ ਦੁਨੀਆ ਭਰ ਦੇ ਮੀਡੀਆ ਚੈਨਲਾਂ ਤੋਂ ਭਾਰਤ ਦੇਸ਼ ਦੇ ਹਾਲਾਤ ਦੀ ਚਰਚਾ ਵਿੱਚ ਮਰ ਗਏ ਲੋਕਾਂ ਦੇ ਅੰਕੜੇ ਵੀ ਤੇ ਮਰਨਾਊ ਪਏ ਲੋਕਾਂ ਦੇ ਅੰਕੜੇ ਵੀ ਪੇਸ਼ ਕੀਤੇ ਜਾਂਦੇ ਹਨ ਤਾਂ ਇਹ ਭਾਰਤ ਦੀ ਭੰਡੀ ਜਾਪੀ ਹੈ। ਉਹ ਲੋਕ ਭਾਰਤ ਦੀ ਭੰਡੀ ਨਹੀਂ ਕਰਦੇ, ਹਰ ਪੇਸ਼ਕਾਰੀ ਦੇ ਵਕਤ ਇਹ ਕਹਿੰਦੇ ਹਨ ਕਿ ਇਹ ਹਾਲਤ ਭਾਰਤ ਦੇ ਇੱਕ ਨੇਤਾ ਦੇ ਚੋਣ ਚਸਕੇ ਕਾਰਨ ਪੈਦਾ ਹੋਈ ਹੈ। ਇਸ ਵਿੱਚ ਇੱਕ ਦੇਸ਼ ਦੀ ਭੰਡੀ ਨਹੀਂ, ਘੁਮੰਡ ਦੇ ਘੋੜੇ ਉੱਤੇ ਚੜ੍ਹੇ ਹੋਏ ਇੱਕ ਨੇਤਾ ਦੀ ਮਰਦੇ ਪਏ ਲੋਕਾਂ ਵਾਸਤੇ ਕੁਝ ਕਰਨ ਦੀ ਥਾਂ ਉਸ ਦੇ ਆਪਣੇ ਰਾਜ ਦੀਆਂ ਹੱਦਾਂ ਹੋਰ ਵਧਾਉਣ ਦੀ ਵਡੇਰੀ ਲਾਲਸਾ ਦਾ ਖੁਲਾਸਾ ਕੀਤਾ ਸਮਝਿਆ ਜਾ ਸਕਦਾ ਹੈ।

ਬਾਹਰਲੇ ਦੇਸ਼ਾਂ ਵਾਲੇ ਬੋਲਦੇ ਹਨ ਤਾਂ ਭਾਰਤ ਦੀ ਭੰਡੀ ਕਰਦੇ ਜਾਪਦੇ ਹਨ, ਆਪਣੇ ਲੋਕ ਬੋਲਦੇ ਹਨ ਤਾਂ ਮੋਦੀ ਟੀਮ ਨੂੰ ਉਹ ਵਿਰੋਧੀਆਂ ਦਾ ਕੂੜ-ਪ੍ਰਚਾਰ ਜਾਪਦਾ ਹੈ, ਪਰ ਭਾਜਪਾ ਦੇ ਆਪਣੇ ਅੰਦਰੋਂ ਜੋ ਬੋਲਿਆ ਗਿਆ ਹੈ, ਉਸ ਦੇ ਬਾਰੇ ਪ੍ਰਧਾਨ ਮੰਤਰੀ ਜਾਂ ਉਸ ਦੇ ਚੇਲਿਆਂ ਦੇ ਦੰਦ ਜੁੜੇ ਹੋਏ ਹਨ। ਕੇਂਦਰੀ ਮੰਤਰੀ ਮੰਡਲ ਵਿਚਲੇ ਤਿੰਨ ਚਿਹਰਿਆਂ ਦੇ ਹੱਥ ਸਾਰੀ ਤਾਕਤ ਮੰਨੀ ਜਾਂਦੀ ਹੈ, ਇੱਕ ਪ੍ਰਧਾਨ ਮੰਤਰੀ ਮੋਦੀ, ਦੂਸਰਾ ਗ੍ਰਹਿ ਮੰਤਰੀ ਅਮਿਤ ਸ਼ਾਹ ਤੇ ਤੀਸਰਾ ਨੰਬਰ ਖਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਦਾ ਹੈ। ਨਿਰਮਲਾ ਸੀਤਾਰਮਨ ਜਦੋਂ ਇਕਨ-ਾਮਿਕਸ ਪੜ੍ਹਨ ਲਈ ਕਲਾਸ ਵਿੱਚ ਬੈਠਦੀ ਸੀ, ਉਸ ਦਾ ਪਤੀ ਪਰਕਲਾ ਪ੍ਰਭਾਕਰ ਉਸ ਦੇ ਨਾਲ ਇਕਨਾਮਿਕਸ ਦਾ ਵਿਦਿਆਰਥੀ ਹੁੰਦਾ ਸੀ। ਦੋਵੇਂ ਇਕੱਠੇ ਪੜ੍ਹੇ ਹਨ, ਪਰ ਉਸ ਦਾ ਪਤੀ ਇਸ ਮੰਤਰੀ ਬੀਬੀ ਵਾਂਗ ਰਾਜਨੀਤੀ ਦੇ ਰਾਹ ਦਾ ਪਾਂਧੀ ਨਾ ਹੋਣ ਕਾਰਨ ਤੇ ਕਿਸੇ ਕੁਰਸੀ ਦੀ ਝਾਕ ਨਾ ਰੱਖਣ ਕਾਰਨ ਅਜੇ ਵੀ ਸੱਚ ਬੋਲਣ ਨੂੰ ਠੀਕ ਸਮਝਦਾ ਹੈ। ਉਸ ਨੇ ਇੱਕ ਦਿਨ ਇਸ ਦੇਸ਼ ਦੇ ਗਰੀਬਾਂ ਦੀ ਅਸਲੀ ਹਾਲਤ ਬਾਰੇ ਲੇਖ ਲਿਖ ਦਿੱਤਾ, ਸਾਰੇ ਪਾਸੇ ਧੁੰਮ ਮੱਚ ਗਈ ਅਤੇ ਪ੍ਰਧਾਨ ਮੰਤਰੀ ਦੀ ਸਾਰੀ ਟੀਮ ਨੂੰ ਏਦਾਂ ਸੱਪ ਸੁੰਘ ਗਿਆ ਕਿ ਸਾਰਿਆਂ ਦੀ ਜ਼ਬਾਨ ਤਾਲੂ ਨਾਲ ਲੱਗ ਗਈ। ਕਿਸੇ ਨੇ ਉਸ ਦੇ ਲੇਖ ਦੀ ਕਿਸੇ ਗੱਲ ਬਾਰੇ ਕੋਈ ਟਿਪਣੀ ਤੱਕ ਕਰਨ ਦੀ ਹਿੰਮਤ ਨਹੀਂ ਦਿਖਾਈ, ਕਿਉਂਕਿ ਉਸ ਨੇ ਸੱਚ ਕਿਹਾ ਸੀ। ਨਿਰਮਲਾ ਦੇ ਪਤੀ ਪਰਕਲਾ ਪ੍ਰਭਾਕਰ ਨੇ ਕਿਹਾ ਕਿ ਜਿਨ੍ਹਾਂ ਦੇ ਘਰ ਵਿੱਚ ਮੌਤ ਹੁੰਦੀ ਹੈ, ਉਨ੍ਹਾਂ ਨੂੰ ਦੁੱਖ ਪਤਾ ਹੈ, ਤੁਹਾਡੇ ਘਰੀਂ ਕੋਈ ਮੌਤ ਨਹੀਂ ਹੋਈ, ਤੁਹਾਨੂੰ ਇਸ ਦਾ ਦੁੱਖ ਨਹੀਂ, ਇਸ ਲਈ ਤੁਸੀਂ ਚੋਣ ਮੁਹਿੰਮਾਂ ਵਿੱਚ ਰੁੱਝੇ ਹੋ, ਤੁਹਾਡੇ ਸੰਤਾਂ ਲਈ ਕੁੰਭ ਵਾਲਾ ਇਸ਼ਨਾਨ ਕਰਨ ਮੌਕੇ ਭੀੜਾਂ ਸੱਦਣੀਆਂ ਜ਼ਰੂਰੀ ਹਨ ਅਤੇ ਮੁਲਕ ਮਰਦਾ ਦਿੱਸ ਨਹੀਂ ਸਕਿਆ। ਪਰਕਲਾ ਪ੍ਰਭਾਕਰ ਨੇ ਕਿਹਾ ਕਿ ਤੁਹਾਡੀ ਇੱਕ ਨੀਤੀ ਬਣ ਗਈ ਹੈ ਕਿ ਦੇਸ਼ ਦੇ ਲੋਕਾਂ ਨੂੰ ਰੋਣ ਦਿਓ, ਰੋਣ ਪਿੱਛੋਂ ਚੁੱਪ ਕਰ ਜਾਣਗੇ। ਪਹਿਲਾਂ ਤੁਸੀਂ ਨੋਟਬੰਦੀ ਕੀਤੀ ਤਾਂ ਲੋਕ ਰੋ ਕੇ ਚੁੱਪ ਕਰ ਗਏ ਸਨ, ਇਸ ਵਾਰੀ ਵੀ ਤੁਸੀਂ ਇਹੋ ਸੋਚ ਰਹੇ ਹੋ, ਪਰ ਇਸ ਵਾਰੀ ਲੋਕਾਂ ਦੀ ਜੇਬ ਨਹੀਂ ਕੱਟੀ ਗਈ, ਜ਼ਿੰਦਗੀ ਦੀ ਤੰਦ ਕੱਟੀ ਜਾ ਰਹੀ ਹੈ ਤਾਂ ਉਹ ਛੇਤੀ ਕੀਤੇ ਚੁੱਪ ਨਹੀਂ ਹੋਣਗੇ।

ਸਾਨੂੰ ਸੱਤ ਕੁ ਸਾਲ ਪਹਿਲਾਂ ਦੀ ਇੱਕ ਗੱਲ ਅਜੇ ਚੇਤਾ ਹੈ। ਓਦੋਂ ਨਰਿੰਦਰ ਮੋਦੀ ਪ੍ਰਧਾਨ ਮੰਤਰੀ ਬਣਨ ਵਾਸਤੇ ਦਿੱਲੀ ਦੀ ਉਡਾਰੀ ਲਾਉਣ ਲੱਗਾ ਤਾਂ ਉਸ ਨੇ ਆਪਣੀ ਥਾਂ ਸਭ ਤੋਂ ਸੀਨੀਅਰ ਮੰਤਰੀ ਆਨੰਦੀ ਬੇਨ ਪਟੇਲ ਨੂੰ ਗੁਜਰਾਤ ਦੀ ਮੁੱਖ ਮੰਤਰੀ ਬਣਾਉਣ ਦਾ ਫੈਸਲਾ ਕੀਤਾ ਸੀ। ਅਚਾਨਕ ਲੋਕਾਂ ਨੂੰ ਆਨੰਦੀ ਬੇਨ ਪਟੇਲ ਦੇ ਪਤੀ ਮਫਤ ਲਾਲ ਪਟੇਲ ਦਾ ਐਲਾਨ ਪੜ੍ਹਨ ਨੂੰ ਮਿਲਿਆ ਕਿ ਉਹ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਿਆ ਹੈ, ਕਿਉਂਕਿ ਉਸ ਦੀ ਨਜ਼ਰ ਵਿੱਚ ਭ੍ਰਿਸ਼ਟਾਚਾਰ ਦਾ ਭੜੋਲਾ ਬਣੀ ਕਾਂਗਰਸ ਤੇ ਫਿਰਕਾਪ੍ਰਸਤ ਹਜੂਮ ਵਾਲੀ ਭਾਜਪਾ ਵਿੱਚ ਜਾਣ ਦੀ ਥਾਂ ਇਹ ਪਾਰਟੀ ਦੋਵਾਂ ਨਾਲੋਂ ਕੁਝ ਹੱਦ ਤੱਕ ਵੱਧ ਠੀਕ ਲੱਗੀ ਹੈ। ਭਾਜਪਾ ਵਿੱਚ ਭਾਜੜ ਪੈ ਗਈ। ਪ੍ਰਧਾਨ ਮੰਤਰੀ ਲਈ ਉਡਾਰੀ ਲਾਉਣ ਨੂੰ ਤਿਆਰ ਨਰਿੰਦਰ ਮੋਦੀ ਨੂੰ ਲੱਗਾ ਕਿ ਘਰ ਵਿੱਚੋਂ ਉੱਠੀ ਇਹ ਵਿਰੋਧ ਦੀ ਸੁਰ ਜੜ੍ਹੀਂ ਨਾ ਬੈਠ ਜਾਵੇ, ਇਸ ਲਈ ਹਰ ਪਾਸੇ ਤੋਂ ਮਫਤ ਲਾਲ ਪਟੇਲ ਉੱਤੇ ਭਾਜਪਾ ਵਿੱਚ ਵਾਪਸੀ ਦਾ ਦਬਾਅ ਪਾਇਆ ਗਿਆ। ਬਹੁਤ ਮੁਸ਼ਕਲ ਵਾਪਸ ਮੁੜਨਾ ਮੰਨ ਕੇ ਵੀ ਉਸ ਨੇ ਪ੍ਰੈੱਸ ਦੇ ਸਾਹਮਣੇ ਇਹ ਗੱਲ ਕਹਿ ਦਿੱਤੀ ਕਿ ਉਂਜ ਤਾਂ ਭਾਜਪਾ ਤੋਂ ਆਮ ਆਦਮੀ ਪਾਰਟੀ ਚੰਗੀ ਹੈ, ਪਰ ਮੇਰੇ ਪਰਵਾਰ ਦੀ ਰਾਏ ਹੈ ਕਿ ਇਸ ਨਾਲ ਪਰਵਾਰ ਲਈ ਮੁਸ਼ਕਲਾਂ ਆਉਣਗੀਆਂ ਤੇ ਬੱਚਿਆਂ ਦਾ ਭਵਿੱਖ ਵੀ ਖਰਾਬ ਹੋ ਸਕਦਾ ਹੈ, ਇਸ ਲਈ ਮੈਂ ਫਿਰ ਭਾਜਪਾ ਨਾਲ ਹੀ ਰਹਿਣ ਦਾ ਫੈਸਲਾ ਕੀਤਾ ਹੈ। ਉਸ ਦੇ ਪਹਿਲੇ ਜਾਂ ਦੂਸਰੇ ਮੋੜਾ ਕੱਟਦੇ ਬਿਆਨ ਦਾ ਭਾਜਪਾ ਦੇ ਕਿਸੇ ਵੀ ਆਗੂ ਨੇ ਅੱਜ ਤੱਕ ਕਦੇ ਕੋਈ ਖੰਡਨ ਨਹੀਂ ਕੀਤਾ।

ਅੱਜ ਜਦੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਦੁਨੀਆ ਭਰ ਦਾ ਮੀਡੀਆ ਭੰਡੀ ਕਰਦਾ ਜਾਪਦਾ ਹੈ ਤਾਂ ਭਾਜਪਾ ਦੀ ਸਾਰੀ ਮੀਡੀਆ ਟੀਮ ਇਸ ਦੇ ਟਾਕਰੇ ਵਾਸਤੇ ਸਿਰ-ਪਰਨੇ ਹੋ ਗਈ ਹੈ। ਉਰਦੂ ਦਾ ਸ਼ੇਅਰ ਹੈ: 'ਸਾਰੀ ਉਮਰ ਏਕ ਹੀ ਗਲਤੀ ਦੁਹਰਾਤੇ ਰਹੇ। ਧੂਲ ਚਿਹਰੇ ਪੇ ਥੀ, ਪੋਂਛਾ ਆਈਨੇ ਪਰ ਲਗਾਤੇ ਰਹੇ।' ਭਾਜਪਾ ਦੀ ਇਹ ਪੋਚਾ ਮਾਰਨ ਦੇ ਕੰਮ ਲੱਗੀ ਹੋਈ ਅਤੇ ਅਸਲ ਵਿੱਚ ਲਾਈ ਹੋਈ ਟੀਮ ਵੀ ਦੁਨੀਆ ਭਰ ਦੇ ਮੀਡੀਏ ਦੇ ਕਹੇ ਸ਼ਬਦਾਂ ਉੱਤੇ ਪੋਚਾ ਫੇਰ ਕੇ ਖੁਸ਼ ਹੋਣ ਦੀ ਕੋਸ਼ਿਸ਼ ਕਰਦੀ ਹੈ, ਪਰ ਘਰ ਵਿੱਚੋਂ ਲਿਖੇ ਗਏ ਖਜ਼ਾਨਾ ਮੰਤਰੀ ਬੀਬੀ ਨਿਰਮਲਾ ਸੀਤਾਰਮਨ ਦੇ ਪਤੀ ਪਰਕਲਾ ਪ੍ਰਭਾਕਰ ਦੇ ਲੇਖ ਦਾ ਕੋਈ ਖੰਡਨ ਕਰਨ ਦੀ ਹਿੰਮਤ ਅਜੇ ਨਹੀਂ ਕਰ ਸਕੀ। ਉਸ ਨੇ ਏਡਾ ਕੌੜਾ ਸੱਚ ਪੇਸ਼ ਕੀਤਾ ਹੈ ਕਿ ਉਸ ਦਾ ਮੰਡਨ, ਅਰਥਾਤ ਉਸ ਨੂੰ ਮੰਨਣਾ ਭਾਜਪਾ ਲੀਡਰਸ਼ਿਪ ਲਈ ਔਖਾ ਹੈ, ਪਰ ਖੰਡਨ ਕਰਨਾ ਉਸ ਤੋਂ ਵੀ ਵੱਧ ਔਖਾ ਹੈ। ਜੇ ਉਸ ਦੇ ਲੇਖ ਦਾ ਖੰਡਨ ਕਰਨ ਦਾ ਯਤਨ ਕੀਤਾ ਗਿਆ ਤਾਂ ਉਹ ਜਿਸ ਕਿਸਮ ਦਾ ਵਿਦਵਾਨ ਆਦਮੀ ਹੈ, ਭੜਕ ਕੇ ਅਗਲੇ ਲੇਖ ਵਿੱਚ ਅੰਕੜਿਆਂ ਅਤੇ ਤੱਥਾਂ ਦਾ ਇਹੋ ਜਿਹਾ ਖਿਲਾਰਾ ਪਾ ਸਕਦਾ ਹੈ ਕਿ ਭਾਜਪਾ ਲੀਡਰਾਂ ਲਈ ਉਸ ਨਵੇਂ ਕੂੜੇ ਦੀ ਬਦਬੋ ਦੇ ਸਾਹਮਣੇ ਆਪਣੇ ਨੱਕ ਬੰਦ ਕਰਨੇ ਪੈ ਜਾਣਗੇ।

ਭਾਰਤ, ਤੂੰ ਏਹੋ ਜਿਹੀ ਲੀਡਰਸ਼ਿਪ ਦੀ ਜਕੜ ਵਿੱਚ ਬੁਰੀ ਤਰ੍ਹਾਂ ਫਸ ਚੁੱਕਾ ਹੈਂ, ਜਿਹੜਾ ਚੀਕਾਂ ਵੀ ਕਢਾਉਂਦੀ ਹੈ, ਮਰ ਗਿਆਂ ਨੂੰ ਰੋਣ ਵੀ ਨਹੀਂ ਦੇਣਾ ਚਾਹੁੰਦੀ ਤੇ ਸੱਚਾਈ ਦੇ ਦਰਸ਼ਨ ਕਰਨ ਦੀ ਥਾਂ ਸ਼ੀਸ਼ਾ ਸਾਫ ਕਰਨ ਵਿੱਚ ਸਫਲ ਨਾ ਹੋਵੇ ਤਾਂ ਸ਼ੀਸ਼ਾ ਭੰਨਣ ਨੂੰ ਤਿਆਰ ਹੋ ਸਕਦੀ ਹੈ। ਏਸੇ ਲਈ ਸਰਕਾਰ-ਦਰਬਾਰ ਤੋਂ ਆਵਾਜ਼ਾਂ ਉੱਠ ਰਹੀਆਂ ਹਨ ਕਿ ਜਿਹੜਾ ਕੋਈ ਸਰਕਾਰ ਜਾਂ ਸਿਸਟਮ ਦੀ ਭੰਡੀ ਕਰੇਗਾ, ਉਸ ਦੇ ਖਿਲਾਫ ਕਾਰਵਾਈ ਹੋ ਸਕਦੀ ਹੈ। ਇਹ ਆਵਾਜ਼ਾਂ ਅਜੇ ਹੇਠਲੇ ਲੀਡਰਾਂ ਵੱਲੋਂ ਕੱਢੀਆਂ ਗਈਆਂ ਹਨ, ਤਾਂ ਕਿ ਪਰਖਿਆ ਜਾਵੇ ਕਿ ਲੋਕ ਬਰਦਾਸ਼ਤ ਕਰਨ ਨੂੰ ਤਿਆਰ ਹੋ ਸਕਦੇ ਹਨ ਕਿ ਨਹੀਂ, ਜੇ ਲੋਕ ਇਹ ਵਾਰ ਝੱਲ ਗਏ ਤਾਂ ਅਗਲੀ ਸੱਟ ਪੈ ਸਕਦੀ ਹੈ। ਭਾਰਤ ਦੇ ਲੋਕਾਂ ਨੇ ਬਹੁਤ ਸਾਰੇ ਹੱਲ ਝੱਲੇ ਹੋਏ ਹਨ, ਜਿਸਮਾਨੀ ਵੀ ਅਤੇ ਰੂਹਾਨੀ ਵੀ, ਪਰ ਉਹ ਕਦੇ ਚੁੱਪ ਨਹੀਂ ਕਰਵਾਏ ਜਾ ਸਕੇ। ਇਸ ਨਵੇਂ ਹੱਲੇ ਅੱਗੇ ਵੀ ਲੋਕ ਝੁਕਣ ਨਹੀਂ ਲੱਗੇ, ਪਰ ਇਸ ਵਕਤ ਵੱਡਾ ਸਵਾਲ ਉਸ ਹੱਲੇ ਦੇ ਹੋਣ ਅਤੇ ਕਿਸ ਵੇਲੇ ਹੋਣ ਦਾ ਨਹੀਂ, ਸਗੋਂ ਇਸ ਨਾਲੋਂ ਵੱਡਾ ਸਵਾਲ ਇਹ ਹੈ ਕਿ ਅਪਰੈਲ ਵਿੱਚ ਜਿਸ ਭਾਰਤ ਨੇ ਪੰਜਾਹ ਹਜ਼ਾਰ ਦੇ ਨੇੜੇ ਮੌਤਾਂ ਦਾ ਸਦਮਾ ਅਪਰੈਲ ਵਿੱਚ ਝੱਲਿਆ ਹੈ, ਉਸ ਨੂੰ ਮਈ ਵਿੱਚ ਕਿੰਨੀ ਮਾਰ ਝੱਲਣੀ ਪਵੇਗੀ! ਏਦਾਂ ਦੇ ਹਾਲਤ ਮੂਹਰੇ ਸਭ ਤੋਂ ਵੱਡੀ ਆਸ ਤਾਂ ਮੌਕੇ ਦੀ ਸਰਕਾਰ ਤੋਂ ਹੁੰਦੀ ਹੈ, ਪਰ ਜਿਸ ਸਰਕਾਰ ਦੇ ਆਪਣੇ ਮੰਤਰੀਆਂ ਦੇ ਘਰਾਂ ਵਿੱਚੋਂ ਇਹ ਕਿਹਾ ਜਾਣ ਲੱਗਾ ਹੈ ਕਿ ਸਰਕਾਰ ਬੇਦਰਦ ਹੈ, ਉਸ ਦੇਸ਼ ਵਿੱਚ ਲੋਕਾਂ ਨੂੰ ਆਪਣੀ ਮਦਦ ਆਪ ਕਰਨੀ ਪੈਣੀ ਹੈ। ਭਾਰਤ, ਤੂੰ ਏਨਾ ਕਰੀਂ ਕਿ ਆਪਣੇ ਲੋਕਾਂ ਨੂੰ ਦੱਸ ਦੇਵੀਂ ਕਿ ਬਾਬੇ ਕਹਿੰਦੇ ਹੁੰਦੇ ਸਨ, ਹਨੇਰੀਆਂ ਨਾਲ ਬੁੱਢੇ ਬੋਹੜ ਉੱਖੜ ਜਾਂਦੇ ਹਨ, ਸੰਘਣੇ ਰੁੱਖਾਂ ਦੀ ਝਿੜੀ ਕਦੇ ਨਹੀਂ ਪੁੱਟੀ ਗਈ। ਸੰਕਟ ਦੇ ਸਮੇਂ ਵਿਚ ਲੋਕ ਤਦੇ ਹੀ ਟਿਕੇ ਰਹਿ ਸਕਦੇ ਹਨ, ਜੇ ਝਿੜੀ ਦੇ ਵਾਂਗ ਉਹ ਆਪਸੀ ਕੜੰਘੜੀਆਂ ਮਜ਼ਬੂਤ ਕਰ ਲੈਣ, ਦੁਨੀਆਂ ਭਰ ਵਿੱਚ ਖਿੱਲਰੀ ਮਨੁੱਖਤਾ ਦੇ ਨਾਲ ਆਪਣੇ ਸੰਬੰਧ ਏਨੇ ਸੁਖਾਵੇਂ ਰੱਖਣ ਕਿ ਇੱਕ ਦੂਸਰੇ ਦੀ ਬਾਂਹ ਫੜ ਸਕੀਏ। ਭਾਰਤ! ਤੂੰ ਬੱਸ ਏਨਾ ਕੁ ਕਸ਼ਟ ਕਰ ਦੇਵੀਂ!

# ਕਿਰਤੀ ਰਾਮਗੜ੍ਹੀਆ ਕੌਮ ਦੀਆਂ ਦੋ ਮਹਾਨ ਹਸਤੀਆਂ- ਜੱਸਾ ਸਿੰਘ ਰਾਮਗੜ੍ਹੀਆ ਅਤੇ ਗਿਆਨੀ ਜ਼ੈਲ ਸਿੰਘ

## ਲਾਲ ਕਿਲ੍ਹੇ ਦੀ ਫਸੀਲ ਤੇ 11 ਮਾਰਚ, 1783 ਨੂੰ ਜੱਸਾ ਸਿੰਘ ਰਾਮਗੜ੍ਹੀਏ ਨੇ ਕੇਸ਼ਰੀ ਨਿਸ਼ਾਨ ਅਤੇ ਗਿਆਨੀ ਜ਼ੈਲ ਸਿੰਘ ਨੇ 26 ਜਨਵਰੀ 1983 ਨੂੰ ਲਹਿਰਾਇਆ ਤਿਰੰਗਾ



-ਗਿਆਨ ਸਿੰਘ-
ਜ਼ਿਲ੍ਹਾ ਲੋਕ ਸੰਪਰਕ ਅਫ਼ਸਰ
(ਸੇਵਾਮੁਕਤ)

5 ਮਈ ਦੇ ਦਿਨ 298 ਸਾਲ ਪਹਿਲਾਂ 1723 ਈ: ਵਿਚ ਜੱਸਾ ਸਿੰਘ ਰਾਮਗੜ੍ਹੀਏ ਨੇ ਮਾਤਾ ਗੰਗੋ ਦੀ ਕੁਖੋਂ ਪਿਤਾ ਸ ਭਗਵਾਨ ਸਿੰਘ ਦੇ ਘਰ ਪਿੰਡ ਈਚੋਗਿਲ ਜ਼ਿਲ੍ਹਾ ਲਾਹੌਰ ਅਤੇ 10 5 ਸਾਲ ਪਹਿਲਾਂ 1916 ਈ: ਵਿਚ ਗਿਆਨੀ ਜ਼ੈਲ ਸਿੰਘ ਨੇ ਮਾਤਾ ਇੰਦ ਕੌਰ ਦੀ ਕੁਖੋਂ ਭਾਈ ਕਿਸ਼ਨ ਸਿੰਘ ਦੇ ਘਰ ਪਿੰਡ ਸੰਧਵਾਂ ਜ਼ਿਲ੍ਹਾ ਫ਼ਰੀਦਕੋਟ ਵਿਖੇ ਜਨਮ ਲਿਆ। ਦੋਹਾਂ ਮਹਾਨ ਵਿਅਕਤੀਆਂ ਦਾ ਸਿੱਖ ਧਰਮ ਵਿਚ ਅਟੁੱਟ ਵਿਸ਼ਵਾਸ ਅਤੇ ਸ਼ਰਧਾ ਸੀ। ਇਨ੍ਹਾਂ ਦਾ ਪਿਛੋਕੜ ਕ੍ਰਿਤੀ ਪ੍ਰੀਵਾਰਾਂ ਵਿਚੋਂ ਹੈ।

ਜੱਸਾ ਸਿੰਘ ਰਾਮਗੜ੍ਹੀਆ ਅਤੇ ਗਿਆਨੀ ਜ਼ੈਲ ਸਿੰਘ ਦੇ ਵਿਅਕਤੀਵ ਬਾਰੇ ਕੁਝ ਗਲਾਂ ਸਾਂਝੀਆਂ ਹਨ, ਦੋਵੇ ਬਹੁਤ ਸੂਝਵਾਨ ਅਤੇ ਦੂਰਦਰਸ਼ੀ ਸਨ। ਉਹ ਨਿੱਘੇ ਸੁਭਾਅ ਦੇ ਵਿਅਕਤੀ ਸਨ। ਉਨ੍ਹਾਂ ਦਾ ਵਡੱਪਣ ਇਹ ਸੀ ਕਿ ਉਹ ਆਮ ਲੋਕਾਂ ਤੋਂ ਲੈ ਕੇ ਆਪਣੇ ਵਿਰੋਧੀਆਂ ਤਕ ਨਿਮਰਤਾ ਨਾਲ ਪੇਸ਼ ਆਉਦੇ ਸਨ। ਇਤਿਹਾਸਕ ਪੱਖ ਤੇ ਨਜ਼ਰ ਮਾਰੀਏ ਤਾਂ ਇਤਫ਼ਾਕ ਨਾਲ ਲਾਲ ਕਿਲ੍ਹੇ ਦੀ ਫਸੀਲ ਤੇ ਇਨ੍ਹਾਂ ਦੋਹਾਂ ਸ਼ਕਸੀਅਤਾਂ ਸ ਜੱਸਾ ਸਿੰਘ ਰਾਮਗੜ੍ਹੀਏ ਨੂੰ ਕੇਸ਼ਰੀ ਨਿਸ਼ਾਨ ਅਤੇ ਗਿਆਨੀ ਜ਼ੈਲ ਸਿੰਘ ਨੂੰ ਤਿਰੰਗਾ ਲਹਿਰਾਉਣ ਦਾ ਸੁਭਾਗ ਪ੍ਰਾਪਤ ਹੋਇਆ।

ਮਾਹਾਰਾਜਾ ਜੱਸਾ ਸਿੰਘ ਰਾਮਗੜ੍ਹੀਏ ਦੇ ਪੁਰਖਿਆਂ ਵੱਡੇ ਵਡੇਰਿਆਂ ਨੇ ਸ੍ਰੀ ਗੁਰੂ ਹਰ ਗੋਬਿੰਦ ਸਾਹਿਬ ਜੀ ਤੋਂ ਲੈ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਤਕ ਸੇਵਾ ਕੀਤੀ ਜਿਸ ਕਰਕੇ ਜੱਸਾ ਸਿੰਘ ਰਾਮਗੜ੍ਹੀਏ ਨੂੰ ਗੁਰੂ ਘਰ ਦੀ ਸੇਵਾ ਅਤੇ ਜ਼ਬਰ-ਜ਼ੁਲਮ ਦੇ ਵਿਰੁਧ ਆਵਾਜ਼, ਮਜ਼ਲੂਮਾਂ ਦੀ ਰਾਖੀ ਦੀ ਗੁੜ੍ਹਤੀ ਮਿਲੀ। ਉਨ੍ਹਾਂ ਆਪਣੇ ਪਿਤਾ ਗਿਆਨੀ ਭਗਵਾਨ ਸਿੰਘ ਜੀ ਪਾਸੋਂ ਧਾਰਮਿਕ ਸਿੱਖਿਆ ਪ੍ਰਾਪਤ ਕੀਤੀ। ਗਿਆਨੀ ਭਗਵਾਨ ਸਿੰਘ ਜੀ ਉੱਚ ਆਚਰਨ ਵਾਲੇ ਕਿਰਤੀ ਅਤੇ ਸਿੱਦਕਵਾਨ ਸਿੱਖ ਸਨ। ਗਿਆਨੀ ਭਗਵਾਨ ਸਿੰਘ ਨੇ ਬਾਲਗ ਸ ਜੱਸਾ ਸਿੰਘ ਨੂੰ ਤਰਖਾਣੇ ਕੰਮ ਵਿਚ ਹੱਥ ਵਟਾਉਣ ਲਈ ਲਾਉਣਾ ਚਾਹਿਆ, ਪ੍ਰੰਤੂ ਯਤਨ ਕਰਨ ਦੇ ਬਾਵਜੂਦ ਉਸ ਨੇ ਤਰਖਾਣੇ ਕੰਮ ਵਿਚ ਦਿਲਚਸਪੀ ਨਾ ਲਈ। ਨਾਦਰ ਸ਼ਾਹ ਦੇ ਹਮਲੇ ਕਾਰਨ ਪ੍ਰੀਵਾਰ ਨੂੰ ਪਿੰਡ ਛੱਡਣਾ ਪਿਆ।

1738 ਈ: ਵਿਚ ਜਦੋਂ ਜ਼ਕਰੀਆ ਖਾਨ ਨੂੰ ਪਤਾ ਲਗਾ ਕਿ ਨਾਦਰ ਸ਼ਾਹ ਪੰਜਾਬ ਵਲ ਵੱਧ ਰਿਹਾ ਤਾਂ ਉਸਨੇ ਬਹਾਦਰ ਸਿੰਘਾਂ ਨਾਲ ਸੁਲਾਹ-ਸਫਾਈ ਕਰਕੇ ਨਾਦਰ ਸ਼ਾਹ ਦਾ ਟਾਕਰਾ ਕਰਨ ਲਈ ਮਦੱਦ ਲੈਣ ਲਈ ਸਿੱਖਾਂ ਨੂੰ ਇਕ ਜਗੀਰ ਤੇ ਖਿਲਤ ਪੇਸ਼ ਕੀਤੀ, ਜੋ ਸਿੱਖਾਂ ਨੇ ਸਰਬਸੰਮਤੀ ਨਾਲ ਨਵਾਬ ਕਪੂਰ ਸਿੰਘ ਨੂੰ ਦੇ ਦਿੱਤੀ। ਮਿਤੱਰਤਾ ਦੇ ਫੈਸਲੇ ਨੂੰ ਸਾਰੇ ਸਿੰਘਾਂ ਨੇ ਪ੍ਰਵਾਨ ਕਰਕੇ ਨਾਦਰ ਸ਼ਾਹ ਦੇ ਖਿਲਾਫ ਜ਼ਕਰੀਆ ਖ਼ਾਨ ਦਾ ਸਾਥ ਦੇਣ ਦਾ ਪ੍ਰਣ ਲਿਆ। ਬਹੁਤ ਸਾਰੇ ਸਿੰਘ ਨਾਦਰ ਸ਼ਾਹ ਦੇ ਖਿਲਾਫ ਫ਼ੌਜ਼ ਵਿਚ ਭਰਤੀ ਹੋ ਗਏ ਜਿਨ੍ਹਾਂ ਵਿਚ ਗਿਆਨੀ ਭਗਵਾਨ ਸਿੰਘ ਤੇ ਜੱਸਾ ਸਿੰਘ ਰਾਮਗੜ੍ਹੀਏ ਵੀ ਸ਼ਾਮਲ ਸਨ। ਨਾਦਰ ਸ਼ਾਹ ਤੇ ਜ਼ਕਰੀਆ ਖ਼ਾਨ ਦੀਆਂ ਫ਼ੌਜਾਂ ਵਿਚਕਾਰ 1738 ਈ: ਵਿਚ ਵਜੀਰਾਬਾਦ ਜ਼ਿਲ੍ਹਾ ਗੁਜਰਾਂਵਾਲਾ (ਪਾਕਿਸਤਾਨ) ਨੇੜੇ ਟਾਕਰਾ ਹੋਇਆ। ਇਸ ਘਮਸਾਨ ਦੀ ਲੜ੍ਹਾਈ ਵਿਚ ਬਹਾਦਰੀ ਵਿਖਾਉਦਿਆਂ ਗਿਆਨੀ ਭਗਵਾਨ ਸਿੰਘ ਸ਼ਹੀਦ ਹੋ ਗਏ। ਜੱਸਾ ਸਿੰਘ ਦੀ ਉਸ ਵੇਲੇ ਉਮਰ 15 ਕੁ ਸਾਲ ਸੀ। ਜੱਸਾ ਸਿੰਘ ਇੰਨੀ ਦਲੇਰੀ, ਨਿੱਡਰਤਾ, ਸੂਰਬੀਰਤਾ ਤੇ ਹਿੰਮਤ ਨਾਲ ਲੜ੍ਹਿਆ ਕਿ ਜ਼ਕਰੀਆ ਖਾਨ ਵੀ ਪ੍ਰਭਾਵਿਤ ਹੋਣੋ ਨਾ ਰਹਿ ਸਕਿਆ। ਜ਼ਕਰੀਆ ਖ਼ਾਨ ਨੇ ਗਿਆਨੀ ਭਗਵਾਨ ਸਿੰਘ ਦੇ ਪ੍ਰੀਵਾਰ ਨੂੰ ਅੰਮ੍ਰਿਤਸਰ ਜ਼ਿਲ੍ਹੇ ਦੇ ਪੰਜ ਪਿੰਡ ਵੱਲ੍ਹਾ,ਵੇਰਕਾ, ਸੁਲਤਾਨਵਿੰਡ, ਤੁੰਗ ਤੇ ਚੱਬਾ ਜਗੀਰ ਵਜੋਂ ਦੇ ਦਿੱਤੇ ਤੇ ਜੱਸਾ ਸਿੰਘ ਨੂੰ ਰਸਾਲਦਾਰ ਦੀ ਪਦਵੀ। ਇੰਨ੍ਹਾਂ ਵਿਚੋਂ ਪਿੰਡ ਵੱਲ੍ਹਾ ਜੱਸਾ ਸਿੰਘ ਰਾਮਗੜ੍ਹੀਏ ਦੇ ਹਿੱਸੇ ਆਇਆ ਜਿਥੋਂ ਉਨ੍ਹਾਂ ਦਾ ਰਾਜਸੀ ਜੀਵਨ ਆਰੰਭ ਹੋਇਆ। ਇਸ ਪਿੰਡ ਵਿਚ ਰਹਿੰਦਿਆਂ ਜਲੰਧਰ ਦੁਆਬੇ ਦੇ ਫ਼ੌਜ਼ਦਾਰ ਅਦੀਨਾ ਬੇਗ ਨਾਲ ਹੱਦਾਂ ਦੀ ਵੰਡ ਨੂੰ ਲੈ ਕੇ ਨੌਰੰਗਾਬਾਦ ਦੇ ਆਸ ਪਾਸ ਲੜ੍ਹਾਈ ਲੜੀ ਗਈ ਜੋ ਵੱਲੇ ਦੀ ਲੜ੍ਹਾਈ ਕਰਕੇ ਮਸ਼ਹੂਰ ਹੈ। ਸਿੱਖਾਂ ਨੇ ਆਪਣੀ ਫ਼ੌਜ਼ ਜੱਥੇਬੰਦ ਕਰ ਲਈ। ਅਦੀਨਾ ਬੇਗ ਬਹੁਤ ਚਲਾਕ ਹਾਕਮ ਸੀ। ਉਹ ਸ ਜੱਸਾ ਸਿੰਘ ਰਾਮਗੜ੍ਹੀਏ ਦੀ ਸੂਰਮਤਾਈ ਤੇ ਸਿਆਣਪ ਜਾਣ ਚੁੱਕਾ ਸੀ। ਇਸ ਲਈ ਉਸ ਨਾਲ ਵੈਰ ਵਧਾਉਣ ਦੀ ਬਜਾਏ ਉਸਦੀ ਤਾਕਤ ਦਾ ਫਾਇਦਾ ਲੈਣ ਦੀ ਰਣਨੀਤੀ ਅਪਨਾਈ। ਜੱਸਾ ਸਿੰਘ ਰਾਮਗੜ੍ਹੀਏ ਨੂੰ ਆਪਣੀ ਫ਼ੌਜ਼ ਵਿੱਚ ਭਰਤੀ ਕਰਕੇ 500 ਘੋੜ ਸਵਾਰਾਂ ਦਾ ਆਗੂ ਨਿਯੁਕਤ ਕਰ ਦਿੱਤਾ। ਇਧਰੋਂ ਸਿੱਖ ਸਰਦਾਰ ਵੀ ਸ ਜੱਸਾ ਸਿੰਘ ਰਾਮਗੜ੍ਹੀਏ ਨੂੰ ਅਦੀਨਾ ਬੇਗ ਨਾਲ ਗਲਬਾਤ ਕਰਨ ਲਈ ਆਪਣੇ ਸਫੀਰ ਦੇ ਤੌਰ ਤੇ ਰੱਖਣਾ ਚਾਹੁੰਦੇ ਸਨ ਸਿਰਫ ਸ ਜੱਸਾ ਸਿੰਘ ਆਹਲੂਵਾਲੀਆ ਹੀ ਅਦੀਨਾਬੇਗ ਨਾਲ ਸੁਲਾਹ ਦੇ ਖਿਲਾਫ ਸੀ।

ਸੰਨ 1747ਈ: ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲੇ ਮਹੱਲੇ ਤੋਂ ਪਿਛੋਂ ਵਿਸਾਖੀ ਤੇ ਸ੍ਰੀ ਅੰਮ੍ਰਿਤਸਰ ਵਿਖੇ ਭਾਰੀ ਇਕੱਠ ਹੋਇਆ। ਇਸ ਇਕੱਠ ਵਿਚ ਉਘੇ ਸਿੱਖ ਆਗੂਆਂ ਨੇ ਫੈਸਲਾ ਕੀਤਾ ਕਿ ਅੰਮ੍ਰਿਤਸਰ ਸ਼ਹਿਰ ਤੇ ਸ੍ਰੀ ਹਰਮੰਦਰ ਸ਼ਾਹਿਬ ਦੀ ਰਾਖੀ ਲਈ ਕਿਲ੍ਹੇ ਉਸਾਰਨੇ ਚਾਹੀਦੇ ਹਨ। ਇਸ ਫੈਸਲੇ ਪਿਛੋਂ ਪਹਿਲਾ ਕਿਲ੍ਹਾ ਅੰਮ੍ਰਿਤਸਰ ਦੀ ਧਰਤੀ ਤੇ ਉਸਾਰਨ ਲਈ 1748 ਈ: ਨੂੰ ਸ਼ਹਿਰ ਦੇ ਪੂਰਬ ਵਾਲੇ ਪਾਸੇ ਇਕ ਕੱਚੀ ਗੜ੍ਹੀ ਦਾ ਕੰਮ ਸ਼ੁਰੂ ਕਰਕੇ 500 ਯੋਧਿਆਂ ਦੇ ਰਹਿਣ ਲਈ ਗੜ੍ਹੀ ਤਿਆਰ ਕਰ ਦਿੱਤੀ। ਇਸਦਾ ਨਾਮ 'ਰਾਮਰੌਣੀ' ਰੱਖਿਆ ਗਿਆ। ਅਹਿਮਦ ਸ਼ਾਹ ਅਬਦਾਲੀ ਨੇ ਪੰਜਾਬ ਉਤੇ ਪਹਿਲੀ ਵਾਰ 1748 ਨੂੰ ਹਮਲਾ ਕੀਤਾ ਤੇ ਉਸਨੂੰ ਮੁਈਨ-ਉਲ-ਮੁਲਕ ਨੇ ਮਨੂੰਪੁਰ ਦੇ ਅਸਥਾਨ ਤੇ ਭਾਰੀ ਹਾਰ ਦਿੱਤੀ,ਜਿਸ ਤੋਂ ਬਾਦਸ਼ਾਹ ਨੇ ਖੁਸ਼ ਹੋ ਕੇ ਉਸਨੂੰ ਮੀਰ-ਮੰਨੂ ਦਾ ਖਿਤਾਬ ਦੇ ਕੇ ਪੰਜਾਬ ਦਾ ਗਵਰਨਰ ਥਾਪ ਦਿੱਤਾ। ਮੀਰ ਮਨੂੰ ਸਿੱਖਾਂ ਦੀ ਵਧਦੀ ਤਾਕਤ ਤੇ ਰਾਮ ਰੌਣੀ ਨੂੰ ਦੇਖਕੇ ਬਹੁਤ ਘਬਰਾ ਗਿਆ ਤੇ ਆਪਣੀ ਗੱਦੀ ਨੂੰ ਕਾਇਮ ਰੱਖਣ ਲਈ ਸਿੱਖਾਂ ਨੂੰ ਖਤਮ ਕਰਨ ਦੀ ਨੀਤੀ ਅਪਣਾਈ। ਅਮਨ ਕਾਇਮ ਕਰਨ ਦੇ ਬਹਾਨੇ ਉਸਨੇ ਇਲਾਕੇ ਵਿਚ ਗਸ਼ਤੀ ਭੇਜ ਕੇ ਸਿੰਘਾਂ ਦੇ ਕਤਲੇ-ਆਮ ਦਾ ਹੁਕਮ ਚਾੜ੍ਹ ਦਿੱਤਾ। ਸਿੰਘ ਹਮੇਸ਼ਾਂ ਵਾਂਗ ਜੰਗਲਾਂ ਵਿਚ ਆਪਣੀਆਂ ਲੁਕਣਗਾਹਾਂ 'ਚ ਰੁਪੋਸ਼ ਹੋ ਗਏ। ਕੁਝ ਚੋਣਵੇਂ ਸਿੰਘ ਯੋਧੇ ਹਰਮੰਦਰ ਸਾਹਿਬ ਦੀ ਰਾਖੀ ਹਿਤ ਰਾਮ ਰੌਣੀ ਵਿਚ ਜਮਾਂ ਹੋ ਗਏ। ਮੀਰ ਮਨੂੰ ਨੂੰ ਜਦ ਇਸ ਗਲ ਦੀ ਖਬਰ ਮਿਲੀ ਤਾਂ ਉਸਨੇ ਆਪਣੀਆਂ ਫ਼ੌਜਾਂ ਨੂੰ ਰਾਮ ਰੌਣੀ ਨੂੰ ਘੇਰਨ ਦਾ ਹੁਕਮ ਦੇ ਦਿੱਤਾ ਤੇ ਨਾਲ ਹੀ ਅਦੀਨਾ ਬੇਗ ਨੂੰ ਵੀ ਫ਼ੌਜ਼ ਸਮੇਤ ਅੰਮ੍ਰਿਤਸਰ ਪਹੁੰਚਣ ਲਈ ਕਿਹਾ। ਹੁਣ ਮਜ਼ਬੂਰ ਹੋਕੇ ਅਦੀਨਾ ਬੇਗ ਨੂੰ ਸ ਜੱਸਾ ਸਿੰਘ ਰਾਮਗੜ੍ਹੀਏ ਨੂੰ ਨਾਲ ਲੈਕੇ ਰਾਮ ਰੌਣੀ ਦੇ ਘੇਰੇ ਵਿਚ ਸ਼ਾਮਲ ਹੋਣਾ ਪਿਆ। ਤਕਰੀਬਨ 6 ਮਹੀਨੇ ਘੇਰਾ ਪਿਆ ਰਿਹਾ, ਰਾਮ ਰੌਣੀ ਅੰਦਰ ਰਾਸ਼ਨ ਵਗੈਰਾ ਮੁੱਕਣ ਨਾਲ ਸਿੰਘਾਂ ਦੀ ਹਾਲਤ ਮਾੜੀ ਹੋ ਗਈ। ਇਸ ਦੌਰਾਨ ਸਿੰਘਾਂ ਨੂੰ ਪਤਾ ਲਗਾ ਕਿ ਮੁਗਲ ਫ਼ੌਜ਼ ਵਿਚ ਸ ਜੱਸਾ ਸਿੰਘ ਵੀ ਆਪਣੇ ਸਾਥੀਆਂ ਨਾਲ ਸ਼ਾਮਲ ਹੈ ਤਾਂ ਉਹਨਾਂ ਨੇ ਉਸਨੂੰ ਸੰਦੇਸ਼ਾ ਘਲਿਆ ਕਿ ਇਸ ਵੇਲੇ ਅਸੀਂ ਮੁਸੀਬਤ ਵਿਚ ਹਾਂ ਤੇ ਸਾਡੀ ਮਦਦ ਕਰ। ਇਹ ਜਾਣਕੇ ਫੋਰਨ ਹੀ ਸ ਜੱਸਾ ਸਿੰਘ ਮੁਗਲ ਫ਼ੌਜ਼ ਦਾ ਸਾਥ ਛੱਡਕੇ ਆਪਣੇ ਸਾਰੇ ਸਾਥੀਆਂ ਸਮੇਤ ਰਾਮ ਰੌਣੀ ਵਿਚ ਆ ਗਿਆ। ਇਸ ਤਰਾਂ ਕਰਨ ਨਾਲ ਸਿੱਖ ਫ਼ੌਜ਼ ਦੇ ਹੌਂਸਲੇ ਦੁਗਣੇ ਹੋ ਗਏ ਤੇ ਮੁਗਲ ਫ਼ੌਜ਼ ਦੇ ਹੌਂਸਲੇ ਪਸਤ ਹੋ ਗਏ। ਉਧਰੋਂ ਅਹਿਮਦ ਸ਼ਾਹ ਅਬਦਾ਼ਲੀ ਦੇ ਮੁੜ ਹਮਲੇ ਦੀ ਖਬਰ ਨੇ ਮੀਰ ਮੰਨੂ ਨੂੰ ਸਿੱਖਾਂ ਨਾਲ ਸਮਝੌਤਾ ਕਰਨ ਲਈ ਮਜਬੂਰ ਕਰ ਦਿੱਤਾ। ਉਸਨੇ ਦਿਵਾਨ ਕੌੜਾ ਮੱਲ ਰਾਹੀਂ ਸਿੱਖਾਂ ਨਾਲ ਸੁਲਹ ਕਰਕੇ ਰਾਮ ਰੌਣੀ ਦਾ ਘੇਰਾ ਚੁੱਕ ਲਿਆ ਗਿਆ। ਇਸਤੋਂ ਬਾਅਦ ਸਿੱਖ ਸਰਦਾਰਾਂ ਨੇ ਇਸ ਜਿੱਤ ਦੀ ਬਹੁਤ ਖੁਸ਼ੀ ਮਨਾਈ ਅਤੇ ਸ ਜੱਸਾ ਸਿੰਘ ਦੀ ਇਸ ਔਖੇ ਸਮੇ ਕੌਮ ਦੀ ਮਦਦ ਕਰਨ ਲਈ ਬਹੁਤ ਪ੍ਰਸ਼ੰਸਾ ਕੀਤੀ। ਉਸਨੂੰ ਰਾਮ ਰੌਣੀ ਦੀ ਜੱਥੇਦਾਰੀ ਸੌਂਪ ਦਿੱਤੀ। ਸ ਜੱਸਾ ਸਿੰਘ ਨੇ ਜੱਥੇਦਾਰੀ ਮਿਲਣ ਤੋਂ ਬਾਅਦ ਰਾਮ ਰੌਣੀ ਨੂੰ ਇਕ ਵਿਸ਼ਾਲ ਪੱਕੇ ਕਿਲ੍ਹੇ ਦੀ ਸ਼ਕਲ ਦੇ ਦਿੱਤੀ ਤੇ ਇਸਦਾ ਨਾਮ 'ਰਾਮਗੜ੍ਹ' ਰੱਖ ਦਿੱਤਾ। ਹੁਣ ਇਹ ਸਿੱਖਾਂ ਦਾ ਕਿਲ੍ਹਾ 'ਰਾਮਗੜ੍ਹ' ਮੁਗਲਾਂ ਦੀਆਂ ਅੱਖਾਂ ਵਿਚ ਰੜਕਣ ਲਗਾ। ਰਾਮਗੜ੍ਹ ਕਿਲ੍ਹੇ ਨੂੰ ਢਾਹੁਣ ਤੇ ਬਾਰ ਬਾਰ ਉਸਾਰਨ ਤੇ ਇਸਦੀ ਰਾਖੀ ਲਈ ਲੜਦਿਆਂ ਸ ਜੱਸਾ ਸਿੰਘ ਤੇ ਬਾਕੀ ਸਾਰੇ ਸਿੰਘਾਂ ਨੂੰ ਰਾਮਗੜ੍ਹ ਕਿਲ੍ਹੇ ਵਾਲੇ ਕਹਿ ਕੇ ਮਾਣ ਦਿੱਤਾ ਜਾਣ ਲੱਗਾ। ਸ ਜੱਸਾ ਸਿੰਘ ਹੁਣ ਰਾਮਗੜ੍ਹੀਆ ਵਜੋਂ ਜਾਣਿਆ ਜਾਣ ਲਗ ਪਿਆ। ਜਦੋਂ ਸਿੱਖ ਬਾਰਾਂ ਮਿਸਲਾਂ ਵਿਚ ਵੰਡੇ ਗਏ ਤਾਂ ਸ ਜੱਸਾ ਸਿੰਘ ਉਸ ਵੇਲੇ ਸ ਨੰਦ ਸਿੰਘ ਸੰਘਾਣੀਆਂ ਦੀ ਮਿਸਲ ਵਿਚ ਸੀ ਅਤੇ ਸੰਘਾਣੀਆਂ ਦੀ ਮੌਤ ਦੇ ਬਾਅਦ ਇਸ ਨੂੰ ਮਿਸਲ ਦਾ ਮੁਖੀ ਥਾਪ ਦਿੱਤਾ ਗਿਆ ਜੋ ਕਿ ਬਾਅਦ ਵਿਚ 'ਰਾਮਗੜ੍ਹੀਆ ਮਿਸਲ' ਵਜੋਂ ਮਸ਼ਹੂਰ ਹੋਈ। ਸ ਜੱਸਾ ਸਿੰਘ ਰਾਮਗੜ੍ਹੀਆ ਨੇ ਆਪਣੀ ਬੁਹਾਦਰੀ, ਸਿਆਣਪ, ਦੂਰਅੰਦੇਸ਼ੀ ਨਾਲ ਇਸ ਮਿਸਲ ਨੂੰ ਸਾਰੀਆਂ ਮਿਸਲਾਂ ਨਾਲੋਂ ਤਾਕਤਵਰ ਬਣਾ ਦਿੱਤਾ ਅਤੇ ਇਲਾਕਿਆਂ ਦਾ ਸੱਭ ਤੋਂ ਵੱਧ ਵਿਸਤਾਰ ਕਰਕੇ ਮਹਾਰਾਜਾ ਦਾ ਦਰਜਾ ਪ੍ਰਾਪਤ ਕੀਤਾ। ਆਪਣੇ ਆਪਣੇ ਰਾਜ ਵਿੱਚ ਤਕਰੀਬਨ 360 ਕਿਲ੍ਹੇ ਅਤੇ ਸ੍ਰੀ ਹਰਿਮੰਦਰ ਸਾਹਿਬ ਦੀ ਰਾਖੀ ਲਈ ਰਾਮਗੜ੍ਹੀਆ ਬੁੰਗਾ ਤੇ ਦੋ ਮਿਨਾਰ ਬਣਾਏ। ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਏ ਦੀਆਂ ਲਗਾਤਾਰ ਜਿੱਤਾਂ ਨਾਲ ਫ਼ੌਜੀ ਤਾਕਤ ਵਿਚ ਵਾਧਾ ਹੋਣ ਕਰਕੇ ਸਾਰੀਆਂ ਮਿਸਲਾਂ ਉਨ੍ਹਾਂ ਨਾਲ ਈਰਖਾ ਕਰਨ ਲਗ ਪਈਆਂ। ਸ ਜੱਸਾ ਸਿੰਘ ਆਹਲੂਵਾਲੀਏ ਦੀ ਰਾਮਗੜ੍ਹੀਆਂ ਹੱਥੋਂ ਗਿਰਫਤਾਰੀ ਅਤੇ ਸ ਚੜ੍ਹਤ ਸਿੰਘ ਸ਼ੁਕਰਚੱਕੀਏ ਦੀ ਹਾਰ ਨੇ ਬਾਕੀ ਮਿਸਲਾਂ ਦੇ ਗਠਜੋੜ ਦਾ ਮੁੱਢ ਬੰਨ ਦਿੱਤਾ। ਇਹਨਾਂ ਨੇ ਰਾਮਗੜ੍ਹੀਏ ਦੇ ਸਾਰੇ ਇਲਾਕਿਆਂ ਤੇ 1776 ਈ: ਨੂੰ ਕਬਜਾ ਕਰ ਲਿਆ। ਰਾਮਗੜ੍ਹੀਆ ਸਰਦਾਰ ਆਪਣਾ ਇਲਾਕਾ ਛੱਡ ਕੇ ਆਪਣੇ ਚੋਣਵੇ ਯੋਧਿਆਂ ਨਾਲ ਸਤਲੁਜ ਤੋ ਪਾਰ ਚਲਾ ਗਿਆ, ਜਿਥੇ ਪਟਿਆਲਾ ਰਿਆਸਤ ਦੇ ਰਾਜੇ ਸ ਅਮਰ ਸਿੰਘ ਨੇ ਉਸ ਨਾਲ ਦੋਸਤੀ ਦਾ ਹੱਥ ਵਧਾਇਆ ਕਿਉਕਿ ਉਹ ਜੱਸਾ ਸਿੰਘ ਦੀ ਬਹਾਦਰੀ, ਤਾਕਤ, ਸਿਆਣਪ ਤੇ ਯੁੱਧ ਕੁਸ਼ਲਤਾ ਨੂੰ ਜਾਣਦਾ ਸੀ। ਰਾਜਾ ਉਸਨੂੰ ਆਪਣੇ ਵਿਰੋਧੀਆਂ ਖਿਲਾਫ ਮਦਦ ਲਈ ਵਰਤਣਾ ਚਾਹੁੰਦਾ ਸੀ। ਇਸ ਲਈ ਉਨ੍ਹਾਂ ਹਾਂਸੀ ਤੇ ਹਿਸਾਰ ਦਾ ਇਲਾਕਾ ਜਗੀਰ ਵਜੋਂ ਦੇ ਦਿੱਤਾ।

ਸਿੱਖ ਫ਼ੌਜ਼ ਨੇ ਦਿੱਲੀ ਤੇ ਹਮਲਾ ਕਰ ਦਿੱਤਾ, ਇਕ ਪਾਸਿਉਂ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਆਪਣੀਆਂ ਫ਼ੌਜਾਂ ਨਾਲ ਤੇ ਦੂਸਰੇ ਪਾਸੇ ਤੋਂ ਸ ਜੱਸਾ ਸਿੰਘ ਆਹਲੂਵਾਲੀਆ ਤੇ ਸ ਬਘੇਲ ਸਿੰਘ ਵੀ ਆਪਣੀਆਂ ਫ਼ੌਜਾਂ ਸਮੇਤ ਪਹੁੰਚ ਗਏ। ਸਾਰੀਆਂ ਸਿੱਖ ਫ਼ੌਜਾਂ ਨੇ 11 ਮਾਰਚ, 1783 ਨੂੰ ਦਿੱਲੀ ਦੇ ਲਾਲ ਕਿਲ੍ਹੇ ਵਿੱਚ ਦਾਖਲ ਹੋ ਕੇ ਕਿਲ੍ਹੇ ਤੇ ਕਬਜਾ ਕਰ ਲਿਆ ਅਤੇ ਕੇਸਰੀ ਨਿਸ਼ਾਨ ਲਹਿਰਾ ਕੇ ਜਿੱਤ ਦਾ ਝੰਡਾ ਗਡ ਦਿੱਤਾ। ਮੁਗਲਾਂ ਦੇ ਰਾਜ ਨੂੰ ਜੜ੍ਹੋਂ ਪੁੱਟਣ ਲਈ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਨੇ ਮੁਗਲਾਂ ਦੀ ਤਾਜ-ਪੋਸ਼ੀ ਵਾਲੀ ਪੱਥਰ ਦੀ ਸਿਲ 6'-3" ਲੰਬੀ 4'-6" ਚੌੜੀ 9" ਮੋਟੀ ਜਿਹੜੀ ਕੁਰਾਨ ਦੀਆਂ ਕਲਮਾਂ ਨਾਲ ਪਵਿਤੱਰ ਕੀਤੀ ਗਈ ਅਤੇ ਬਾਰਾਂਦਰੀ ਦੇ 44 ਥੰਮ ਪੁੱਟਕੇ ਆਪਣੇ ਨਾਲ ਲੈ ਆਂਦੇ ਜੋ ਅੱਜ ਵੀ ਰਾਮਗੜ੍ਹੀਆ ਬੁੰਗਾ, ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਵਿਚ ਲਗੇ ਹੋਏ ਹਨ। ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਨੇ ਪੰਜਾਬ ਵਾਪਿਸ ਆਕੇ ਦੁਬਾਰਾ ਰਾਮਗੜ੍ਹੀਆ ਮਿਸਲ ਦੀ ਸ਼ਾਨ ਬਹਾਲ ਕਰ ਲਈ। ਅਖੀਰ 8 ਅਗਸਤ 1803 ਨੂੰ ਜੱਸਾ ਸਿੰਘ ਰਾਮਗੜ੍ਹੀਆ ਆਪਣੀ ਰਾਜਧਾਨੀ ਸ੍ਰੀ ਹਰਗੋਬਿੰਦਪੁਰ ਵਿਖੇ ਕੁਝ ਸਮਾਂ ਬਿਮਾਰ ਰਹਿਣ ਮਗਰੋਂ 80 ਸਾਲ ਦੀ ਉਮਰ ਵਿਚ ਸਵਰਗਵਾਸ ਹੋ ਗਏ।





ਗਿਆਨੀ ਜ਼ੈਲ ਸਿੰਘ ਨੂੰ 25 ਜੁਲਾਈ 1982 ਵਿਚ ਭਾਰਤ ਦੇ 7ਵੇਂ ਰਾਸ਼ਟਰਪਤੀ ਬਣਨ ਉਪਰੰਤ ਲਾਲ ਕਿਲ੍ਹੇ ਦੀ ਫ਼ਸੀਲ ਤੇ 26 ਜਨਵਰੀ 1983 ਨੂੰ ਤਿਰੰਗਾ ਲਹਿਰਾਉਣ ਦਾ ਮਾਣ ਪ੍ਰਾਪਤ ਹੋਇਆ ਉਹ ਇਸ ਅਹੁੱਦੇ ਤੇ 25 ਜੁਲਾਈ, 1987 ਤਕ ਰਹੇ। ਉਹ ਇਸ ਤੋਂ ਪਹਿਲਾ ਪੈਪਸੂ ਵਿਚ ਮਾਲ ਅਤੇ ਖੇਤੀਬਾੜੀ ਮੰਤਰੀ, 1972 ਤੋਂ 1977 ਵਿਚ ਪੰਜਾਬ ਦੇ ਮੁੱਖ ਮੰਤਰੀ, 1980 ਤੋਂ 1982 ਤਕ ਵਿਚ ਭਾਰਤ ਦੇ ਗ੍ਰਹਿ ਮੰਤਰੀ ਰਹੇ। ਉਨ੍ਹਾਂ 1972 ਵਿੱਚ ਪੰਜਾਬ ਦੇ ਮੁੱਖ ਮੰਤਰੀ ਬਣਨ ਉਪਰੰਤ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਮੱਥਾ ਟੇਕਣ ਗਏ। ਉਨ੍ਹਾਂ ਨੇ ਪਰਮਾਤਮਾ ਕੋਲੋਂ ਆਸ਼ੀਰਵਾਦ ਲਿਆ ਤੇ ਜ਼ਿੰਮੇਵਾਰੀ ਸੰਭਾਲੀ ਤੇ ਸਫ਼ਲਤਾ ਨਾਲ ਨਿਭਾਈ। ਗਿਆਨੀ ਜੀ ਦਾ ਸਿੱਖ ਧਰਮ ਵਿੱਚ ਅਟੁੱਟ ਵਿਸ਼ਵਾਸ ਸੀ। ਉਨ੍ਹਾਂ ਨੇ ਮੁੱਖ ਮੰਤਰੀ ਦਾ ਅਹੁੱਦਾ ਸੰਭਾਲਣ ਉਪਰੰਤ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਯਾਦ ਵਿੱਚ ਸਭ ਤੋਂ ਪਹਿਲਾਂ ਦੋ ਤਖ਼ਤਾਂ ਸ੍ਰੀ ਅਨੰਦਪੁਰ ਸਾਹਿਬ ਤੋਂ ਤਖ਼ਤ ਦਮਦਮਾ ਸਾਹਿਬ ਤਲਵੰਡੀ ਸਾਬੋ ਨੂੰ ਜੋੜਨ ਵਾਲਾ 640 ਕਿਲੋਮੀਟਰ "ਗੁਰੂ ਗੋਬਿੰਦ ਸਿੰਘ ਮਾਰਗ" ਬਣਵਾਇਆ। ਉਨ੍ਹਾਂ ਦੀ ਸਰਕਾਰ ਨੇ ਪੰਜਾਬੀ ਸੂਬੇ ਦੇ ਵਿਕਾਸ ਲਈ ਕਈ ਕਦਮ ਚੁੱਕੇ ਜਿਹਨਾਂ ਵਿੱਚੋਂ ਪਿੰਡਾਂ ਦਾ ਸੌ ਫ਼ੀਸਦੀ ਬਿਜਲੀਕਰਨ ਸਭ ਤੋਂ ਵੱਡੀ ਪ੍ਰਾਪਤੀ ਰਹੀ। ਗਿਆਨੀ ਜੀ ਨੇ ਸ. ਭਗਤ ਸਿੰਘ ਦੀ ਮਾਂ ਨੂੰ 'ਪੰਜਾਬ ਮਾਤਾ' ਦੇ ਖ਼ਿਤਾਬ ਨਾਲ ਸਨਮਾਨਿਆ। ਗਿਆਨੀ ਜ਼ੈਲ ਸਿੰਘ ਦੇ ਯਤਨਾਂ ਨਾਲ ਹੀ ਸ਼ਹੀਦ ਊਧਮ ਸਿੰਘ ਦੀਆਂ ਅਸਥੀਆਂ ਇੰਗਲੈਂਡ ਤੋਂ ਭਾਰਤ ਲਿਆਂਦੀਆਂ ਗਈਆਂ।

ਗਿਆਨੀ ਜੀ ਦਾ ਆਪਣੇ ਆਪ 'ਤੇ ਪੂਰਨ ਕੰਟਰੋਲ ਸੀ। ਉਹ ਵੱਡੀ ਤੋਂ ਵੱਡੀ ਗੱਲ ਹੋਣ 'ਤੇ ਵੀ ਡੋਲਦੇ ਨਹੀ ਸਨ, ਚਾਹੇ ਉਹ ਐਮਰਜੈਂਸੀ ਦਾ ਸਮਾਂ ਸੀ, ਸਾਕਾ ਨੀਲਾ ਤਾਰਾ ਜਾਂ ਹੋਰ ਕੋਈ ਹਾਲਾਤ। ਉਨ੍ਹਾਂ ਦੇ ਸਮੇਂ ਲੋਕਾਂ ਨਾਲ ਕਿਸੇ ਤਰ੍ਹਾਂ ਦੀ ਜ਼ਿਆਦਤੀ ਦੀ ਕੋਈ ਘਟਨਾ ਨਹੀਂ ਮਿਲਦੀ। ਗਿਆਨੀ ਜੀ ਨੇ ਸੱਤਾ ਵਿੱਚ ਹੁੰਦੇ ਹੋਏ ਕਦੇ ਵੀ ਆਪਣੇ ਵਿਰੋਧੀਆਂ ਵਿਰੁੱਧ ਕਾਰਵਾਈ ਕਰਨ ਬਾਰੇ ਨਹੀਂ ਸੀ ਸੋਚਿਆ। ਫ਼ਰੀਦਕੋਟ ਦੇ ਮਹਾਰਾਜੇ ਹਰਿੰਦਰ ਸਿੰਘ ਬਰਾੜ ਨੇ ਆਪਣੇ ਰਾਜ ਸਮੇਂ ਗਿਆਨੀ ਜੀ ਨੂੰ ਜੀਪ ਮਗਰ ਬੰਨ੍ਹ ਕੇ ਘੜੀਸਿਆ ਅਤੇ ਹੋਰ ਅਨੇਕਾਂ ਵਧੀਕੀਆਂ ਕੀਤੀਆਂ ਸਨ ਪਰ ਉਹ ਮੁੱਖ ਮੰਤਰੀ ਬਣਕੇ ਮਹਾਰਾਜੇ ਦੇ ਘਰ ਗਏ ਅਤੇ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਬਦੌਲਤ ਹੀ ਉਹ ਮੁੱਖ ਮੰਤਰੀ ਹਨ। ਗਿਆਨੀ ਜੀ ਵਲੋਂ ਸੁਤੰਤਰਤਾ ਸੰਗਰਾਮ ਲਈ ਕੀਤੀਆਂ ਕੁਰਬਾਨੀਆਂ ਸਦਕਾ ਉਹ ਹਮੇਸ਼ਾ ਸੁਤੰਤਰਤਾ ਸੰਗਰਾਮੀਆਂ ਦੀ ਮਦੱਦ ਨੂੰ ਪਹਿਲ ਦਿੰਦੇ ਸਨ ਭਾਂਵੇ ਉਹ ਕਿਸੇ ਵੀ ਅਹੁੱਦੇ ਤੇ ਰਹੇ। ਉਨ੍ਹਾਂ ਦੇ ਪੁਰਾਣੇ ਸਾਥੀ ਅੱਜ ਵੀ ਉਨ੍ਹਾਂ ਦੀ ਮਿੱਤਰਤਾ ਦੀਆਂ ਕਹਾਣੀਆਂ ਫ਼ਖ਼ਰ ਨਾਲ ਸੁਣਾਉਦੇ ਹਨ।

ਗਿਆਨੀ ਜੀ ਅਖੀਰ ਆਪਣੀਆਂ ਮਿੱਠੀਆਂ ਯਾਦਾਂ ਛੱਡਦੇ ਹੋਏ 25 ਦਿਸੰਬਰ 1994 ਨੂੰ ਸਦੀਵੀ ਵਿਛੋੜਾ ਦੇ ਗਏ।

ਅਜ ਅਸੀਂ ਕੌਮ ਦੇ ਮਹਾਨ ਯੋਧਿਆ ਨੂੰ ਯਾਦ ਕਰਦਿਆਂ ਆਪਣੀ ਸਰਧਾ ਪ੍ਰਗਟ ਕਰੀਏ ਤੇ ਉਨ੍ਹਾਂ ਵਲੋਂ ਕੀਤੇ ਕਾਰਨਾਮਿਆਂ ਨੂੰ ਯਾਦ ਕਰੀਏ।



## ਔਰਤ ਨੂੰ ਬੇਹੋਸ਼ ਕਰਕੇ ਨਾਕਬਪੋਸ਼ਾਂ ਨੇ ਦੋ ਬੱਚੇ ਅਗਵਾ ਕਰ ਲਏ

### * ਪੁਲਸ ਦਾ ਘੇਰਾ ਵੇਖ ਕੇ ਅਗਵਾਕਾਰ ਬੱਚਿਆਂ ਨੂੰ ਛੱਡ ਕੇ ਭੱਜੇ



ਹਰਚੋਵਾਲ, 6 ਮਈ (ਪੋਸਟ ਬਿਊਰੋ)- ਮੋਟਰਸਾਈਕਲ ਸਵਾਰ ਨਕਾਬਪੋਸ਼ਾਂ ਨੇ ਦੁਕਾਨ ਉੱਤੇ ਬੈਠੀ ਹੋਈ ਇੱਕ ਔਰਤ ਨੂੰ ਬੇਹੋਸ਼ ਕਰ ਕੇ ਉਸ ਦੇ ਬੱਚਿਆਂ, ਧੀ ਅਤੇ ਪੁੱਤਰ ਨੂੰ ਅਗਵਾ ਕਰ ਲਿਆ, ਪਰ ਪੁਲਸ ਅਤੇ ਲੋਕਾਂ ਦੀ ਘੇਰਾਬੰਦੀ ਕਾਰਨ ਅਗਵਾਕਾਰ ਬੱਚਿਆਂ ਨੂੰ ਰਸਤੇ ਵਿੱਚ ਛੱਡ ਕੇ ਫਰਾਰ ਹੋ ਗਏ।

ਇਸ ਬਾਰੇ ਸਵਰਨ ਕੌਰ ਪਤਨੀ ਬੂਟਾ ਰਾਮ ਪਿੰਡ ਭਾਮ ਨੇ ਦੱਸਿਆ ਕਿ ਉਹ ਮਿੱਟੀ ਦੇ ਬਰਤਨ ਵੇਚਣ ਦਾ ਕੰਮ ਪਿੰਡ ਦੇ ਬੱਸ ਅੱਡੇ ਉੱਤੇ ਕਰਦੀ ਹੈ। ਬੀਤੇ ਦਿਨੀਂ ਮੇਰੀ ਨੂੰਹ ਸਿਮਰਨਜੀਤ ਕੌਰ ਪਤਨੀ ਅਵਤਾਰ ਸਿੰਘ ਆਪਣੇ ਲੜਕੇ ਫਤਿਹ ਸਿੰਘ (7) ਅਤੇ ਦੂਜੇ ਲੜਕੇ ਤਰਸੇਮ ਸਿੰਘ ਦੀ ਲੜਕੀ ਮਨਪ੍ਰੀਤ ਕੌਰ (12) ਨਾਲ ਦੁਕਾਨ ਉੱਤੇ ਆਈ ਅਤੇ ਉਹ ਦੁਪਹਿਰ ਸਮੇਂ ਘਰ ਖਾਣਾ ਖਾਣ ਚਲੀ ਗਈ। ਪਿੱਛੋਂ ਮੋਟਰਸਾਈਕਲ ਸਵਾਰ ਨੌਜਵਾਨ ਦੁਕਾਨ ਉੱਤੇ ਆਏ ਤੇ ਕਹਿਣ ਲੱਗੇ ਕਿ ਅਸੀਂ ਗਰੀਬਾਂ ਦੇ ਬੱਚਿਆਂ ਨੂੰ ਸਾਮਾਨ ਵੰਡਦੇ ਹਾਂ, ਤੁਹਾਨੂੰ ਸਾਮਾਨ ਚਾਹੀਦਾ ਹੈ ਤਾਂ ਦੱਸੋ। ਸਿਮਰਨਜੀਤ ਨੇ ਕਿਹਾ ਕਿ ਸਾਨੂੰ ਕੋਈ ਸਾਮਾਨ ਨਹੀਂ ਚਾਹੀਦਾ। ਇਸ ਉੱਤੇ ਨੌਜਵਾਨਾਂ ਨੇ ਜੇਬ ਵਿੱਚੋਂ ਰੁਮਾਲ ਕੱਢ ਕੇ ਸਿਮਰਨਜੀਤ ਦੇ ਮੂੰਹ ਉੱਤੇ ਲਾ ਦਿੱਤਾ ਅਤੇ ਉਹ ਬੇਹੋਸ਼ ਹੋ ਗਈ। ਅਗਵਾਕਾਰ ਦੋਵਾਂ ਬੱਚਿਆਂ ਨੂੰ ਜ਼ਬਰਦਸਤੀ ਮੋਟਰਸਾਈਕਲ ਉੱਤੇ ਬੈਠ ਕੇ ਹਰਚੋਵਾਲ ਵੱਲ ਲੈ ਗਏ।ਇਸ ਦੀ ਸੂਚਨਾ ਬੱਚਿਆਂ ਦੇ ਪਰਵਾਰ ਨੂੰ ਮਿਲੀ ਤਾਂ ਉਨ੍ਹਾਂ ਪਿੰਡ ਦੇ ਸਰਪੰਚ ਨੂੰ ਦੱਸਿਆ, ਜਿਸਨੇ ਪੁਲਸ ਚੌਕੀ ਹਰਚੋਵਾਲ ਨੂੰ ਸੂਚਿਤ ਕੀਤਾ। ਪੁਲਸ ਨੇ ਚਾਰੇ ਪਾਸੇ ਨਾਕਾਬੰਦੀ ਕਰ ਦਿੱਤੀ ਤੇ ਲੋਕਾਂ ਨੇ ਵੀ ਇਲਾਕੇ ਵਿੱਚ ਘੇਰਾਬੰਦੀ ਕਰ ਲਈ, ਤਾਂ ਅਗਵਾਕਾਰ ਬੱਚਿਆਂ ਨੂੰ ਭਾਮੜੀ ਮੋੜ ਉੱਤੇ ਉਤਾਰ ਕੇ ਫ਼ਰਾਰ ਹੋ ਗਏ। ਬੱਚੇ ਹਰਚੋਵਾਲ ਵਿੱਚ ਅਵਤਾਰ ਸਿੰਘ ਦੇ ਕੋਲ ਪਹੁੰਚ ਗਏ। ਪੁਲਸ ਨੇ ਬੱਚਿਆਂ ਤੋਂ ਪੁੱਛਗਿੱਛ ਕਰਕੇ ਪਰਵਾਰ ਨੂੰ ਸੌਂਪ ਦਿੱਤਾ ਤੇ ਦੁਕਾਨਾਂ ਦੇ ਬਾਹਰ ਲੱਗੇ ਸੀ ਸੀ ਟੀ ਵੀ ਕੈਮਰੇ ਦੀ ਫੁਟੇਜ਼ ਦੀ ਮੱਦਦ ਨਾਲ ਅਗਵਾਕਾਰਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

## ਸਬਜ਼ੀ ਵਾਲੇ ਦੇ ਟੋਕਰੇ ਨੂੰ ਲੱਤ ਮਾਰਨ ਵਾਲਾ ਐਸ ਐਚ ਓ ਸਸਪੈਂਡ



ਫਗਵਾੜਾ, 6 ਮਈ (ਪੋਸਟ ਬਿਊਰੋ)- ਕੱਲ੍ਹ ਪੰਜਾਬ ਪੁਲਸ ਦਾ ਸ਼ਰਮਨਾਕ ਵਿਹਾਰ ਓਦੋਂ ਸਾਹਮਣੇ ਆਇਆ, ਜਦੋਂ ਫਗਵਾੜੇ ਦੇ ਥਾਣਾ ਸਿਟੀ ਦੇ ਐਸ ਐਚ ਓ ਨੇ ਇੱਕ ਗ਼ਰੀਬ ਰੇਹੜੀ ਵਾਲੇ ਦੀਆਂ ਸਬਜ਼ੀਆਂ ਉੱਤੇ ਲੱਤ ਮਾਰ ਕੇ ਉਨ੍ਹਾਂ ਨੂੰ ਖਿਲਾਰ ਦਿੱਤਾ। ਵੀਡੀਓ ਵਾਇਰਲ ਹੋਣ ਪਿੱਛੋਂ ਜ਼ਿਲ੍ਹੇ ਦੀ ਐਸ ਐਸ ਪੀ ਕੰਵਲਦੀਪ ਕੌਰ ਨੇ ਇਸਦਾ ਨੋਟਿਸ ਲੈਂਦਿਆਂ ਐਸ ਐਚ ਓ ਨੂੰ ਸਸਪੈਂਡ ਕਰ ਕੇ ਉਸ ਨਾਲ ਡਿਊਟੀ ਉੱਤੇ ਗਏ ਪੀ ਸੀ ਆਰ ਇੰਚਾਰਜ ਬਲਜਿੰਦਰ ਮੱਲ੍ਹੀ ਨੂੰ ਵੀ ਪੁਲਸ ਲਾਈਨ ਕਪੂਰਥਲਾ ਭੇਜ ਦਿੱਤਾ ਅਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਸਥਾਨਕ ਸਰਾਏ ਰੋਡ ਉੱਤੇ ਸਬਜ਼ੀ ਦੀਆਂ ਰੇਹੜੀਆਂ ਲੱਗਦੀਆਂ ਹਨ। ਕੋਰੋਨਾ ਵਾਇਰਸਕਾਰਨ ਇਸ ਥਾਂਭੀੜ ਘਟਾਉਣ ਲਈ ਐਸ ਐਚ ਓ ਸਿਟੀ ਨਵਦੀਪ ਸਿੰਘ ਅਤੇ ਪੀ ਸੀ ਆਰ ਇੰਚਾਰਜ ਬਲਜਿੰਦਰ ਸਿੰਘ ਦੀ ਅਗਵਾਈ ਵਿੱਚਪੁਲਸ ਪਾਰਟੀ ਰੇਹੜੀਆਂ ਨੂੰ ਸੜਕ ਤੋਂ ਪਿੱਛੇ ਹਟਾਉਣ ਗਈ ਸੀ। ਇਸ ਦੌਰਾਨ ਐਸ ਐਚ ਓ ਨਵਦੀਪ ਸਿੰਘ ਨੇ ਗੁੱਸੇ ਵਿੱਚਆ ਕੇ ਇੱਕ ਰੇਹੜੀ ਵਾਲੇ ਦੇ ਟੋਕਰੇ ਨੂੰ ਲੱਤ ਮਾਰ ਕੇ ਸਬਜ਼ੀ ਖਿਲਾਰ ਦਿੱਤੀ। ਇਹ ਸਾਰਾ ਮਾਮਲਾ ਸੋਸ਼ਲ ਮੀਡੀਆ ਉੱਤੇ ਵਾਇਰਲ ਹੋ ਗਿਆ ਤਾਂ ਜ਼ਿਲ੍ਹੇ ਦੀ ਐਸ ਐਸ ਪੀ ਕੰਵਲਦੀਪ ਕੌਰ ਨੇ ਐਸ ਐਚ ਓ ਨਵਦੀਪ ਸਿੰਘ ਨੂੰ ਸਸਪੈਂਡ ਕਰਕੇ ਇੰਸਪੈਕਟਰ ਬਲਵਿੰਦਰਪਾਲ ਨੂੰ ਫਗਵਾੜੇ ਦਾ ਨਵਾਂ ਐਸ ਐਚ ਓ ਨਿਯੁਕਤ ਕਰ ਦਿੱਤਾ। ਇਸਦੇ ਨਾਲ ਪੀ ਸੀ ਆਰ ਇੰਚਾਰਜ ਬਲਜਿੰਦਰ ਸਿੰਘ ਮੱਲ੍ਹੀ ਨੂੰ ਪੁਲਸ ਲਾਈਨ ਕਪੂਰਥਲਾ ਭੇਜ ਦਿੱਤਾ ਹੈ ਤੇ ਸ਼ੁਮਿੰਦਰ ਸਿੰਘ ਭੱਟੀ ਨੂੰ ਪੀ ਸੀ ਆਰ ਦਾ ਇੰਚਾਰਜ ਨਿਯੁਕਤ ਕੀਤਾ ਹੈ। ਓਧਰ ਪੰਜਾਬ ਪੁਲਸ ਦੇ ਡੀ ਜੀ ਪੀ ਦਿਨਕਰ ਗੁਪਤਾ ਨੇ ਟਵੀਟ ਕਰ ਕੇ ਇਸ ਘਟਨਾ ਨੂੰ ਸ਼ਰਮਨਾਕ ਦੱਸਿਆ ਤੇ ਐਸ ਐਚ ਓ ਨੂੰ ਸਸਪੈਂਡ ਕਰਨ ਦੇ ਹੁਕਮ ਦੇ ਦਿੱਤੇ। ਉਨ੍ਹਾਂ ਕਿਹਾ ਕਿ ਇਹੋ ਜਿਹੇ ਵਤੀਰੇ ਵਾਲੇ ਅਧਿਕਾਰੀਆਂ ਨੂੰ ਇਸ ਦੇ ਨਤੀਜੇ ਭੁਗਤਣੇ ਪੈਣਗੇ ਅਤੇ ਅਜਿਹਾ ਮਾੜਾ ਵਤੀਰਾ ਸਹਿਣਯੋਗ ਨਹੀਂ ਹੈ।

## ਪਰਵਾਸੀ ਮਜ਼ਦੂਰਾਂ ਦੀ ਹਿਜਰਤ ਜਾਰੀ, ਸਟੇਸ਼ਨ ਉੱਤੇ ਭਾਰੀ ਭੀੜ

ਜਲੰਧਰ, 6 ਮਈ (ਪੋਸਟ ਬਿਊਰੋ)- ਕੋਵਿਡ-19 ਦਾ ਵਧਦੇ ਪ੍ਰਭਾਵ ਰੋਕਣ ਲਈ ਪੰਜਾਬ ਸਰਕਾਰ ਵੱਲੋਂ ਪਾਬੰਦੀਆਂ ਲਾਗੂ ਕਰਨ ਨਾਲ ਆਮ ਲੋਕਾਂ ਨੂੰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸਰਕਾਰ ਵੱਲੋਂ ਪੂਰਨ ਤਾਲਾਬੰਦੀ ਕਰਨ ਤੋਂ ਇਨਕਾਰ ਕੀਤਾ ਗਿਆ ਹੈ ਪਰ ਇਸ ਦੇ ਬਾਵਜੂਦ ਫ਼ੈਕਟਰੀਆਂ ਵਿੱਚ ਮਜ਼ਦੂਰਾਂ ਦੀ ਹਾਜ਼ਰੀ ਘੱਟ ਰਹੀ ਹੈ। ਮਹਾਂਮਾਰੀ ਦੇ ਵਧਦੇ ਫੈਲਾਅ ਅਤੇ ਪੂਰਨ ਤਾਲਾਬੰਦੀ ਤੋਂ ਡਰੇ ਪ੍ਰਵਾਸੀ ਮਜ਼ਦੂਰਾਂ ਦਾ ਪਲਾਇਨ ਜਾਰੀ ਹੈ। ਮਜ਼ਦੂਰ ਵੱਖ-ਵੱਖ ਸਾਧਨਾਂ ਰਾਹੀਂ ਖਿਸਕ ਰਹੇ ਹਨ, ਜਿਨ੍ਹਾਂ ਵਿੱਚ ਰੇਲ ਗੱਡੀ ਉਨ੍ਹਾਂ ਦਾ ਪ੍ਰਮੁੱਖ ਸਾਧਨ ਹੈ, ਜਿਸ ਨਾਲ ਸਿਟੀ ਸਟੇਸ਼ਨ ਉੱਤੇ ਪ੍ਰਵਾਸੀ ਮਜ਼ਦੂਰਾਂ ਦੀ ਭੀੜ ਰਹਿੰਦੀ ਹੈ। ਸਰਕਾਰ ਵੱਲੋਂ ਮਹਾਂਮਾਰੀ ਦੇ ਫੈਲਾਅ ਨੂੰ ਰੋਕਣ ਦੀਆਂ ਸਖ਼ਤ ਪਾਬੰਦੀਆਂ ਕਾਰਨ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਹਦਾਇਤਾਂ ਉੱਤੇ ਸਿਹਤ ਵਿਭਾਗ ਸਟੇਸ਼ਨ ਉੱਤੇ ਯਾਤਰੀਆਂ ਦੇ ਕੋਰੋਨਾ ਟੈਸਟ ਕਰਵਾ ਰਿਹਾ ਹੈ। ਸਟੇਸ਼ਨ ਉੱਤੇ ਵੱਧ ਰਹੀ ਭੀੜ ਦੇ ਮੱਦੇਨਜ਼ਰ ਸੁਰੱਖਿਆ ਪ੍ਰਬੰਧ ਨਾਂਹ ਦੇ ਬਰਾਬਰ ਸਨ।

## ਹਾਈ ਕੋਰਟ ਵੱਲੋਂ ਜਗਤਾਰ ਸਿੰਘ ਹਵਾਰਾ ਨੂੰ ਜ਼ਮਾਨਤ ਤੋਂ ਇਨਕਾਰ



ਚੰਡੀਗੜ੍ਹ, 6 ਮਈ (ਪੋਸਟ ਬਿਊਰੋ)- ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਵਾਲੇ ਕਤਲ ਕੇਸ ਵਿੱਚ ਜੇਲ੍ਹ ਬੰਦ ਜਗਤਾਰ ਸਿੰਘ ਹਵਾਰਾ ਵੱਲੋਂ ਜੇਲ੍ਹ ਵਿੱਚੋਂ ਪੈਰੋਲ ਲੈਣ ਦੀ ਤਿਆਰੀ ਹੋ ਰਹੀ ਹੈ। ਇਸੇ ਕਾਰਨ ਉਸ ਨੇ 15 ਸਾਲ ਪਹਿਲਾਂ ਚੰਡੀਗੜ੍ਹ ਵਿੱਚ ਹੋਏ ਇੱਕ ਬੰਬ ਧਮਾਕੇ ਦੇ ਕੇਸ ਵਿੱਚ ਪੱਕੀ ਜ਼ਮਾਨਤ ਲਈ ਪੰਜਾਬ ਅਤੇ ਹਰਿਆਣਾ ਹਾਈ ਕੋਰਟਨੂੰ ਪਹੁੰਚ ਕੀਤੀ, ਪਰ ਹਾਈ ਕੋਰਟ ਨੇ ਜ਼ਮਾਨਤ ਦੇਣ ਤੋਂ ਇਸ ਲਈ ਇਨਕਾਰ ਕਰ ਦਿੱਤਾ ਕਿ ਹਵਾਰਾ ਵਿਰੁੱਧ ਗੰਭੀਰ ਕੇਸਚੱਲਦੇ ਹਨ ਤੇ ਬੇਅੰਤ ਸਿੰਘ ਕਤਲ ਕੇਸ ਵਿੱਚ ਉਸ ਨੂੰ ਸਾਰੀ ਜ਼ਿੰਦਗੀ ਜੇਲ੍ਹ ਤੋਂ ਬਾਹਰ ਨਾ ਆਉਣ ਦਾ ਅਦਾਲਤੀ ਹੁਕਮ ਹੈ। ਜਗਤਾਰ ਸਿੰਘ ਹਵਾਰਾ ਨੇ ਜ਼ਮਾਨਤ ਅਰਜ਼ੀ ਵਿੱਚ ਕਿਹਾ ਸੀ ਕਿ ਬੰਬ ਧਮਾਕੇ ਦੇ 15 ਸਾਲ ਪੁਰ-ਾਣੇ ਕੇਸ ਵਿੱਚ ਅਜੇ ਟਰਾਇਲ ਸ਼ੁਰੂ ਨਹੀਂ ਹੋ ਸਕਿਆ ਤੇ 2010 ਵਿੱਚ ਹੋਰ ਦੋਸ਼ੀਆਂ ਨੂੰ ਜ਼ਮਾਨਤ ਮਿਲ ਚੁੱਕੀ ਹੈ, ਇਸ ਲਈ ਉਸ ਨੂੰ ਵੀ ਜ਼ਮਾਨਤ ਦਿੱਤੀ ਜਾਣੀ ਚਾਹੀਦੀ ਹੈ। ਉਸ ਨੇ ਕਿਹਾ ਕਿ ਇਸ ਕੇਸ ਵਿੱਚ ਜ਼ਮਾਨਤ ਮਿਲਣ ਨਾਲ ਉਹ ਰਿਹਾਅ ਨਹੀਂ ਹੋ ਸਕੇਗਾ, ਕਿਉਂਕਿ ਬੇਅੰਤ ਸਿੰਘ ਕਤਲ ਕੇਸ ਵਿੱਚ ਉਹ ਉਮਰ ਕੈਦ ਭੁਗਤ ਰਿਹਾ ਹੈ ਅਤੇ ਅਦਾਲਤ ਨੇ ਰਹਿੰਦੀ ਜ਼ਿੰਦਗੀ ਤੱਕ ਜੇਲ੍ਹ ਵਿੱਚ ਰੱਖਣ ਦਾ ਹੁਕਮ ਦਿੱਤਾ ਹੋਇਆ ਹੈ। ਜਸਟਿਸ ਅਲਕਾ ਸਰੀਨ ਦੀ ਬੈਂਚ ਨੇ ਚੰਡੀਗੜ੍ਹ ਬੰਬ ਧਮਾਕੇ ਦੇ ਕੇਸ ਵਿੱਚ ਜਗਤਾਰ ਸਿੰਘ ਹਵਾਰਾ ਨੂੰ ਜ਼ਮਾਨਤ ਦੇਣ ਤੋਂ ਇਨਕਾਰ ਕਰ ਦਿੱਤਾ ਅਤੇ ਕਿਹਾ ਹੈ ਕਿ ਬੇਅੰਤ ਸਿੰਘ ਕਤਲ ਕੇਸ ਵਿੱਚ ਉਸ ਨੂੰ ਰਹਿੰਦੀ ਜ਼ਿੰਦਗੀ ਵਿੱਚ ਬਾਹਰ ਨਾ ਆਉਣ ਦਾ ਹੁਕਮ ਦਿੱਤਾ ਹੋਇਆ ਹੈ।

## ਕੋਟਕਪੂਰਾ ਗੋਲੀਕਾਂਡ ਕੇਸ ਵਿੱਚ ਹਾਈ ਕੋਰਟ ਦੇ ਫ਼ੈਸਲੇ ਉੱਤੇ ਵਕੀਲ ਅਮਰ ਸਿੰਘ ਚਹਿਲ ਨੇ ਸਵਾਲ ਚੁੱਕੇ



ਚੰਡੀਗੜ੍ਹ, 6 ਮਈ (ਪੋਸਟ ਬਿਊਰੋ)- ਕੋਟਕਪੂਰਾ ਗੋਲੀਕਾਂਡ ਕੇਸ ਵਿੱਚ ਪੰਜਾਬ ਹਰਿਆਣਾ ਹਾਈ ਕੋਰਟ ਦੇ ਫ਼ੈਸਲੇ ਬਾਰੇ ਚੰਡੀਗੜ੍ਹ ਦੇ ਵਕੀਲ ਅਮਰ ਸਿੰਘ ਚਹਿਲ ਨੇ ਕਈ ਗੱਲਾਂ ਕਾਰਨ ਇਸ ਫ਼ੈਸਲੇ ਨੂੰ ਪੂਰੀ ਤਰ੍ਹਾਂ ਗਲਤ ਦੱਸ ਕੇ ਕਿਹਾ ਹੈ ਕਿ ਜੱਜ ਨੇ ਕਲਪਨਾ ਮੁਤਾਬਕ ਫ਼ੈਸਲੇ ਵਿੱਚ ਤਰਕ ਦਿੱਤੇ ਹਨ। ਉਨ੍ਹਾਂ ਨੇ ਕੇਸ ਵਿੱਚ ਪਟੀਸ਼ਨਰ ਇੰਸਪੈਕਟਰ ਗੁਰਦੀਪ ਸਿੰਘ ਵੱਲੋਂ ਲਾਏ ਦੋਸ਼ਾਂ ਨੂੰ ਬੇਬੁਨਿਆਦ ਦੱਸਿਆ ਅਤੇ ਕਿਹਾ ਕਿ ਇਹ ਫ਼ੈਸਲਾ ਟਰਾਇਲ ਕੋਰਟ ਨੇ ਲੈਣਾ ਸੀ ਕਿ ਉਸ ਨੇ ਜਿਹੜੇ ਬਿਆਨ ਜਾਂਚ ਟੀਮ ਦੇ ਮੂਹਰੇ ਦਰਜ ਕਰਵਾਏ ਸਨ, ਉਹ ਸਹੀ ਸਨ ਜਾਂ ਗਲਤ।

ਚੰਡੀਗੜ੍ਹ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਮਰ ਸਿੰਘ ਚਹਿਲ ਨੇ ਕਿਹਾ ਕਿ ਇਸ ਕੇਸ ਵਿੱਚ ਬਾਦਲ ਨਾ ਪਟੀਸ਼ਨਰ ਸਨ ਅਤੇ ਨਾ ਉਨ੍ਹਾਂ ਨੂੰ ਇਸ ਕੇਸ ਵਿੱਚ ਦੋਸ਼ੀ ਬਣਾਇਆ ਸੀ, ਫਿਰ ਵੀ ਹਾਈ ਕੋਰਟ ਨੇ ਆਪਣੇ ਫ਼ੈਸਲੇ ਵਿੱਚ ਇੱਕ ਤਰ੍ਹਾਂ ਕਲੀਨ ਚਿੱਟ ਦੇ ਦਿੱਤੀ, ਜਿਸ ਤੋਂ ਬਾਅਦ ਅਕਾਲੀ ਦਲ ਨੇ ਪ੍ਰੈਸ ਕਾਨਫਰੰਸਾਂ ਕਰ-ਕਰ ਕੇ ਇਸ ਫ਼ੈਸਲੇ ਦਾ ਸੁਆਗਤ ਕੀਤਾ ਹੈ। ਚਹਿਲ ਨੇ ਸਵਾਲ ਕੀਤਾ ਕਿ ਹਾਈ ਕੋਰਟ ਨੇ ਇਨ੍ਹਾਂ ਦੇ ਹੱਕ ਵਿੱਚ ਇਹ ਗੱਲਾਂ ਕਿਉਂ ਕਹੀਆਂ।ਇਸ ਤੋਂ ਇਲਾਵਾ ਵਿਸ਼ੇਸ਼ ਜਾਂਚ ਟੀਮ (ਐੱਸ ਆਈ ਟੀ) ਦੇ ਮੈਂਬਰ ਰਹੇ ਪੰਜਾਬ ਦੇ ਸਾਬਕਾ ਆਈ ਪੀ ਐਸ ਅਫ਼ਸਰ ਕੁੰਵਰ ਵਿਜੇ ਪ੍ਰਤਾਪ ਸਿੰਘ ਦੇ ਵਿਹਾਰ ਬਾਰੇ ਹਾਈ ਕੋਰਟ ਵੱਲੋਂ ਕੀਤੀਆਂ ਟਿੱਪਣੀਆਂਬਾਰੇ ਚਹਿਲ ਨੇ ਕਿਹਾ ਕਿ ਹਾਈ ਕੋਰਟ ਨੂੰ ਸਿਰਫ਼ ਟੀਮ ਵੱਲੋਂ ਕੀਤੀ ਕਾਨੂੰਨੀ ਜਾਂਚ ਬਾਰੇ ਸੋਚਣਾ ਚਾਹੀਦਾ ਸੀ, ਕਿਸੇ ਦੇ ਨਿੱਜੀ ਵਿਹਾਰ ਉੱਤੇ ਗੌਰ ਕਰਨ ਦਾ ਤਾਂ ਕੋਈ ਮਤਲਬ ਹੀ ਨਹੀਂ ਹੋਣਾ ਚਾਹੀਦਾ ਸੀ।






## ਸਿਹਤ ਢਾਂਚੇ ਲਈ ਰਿਜ਼ਰਵ ਬੈਂਕ ਵੱਲੋਂ 50 ਹਜ਼ਾਰ ਕਰੋੜ ਜਾਰੀ



ਮੁੰਬਈ, 6 ਮਈ (ਪੋਸਟ ਬਿਊਰੋ)- ਭਾਰਤੀ ਰਿਜ਼ਰਵ ਬੈਂਕ ਨੇ ਕੁਝ ਪ੍ਰਾਈਵੇਟ ਤੇ ਛੋਟੇ ਕਰਜ਼ਦਾਰਾਂ ਨੂੰ ਉਨ੍ਹਾਂ ਦਾ ਕਰਜ਼ਾ ਮੋੜਨ ਲਈ ਕੁਝ ਹੋਰ ਸਮਾਂ ਦੇਣ ਅਤੇ ਵੈਕਸੀਨ ਨਿਰਮਾਤਾਵਾਂ, ਹਸਪਤਾਲਾਂ ਤੇ ਕੋਵਿਡ-19 ਦੇ ਸਿਹਤ ਢਾਂਚੇ ਨੂੰ ਪਹਿਲ ਦੇ ਆਧਾਰ ਉਤੇ ਕਰਜ਼ਾ ਦੇਣ ਲਈ 50,000 ਕਰੋੜ ਰੁਪਏ ਦੇ ਵਿਸ਼ੇਸ਼ ਪ੍ਰਬੰਧ ਦਾ ਐਲਾਨ ਕੀਤਾ ਹੈ। ਇਹ ਉਪਰਾਲੇ ਕੋਰੋਨਾ ਵਾਇਰਸ ਦੇ ਕਾਰਨ ਪ੍ਰਭਾਵਤ ਹੋ ਰਹੇ ਅਰਥਚਾਰੇ ਨੂੰ ਬਲ ਦੇਣ ਲਈ ਕੀਤੇ ਗਏ ਹਨ।

ਆਰ ਬੀ ਆਈ ਦੇ ਗਵਰਨਰ ਸ਼ਕਤੀਕਾਂਤ ਦਾਸ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਅਤੇ ਛੋਟੀਆਂਅਤੇ ਦਰਮਿਆਨੀਆਂ ਸਨਅਤਾਂ ਨੇ ਸਾਲ 2020 ਵਿੱਚ ਆਪਣੇ ਕਰਜ਼ਿਆਂ ਦਾ ਪੁਨਰਗਠਨ ਨਹੀਂ ਕਰਵਾਇਆ ਤੇ ਉਨ੍ਹਾਂ ਦੇ ਕਰਜ਼ਿਆਂ ਦੇ ਖਾਤੇ ਮਾਰਚ 2021 ਤੱਕ ਆਮ ਵਾਂਗ ਚੱਲਦੇ ਰਹੇ ਹੋਣ, ਮਤਲਬ ਉਸ ਉੱਤੇ ਵਿਆਹ ਅਤੇ ਕਿਸ਼ਤ ਦੀ ਅਦਾਇਗੀ ਹੁੰਦੀ ਰਹੀ ਹੋਵੇ, ਉਨ੍ਹਾਂ ਨੂੰ ਦੋ ਸਾਲਾਂ ਤੱਕ ਲਈ ਕਰਜ਼ੇ ਦੇ ਪੁਨਰਗਠਨ ਦਾ ਲਾਭ ਮਿਲੇਗਾ। ਕਰਜ਼ੇ ਦੇ ਪੁਨਰਗਠਨ ਦੀ ਇਹ ਸਹੂਲਤ 25 ਕਰੋੜ ਰੁਪਏ ਤੱਕ ਦੇ ਕਰਜ਼ੇ ਵਾਲੇ ਕਰਜ਼ਦਾਰਾਂ ਲਈ ਹੋਵੇਗੀ। ਭਾਰਤੀ ਬੈਂਕਾਂ ਦੀ ਐਸੋਸੀਏਸ਼ਨ ਅਨੁਸਾਰ ਕਰਜ਼ੇ ਦੇ ਇਸ ਪੁਨਰਗਠਨ ਦਾ ਲਾਭ ਨੱਬੇ ਫੀਸਦੀ ਕਰਜ਼ਦਾਰਾਂ ਨੂੰ ਮਿਲੇਗਾ। ਪਿਛਲੇ ਸਾਲ ਆਰ ਬੀ ਆਈ ਨੇ ਬੈਂਕ ਕਰਜ਼ਾ ਮੋੜਨ ਦਾ ਸਮਾਂ ਦੋ ਸਾਲ ਅੱਗੇ ਪਾ ਕੇ ਛੋਟੇ ਕਰਜ਼ਦਾਰਾਂ ਦੇ ਕਰਜ਼ੇ ਦਾ ਪੁਨਰਗਠਨ ਦੀ ਮਨਜ਼ੂਰੀ ਦਿੱਤੀ ਸੀ। ਇਸ ਵਾਰ ਬੈਂਕਾਂ ਨੂੰ ਕਰਜ਼ਾ ਮੋੜਨ ਦਾ ਸਮਾਂ ਵਧਾ ਕੇ ਜਾਂ ਵਿਆਜ ਦਰ ਘਟਾ ਕੇ ਕਰਜ਼ਿਆਂ ਦਾ ਪੁਨਰਗਠਨ ਦੀ ਮਨਜ਼ੂਰੀ ਦਿੱਤੀ ਗਈ ਹੈ। ਉਨ੍ਹਾਂ ਇਹ ਵੀ ਕਿਹਾ ਕਿ ਆਰ ਬੀ ਆਈ ਵੱਲੋਂ ਸਰਕਾਰੀ ਸਕਿਓਰਿਟੀਜ਼ ਖਰੀਦ ਪ੍ਰੋਗਰਾਮ (ਜੀ-ਸੈਪ) ਤਹਿਤ 20 ਮਈ ਤੱਕ 35000 ਕਰੋੜ ਰੁਪਏ ਦੇ ਬਾਂਡ ਖਰੀਦੇ ਜਾਣਗੇ। ਆਰ ਬੀ ਆਈ ਨੇ ਛੋਟੇ ਵਿੱਤੀ ਬੈਂਕਾਂ (ਐਸ ਐਫ ਬੀਜ਼) ਲਈ 10,000 ਕਰੋੜ ਰੁਪਏ ਦੇ ਵਿਸ਼ੇਸ਼ ਤਿੰਨ ਸਾਲਾਂ ਦੇ ਲੰਬੇ ਸਮੇਂ ਦੇ ਰੈਪੋ ਅਪਰੇਸ਼ਨ ਦਾ ਐਲਾਨ ਵੀ ਕੀਤਾ ਹੈ, ਜਿਸ ਤਹਿਤ ਬੈਂਕਾਂ ਨੂੰ 10,000 ਕਰੋੜ ਰੁਪਏ ਤੱਕ ਕਰਜ਼ਾ ਘੱਟ ਵਿਆਜ ਦਰਾਂ ਉੱਤੇ ਦਿੱਤਾ ਜਾਵੇਗਾ।

## ਮਰਾਠਿਆਂ ਨੂੰ ਦਿੱਤਾ ਰਾਖਵਾਂਕਰਨ .ਗੈਰ-ਸੰਵਿਧਾਨਕ: ਸੁਪਰੀਮ ਕੋਰਟ



ਨਵੀਂ ਦਿੱਲੀ, 6 ਮਈ (ਪੋਸਟ ਬਿਊਰੋ)- ਸੁਪਰੀਮ ਕੋਰਟ ਨੇ ਮਹਾਰਾਸ਼ਟਰ ਦੀਆਂ ਸਿੱਖਿਆ ਸੰਸਥਾਵਾਂਅਤੇ ਸਰਕਾਰੀ ਨੌਕਰੀਆਂ ਵਿੱਚ ਮਰਾਠਿਆਂ ਲਈ ਰਾਖਵਾਂਕਰਨ ਦੇ ਫ਼ੈਸਲੇ ਨੂੰ ਰੱਦ ਕਰ ਕੇ ਇਸ ਨੂੰ 'ਗ਼ੈਰ-ਸੰਵਿਧਾਨਕ' ਕਿਹਾ ਹੈ। ਨਾਲ ਹੀ ਕੋਰਟ ਨੇ ਵੱਧ ਤੋਂ ਵੱਧ ਰਾਖਵਾਂਕਰਨ 50 ਫ਼ੀਸਦੀ ਸੀਮਾਂ ਤੈਅ ਕਰਨ ਵਾਲੇ 1992 ਦੇ ਇੰ-ਦਰਾ ਸਾਹਨੀ ਫ਼ੈਸਲੇ ਨੂੰ ਮੁੜ ਵਿਚਾਰ ਲਈ ਵੱਡੇ ਬੈਂਚ ਨੂੰ ਭੇਜਣ ਦੀ ਮੰਗ ਵੀ ਠੁਕਰਾ ਦਿੱਤੀ ਹੈ।

ਪੰਜ ਜੱਜਾਂ ਵਾਲੇ ਬੈਂਚ ਨੇ ਸਰਬ ਸੰਮਤੀ ਨਾਲ ਕਿਹਾ ਕਿ ਮਰਾਠਿਆਂ ਨੂੰ ਕੋਟਾ ਦੇਣ ਵਾਲੇ ਮਹਾਰਾਸ਼ਟਰ ਦੇ ਕਾਨੂੰਨ ਵਿੱਚ 50 ਫ਼ੀਸਦੀ ਸਦੀ ਦੀ ਸੀਮਾਂ ਦਾ ਉਲੰਘਣ ਹੋਇਆ ਹੈ ਅਤੇ ਮਰਾਠਾ ਰਿਜ਼ਰਵੇਸ਼ਨ ਦਿੰਦੇ ਸਮੇਂ 50 ਫ਼ੀਸਦੀ ਗ਼ੈਰ-ਕਾਨੂੰਨੀ ਰਿਜ਼ਰਵੇਸ਼ਨ ਦਾ ਉਲੰਘਣ ਕਰਨ ਦਾ ਕੋਈ ਜਾਇਜ਼ ਆਧਾਰ ਨਹੀਂ ਸੀ। ਫ਼ੈਸਲੇ ਵਿੱਚ ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ ਮਰਾਠਾ ਭਾਈਚਾਰੇ ਦੇ ਲੋਕਾਂ ਨੂੰ ਅਕਾਦਮਿਕ ਅਤੇ ਸਮਾਜਕ ਰੂਪ ਵਿੱਚ ਐਲਾਨੀ ਸ਼੍ਰੇਣੀ ਵਜੋਂ ਲਾਇਆ ਜਾ ਸਕਦਾ ਹੈ।ਬੰਬੇ ਹਾਈਕੋਰਟ ਨੇ ਮਹਾਰਾਸ਼ਟਰ ਵਿੱਚ ਸਿੱਖਿਆ ਸੰਸਥਾਵਾਂ ਅਤੇ ਸਰਕਾਰੀ ਨੌਕਰੀਆਂ ਵਿੱਚ ਮਰਾਠਿਆਂ ਨੂੰ ਰਿਜ਼ਰਵੇਸ਼ਨ ਦੇਣ ਦੇ ਫ਼ੈਸਲੇ ਨੂੰ ਕਾਇਮ ਰੱਖਿਆ ਸੀ। ਇਸ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ ਉਤੇ ਸੁਪਰੀਮ ਕੋਰਟ ਨੇ ਕੱਲ੍ਹ ਫ਼ੈਸਲਾ ਸੁਣਾਇਆ। ਬੈਂਚ ਨੇ ਇਸ ਕੇਸ ਬਾਰੇ ਸੁਣਵਾਈ 15 ਮਾਰਚ ਨੂੰ ਸ਼ੁਰੂ ਕੀਤੀ ਸੀ। ਹਾਈਕੋਰਟ ਨੇ ਜੂਨ 2019 ਦੇ ਕਾਨੂੰਨ ਨੂੰ ਕਾਇਮ ਰੱਖਦੇ ਹੋਏ ਕਿਹਾ ਸੀ ਕਿ 16 ਫ਼ੀਸਦੀ ਸਦੀ ਰਿਜ਼ਰਵੇਸ਼ਨ ਉਚਿਤ ਨਹੀਂ ਹੈ।

## ਸੁਬਰਾਮਣੀਅਮ ਸਵਾਮੀ ਦੀ ਮੋਦੀ ਨੂੰ ਸਲਾਹ: ਕੋਰੋਨਾ ਵਿਰੁੱਧ ਜੰਗ ਦੀ ਕਮਾਂਡ ਗਡਕਰੀ ਨੂੰ ਸੌਂਪ ਦਿਓ

ਨਵੀਂ ਦਿੱਲੀ, 6 ਮਈ (ਪੋਸਟ ਬਿਊਰੋ)- ਦੇਸ਼ 'ਚ ਕੋਰੋਨਾ ਦੀ ਦੂਜੀ ਲਹਿਰ ਲਗਾਤਾਰ ਤੇਜ਼ ਰਫ਼ਤਾਰ ਨਾਲ ਇਨਫੈਕਸ਼ਨ ਫੈਲਾ ਰਹੀ ਹੈ। ਕਾਂਗਰਸ ਪਾਰਟੀ ਅਤੇ ਉਸ ਦੇ ਨੇਤਾ ਰਾਹੁਲ ਗਾਂਧੀ ਸਮੇਤ ਸਾਰੇ ਵਿਰੋਧੀ ਦਲ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਉਨ੍ਹਾਂ ਦੀ ਸਰਕਾਰ 'ਤੇ ਸਵਾਲ ਉਠਾ ਰਹੇ ਹਨ। ਅਜਿਹੇ ਮਾਹੌਲ ਵਿੱਚ ਮੋਦੀ ਨੂੰ ਉਨ੍ਹਾਂ ਦੀ ਪਾਰਟੀ ਦੇ ਵੱਡੇ ਨੇਤਾ ਸੁਬਰਾਮਣੀਅਮ ਸਵਾਮੀ ਨੇ ਵਿਸ਼ੇਸ਼ ਸਲਾਹ ਦਿੱਤੀ ਹੈ।

ਸੁਬਰਾਮਣੀਅਮ ਸਵਾਮੀ ਨੇ ਟਵੀਟ ਕਰਕੇ ਕਿਹਾ ਕਿ ਪ੍ਰਧਾਨ ਮੰਤਰੀ ਨੂੰ ਕੋਰੋਨਾ ਵਿਰੁੱਧ ਜੰਗ ਦੀ ਕਮਾਂਡ



ਕੇਂਦਰੀ ਮੰਤਰੀ ਨਿਤਿਨ ਗਡਕਰੀ ਨੂੰ ਸੌਂਪ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਭਾਰਤ ਕੋਰੋਨਾ ਦੇ ਕਹਿਰ ਨਾਲ ਨਜਿੱਠ ਲਵੇਗਾ, ਜਿਵੇਂ ਉਸ ਨੇ ਇਸਲਾਮਿਕ ਹਮਲਾਵਰਾਂ ਤੇ ਬ੍ਰਿਟਿਸ਼ ਸਾਮਰਾਜਵਾਦੀਆਂ ਦਾ ਸਾਹਮਣਾ ਕੀਤਾ ਹੈ, ਪਰ ਜੇ ਸਾਵਧਾਨੀ ਨਹੀਂ ਵਰਤੀ ਜਾਂਦੀ ਹੈ ਸਾਨੂੰ ਅਗੇ ਦਿਨਾਂ ਵਿੱਚ ਇੱਕ ਹੋਰ ਲਹਿਰ ਦਾ ਸਾਹਮਣਾ ਕਰਨਾ ਪੈ ਸਕਦਾ ਹੈ, ਜੋ ਬੱਚਿਆਂ ਨੂੰ ਟਾਰਗੇਟ ਕਰ ਸਕਦੀ ਹੈ।ਇੱਕ ਟਵਿਟਰ ਯੂਜ਼ਰ ਨੇ ਜਦ ਸੁਬਰਾਮਣੀਅਮ ਸਵਾਮੀ ਤੋਂ ਪੁੱਛਿਆ ਕਿ ਸਿਹਤ ਮੰਤਰੀ ਹਰਸ਼ਵਰਧਨ ਨੂੰ ਹਟਾ ਦੇਣਾ ਚਾਹੀਦਾ ਤਾਂ ਉਨ੍ਹਾਂ ਕਿਹਾ, ਨਹੀਂ, ਹਰਸ਼ਵਰਧਨ ਨੂੰ ਫਰੀ ਹੈਂਡ ਨਹੀਂ ਦਿੱਤਾ ਗਿਆ ਹੈ ਅਤੇ ਉਹ ਆਪਣੇ ਅਧਿਕਾਰੀਆਂ ਦੇ ਪ੍ਰਤੀ ਬਹੁਤ ਨਰਮ ਹਨ, ਗਡਕਰੀ ਦੇ ਨਾਲ ਉਹੀ ਅਧਿਕਾਰੀ ਚੰਗਾ ਕੰਮ ਕਰਨਗੇ।

## ਵਿਦੇਸ਼ੀ ਮਦਦ ਵਜੋਂ ਮੈਡੀਕਲ ਯੰਤਰ ਕੋਰੋਨਾ ਪੀੜਤਾਂ ਵਾਸਤੇ ਮਿਲੇ, ਡੱਬਿਆਂ ਵਿੱਚ ਰੱਖਣ ਲਈ ਨਹੀਂ: ਹਾਈਕੋਰਟ

ਨਵੀਂ ਦਿੱਲੀ, 6 ਮਈ (ਪੋਸਟ ਬਿਊਰੋ)- ਦਿੱਲੀ ਹਾਈਕੋਰਟ ਦੇ ਜਸਟਿਸ ਵਿਪਿਨ ਸਾਂਗੀ ਅਤੇ ਜਸਟਿਸ ਰੇਖਾ ਪੱਲੀ ਦੇ ਇੱਕ ਬੈਂਚ ਨੇ ਕਿਹਾ ਹੈ ਕਿ ਵਿਦੇਸ਼ੀ ਸਹਾਇਤਾ ਵਜੋਂ ਮਿਲੇ ਮੈਡੀਕਲ ਜੰਤਰ ਕੋਰੋਨਾ ਮਰੀਜ਼ਾਂ ਦੀ ਮੱਦਦ ਵਾਸਤੇ ਹਨ, ਨਾ ਕਿ ਕੁਝ ਸੰਸਥਾਵਾਂ ਦੇ ਡੱਬਿਆਂ ਵਿੱਚ ਰੱਖਣ ਲਈ ਕਿ ਜਿੱਥੇ ਇਹ ਪਏ-ਪਏ ਕਬਾੜ ਬਣ ਜਾਣ।

ਐਮਿਕਸ ਕਿਊਰੀ (ਨਿਆਂ ਮਿੱਤਰ) ਅਤੇ ਸੀਨੀਅਰ ਵਕੀਲ ਰਾਜਸ਼ੇਖਰ ਰਾਓ ਵੱਲੋਂ ਕੇਂਦਰ ਅਤੇ ਦਿੱਲੀ ਸਰਕਾਰ ਵੱਲੋਂ ਸਹਾਇਤਾ ਦੇ ਤੌਰ ਉਤੇ ਮਿਲੇ ਮੈਡੀਕਲ ਜੰਤਰਾਂ ਦੀ ਵੰਡ ਕਰਨ ਦੇ



ਤਰੀਕੇ ਉਤੇ ਪ੍ਰਗਟਾਈ ਚਿੰਤਾ ਬਾਰੇ ਅਦਾਲਤ ਨੇ ਇਹ ਟਿੱਪਣੀ ਕੀਤੀ ਹੈ। ਰਾਓ ਨੇ ਕਿਹਾ ਕਿ ਲੇਡੀ ਹਾਰਡਿੰਗ ਕਾਲਜ ਨੂੰ ਕਰੀਬ 260 ਆਕਸੀਜਨ ਕੰਨਸਟ੍ਰੇਟਰ ਦਿੱਤੇ ਗਏ ਜਦਕਿ ਉਥੇ ਏਨੀ ਲੋੜ ਨਹੀਂ ਸੀ। ਇਸ ਉਤੇ ਅਦਾਲਤ ਨੇ ਕੇਂਦਰ ਨੂੰ ਵੱਖ-ਵੱਖ ਹਸਪਤਾਲਾਂ ਵਿੱਚ ਵਿਦੇਸ਼ੀ ਮਦਦ ਦੀ ਵੰਡਬਾਰੇ ਜ਼ਮੀਨੀ ਸਥਿਤੀ ਦੀ ਪੁਸ਼ਟੀ ਕਰਨ ਦਾ ਆਦੇਸ਼ ਦਿੱਤਾ। ਲੋਕ ਸੇਵਾ ਵਿੱਚ ਲੱਗੀਆਂ ਸਵੈ-ਸੇਵੀ ਸੰਸਥਾਵਾਂ ਜਿਵੇਂ ਗੁਰਦੁਆਰੇ ਅਤੇ ਗ਼ੈਰ ਸਰਕਾਰੀ ਸੰਗਠਨਾਂ ਨੂੰ ਮੈਡੀਕਲ ਜੰਤਰ ਦੇਣ ਉੱਤੇ ਵਿਚਾਰ ਕਰਨ ਨੂੰ ਵੀ ਕਿਹਾ ਹੈ। ਇਸੇ ਦੌਰਾਨ ਦਿੱਲੀ ਹਾਈਕੋਰਟ ਨੇ ਇਹ ਵੀ ਕਿਹਾ ਕਿ ਇੰਝ ਜਾਪਦਾ ਹੈ ਕਿ ਦਿੱਲੀ ਸਰਕਾਰ ਨੇ ਤਰਲ ਮੈਡੀਕਲ ਆਕਸੀਜਨ (ਐਲ ਐਮ ਓ) ਬਣਾਉਣ ਅਤੇ ਰਾਜਧਾਨੀ ਵਿੱਚ ਇਸ ਦੀ ਵੰਡ ਨੂੰ ਸੁਚਾਰੂ ਬਣਾਉਣ ਲਈ ਕਦਮ ਨਹੀਂ ਚੁੱਕੇ।

## ਛਤਰਸਾਲ ਸਟੇਡੀਅਮ ਵਿੱਚ ਪਹਿਲਵਾਨਾਂ ਦੀ ਝੜਪ ਵਿੱਚ ਇੱਕ ਦੀ ਹੋਈ ਮੌਤ

ਨਵੀਂ ਦਿੱਲੀ, 6 ਮਈ (ਪੋਸਟ ਬਿਊਰੋ)- ਕੱਲ੍ਹ ਰਾਤ ਉਤਰੀ ਦਿੱਲੀ ਦੇ ਮਾਡਲ ਟਾਊਨ ਖੇਤਰ ਵਿੱਚ ਬਣੇ ਛਤਰਸਾਲ ਸਟੇਡੀਅਮ ਵਿੱਚ ਪਹਿਲਵਾਨਾਂ ਵਿਚਾਲੇ ਝੜਪ ਵਿੱਚ ਇੱਕ ਪਹਿਲਵਾਨ ਦੀ ਮੌਤ ਹੋ ਗਈ ਤੇ ਕਈ ਲੋਕ ਜ਼ਖਮੀ ਹੋ ਗਏ। ਪੁਲਸ ਵੱਲੋਂ ਦਰਜ ਕੇਸ ਵਿੱਚ ਓਲੰਪਿਕ ਤਗਮਾ ਜੇਤੂ ਸੁਸ਼ੀਲ ਕੁਮਾਰ ਦਾ ਨਾਂਅ ਵੀ ਹੈ।

ਮਿਲੀ ਜਾਣਕਾਰੀ ਅਨੁਸਾਰ ਕੱਲ੍ਹ ਰਾਤ ਛਤਰਸਾਲ ਸਟੇਡੀਅਮ ਵਿੱਚ ਪਹਿਲਵਾਨਾਂ ਵਿਚਾਲੇ ਝੜਪ ਵਿੱਚ ਕੁਝ ਪਹਿਲਵਾਨ ਜ਼ਖਮੀ ਹੋ ਗਏ, ਜਿਨ੍ਹਾਂ ਨੂੰ ਹਸਪਤਾਲ ਦਾਖਲ ਕਰਾਇਆ ਗਿਆ। ਇਨ੍ਹਾਂ ਵਿੱਚੋਂ ਇੱਕ ਪਹਿਲਵਾਨ ਦੀ ਇਲਾਜ ਦੌਰਾਨ ਮੌਤ ਹੋ ਗਈ। ਉਸ ਦਾ ਨਾਂਅ ਸਾਗਰ ਦੱਸਿਆ ਗਿਆ ਹੈ। ਉਹ ਹਰਿਆਣਾ ਦੇ ਸੋਨੀਪਤ ਦਾ ਵਸਨੀਕ ਸੀ। ਦਿੱਲੀ ਪੁਲਸ ਨੇ ਇਸ ਬਾਰੇ ਕਤਲ ਕੇਸ ਦਰਜ ਕਰ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਸ ਸਟੇਡੀਅਮ ਵਿੱਚ ਲੱਗੇ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਦੀ ਮੱਦਦ ਅਤੇ ਲੋਕਾਂ ਤੋਂ ਕੀਤੀ ਗਈ ਪੁੱਛਗਿੱਛ ਦੇ ਆਧਾਰ 'ਤੇ ਮਾਮਲੇ ਦੀ ਜਾਂਚ ਕਰ ਰਹੀ ਹੈ।

## ਤਖਤ ਸ੍ਰੀ ਪਟਨਾ ਸਾਹਿਬ ਪ੍ਰਬੰਧਕੀ ਬੋਰਡ ਤੋਂ 50 ਕਰੋੜ ਦੀ ਫਿਰੌਤੀ ਮੰਗੀ ਗਈ

### * ਪੈਸੇ ਨਾ ਦਿੱਤੇ ਤਾਂ ਗੁਰੂ ਘਰ ਨੂੰ ਉਡਾ ਦੇਣ ਦੀ ਧਮਕੀ

ਅੰਮ੍ਰਿਤਸਰ, 6 ਮਈ (ਪੋਸਟ ਬਿਊਰੋ)- ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਪੱਤਰ ਭੇਜ ਕੇ ਪੰਜਾਹ ਕਰੋੜ ਰੁਪਏ ਦੀ ਫਿਰੌਤੀ ਮੰਗੀ ਅਤੇ ਫਿਰੌਤੀ ਦੀ ਰਕਮ ਨਾ ਦੇਣ ਉੱਤੇ ਇੱਕ ਮਹੀਨੇ ਵਿੱਚ ਗੁਰਦੁਆਰਾ ਬਾਲ ਲੀਲ੍ਹਾ ਨੂੰ ਉਡਾ ਦੇਣ ਦੀ ਧਮਕੀ ਦਿੱਤੀ ਗਈ ਹੈ। ਪ੍ਰਬੰਧਕੀ ਬੋਰਡ ਨੇ ਇਹ ਧਮਕੀ ਪੱਤਰ ਪੁਲਸ ਨੂੰ ਸੌਂਪ ਦਿੱਤਾ ਹੈ।

ਮਿਲੀ ਜਾਣਕਾਰੀ ਅਨੁਸਾਰ ਪੱਤਰ ਭੇਜਣ ਵਾਲੇ ਵਿਅਕਤੀ ਨੇ ਪੱਤਰ ਵਿੱਚ ਆਪਣਾ ਨਾਂਅ ਰੰਜਨ ਕੁਮਾਰ ਅਤੇ ਪਤਾ ਮਹਾਤਮਾ ਗਾਂਧੀ ਨਗਰ ਪਟਨਾ ਲਿਖਿਆ ਹੈ। ਇਹ ਪੱਤਰ ਡਾਕ ਰਾਹੀਂ ਤਖਤ ਸ੍ਰੀ ਪਟਨਾ ਸਾਹਿਬ ਪ੍ਰਬੰਧਕੀ ਬੋਰਡ ਦੇ



ਜਨਰਲ ਸਕੱਤਰ ਦੇ ਨਾਂਅਭੇਜਿਆ ਗਿਆ ਹੈ। ਪ੍ਰਬੰਧਕੀ ਬੋਰਡ ਦੇ ਪ੍ਰਸ਼ਾਸਕ ਜਗਜੀਤ ਸਿੰਘ ਜੱਗੀ ਨੇ ਦੱਸਿਆ ਕਿ ਪੱਤਰ ਮਿਲਣ ਤੋਂ ਬਾਅਦ ਪੁਲਸ ਨੂੰ ਸ਼ਿਕਾਇਤ ਦਰਜ ਕਰਵਾ ਕੇ ਲੋੜੀਂਦੀ ਕਾਰਵਾਈ ਦੀ ਮੰਗ ਕੀਤੀ ਗਈ ਹੈ। ਪਤਾ ਲੱਗਾ ਹੈ ਕਿ ਕੁਝ ਸਾਲ ਪਹਿਲਾਂ ਵੀ ਫੋਨ ਰਾਹੀਂ ਅਜਿਹੀ ਧਮਕੀ ਦਿੱਤੀ ਗਈ ਸੀ।

ਤਖਤ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ ਨੇ ਕਿਹਾ ਕਿ ਪੁਲਸ ਮੁਤਾਬਕ ਧਮਕੀ ਪੱਤਰ ਦੇਣ ਵਾਲਾ ਵਿਅਕਤੀ ਡੀ ਐਮ ਦਫਤਰ ਦਾ ਮੁਲਾਜ਼ਮ ਹੈ ਤੇ ਉਸ ਨੇ ਪੁਲਸ ਨੂੰ ਦੱਸਿਆ ਹੈ ਕਿ ਉਸ ਨੂੰ ਨਾ ਇਸ ਧਮਕੀ ਪੱਤਰ ਬਾਰੇ ਕੁਝ ਪਤਾ ਹੈ ਅਤੇ ਨਾ ਉਹ ਇਹ ਜਾਣਦਾ ਹੈ ਕਿ ਉਸ ਦੇ ਨਾਮ ਅਤੇ ਟੈਲੀਫੋਨ ਨੰਬਰ ਦੀ ਵਰਤੋਂ ਕਿਵੇਂ ਹੋਈ ਹੈ। ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਨੇ ਭਰੋਸਾ ਦਿੱਤਾ ਹੈ ਕਿ ਧਮਕੀ ਦੇਣ ਵਾਲੇ ਦਾ ਜਲਦੀ ਪਤਾ ਲਾ ਕੇ ਪੁਲਸ ਕਾਰਵਾਈ ਕਰੇਗੀ। ਉਨ੍ਹਾਂ ਦੱਸਿਆ ਕਿ ਬਿਹਾਰ ਸਰਕਾਰ ਵੱਲੋਂ ਉਨ੍ਹਾਂ ਨੂੰ ਪੂਰੀ ਸੁਰੱਖਿਆ ਦਿੱਤੀ ਗਈ ਹੈ।

## ਦਿੱਲੀ ਸਰਕਾਰ ਦੀਆਂ ਤਾਕਤਾਂ ਘਟਾਉਣ ਦੇ ਕੇਸ 'ਚ ਕੇਂਦਰ ਸਰਕਾਰ ਦੀ ਜਵਾਬ-ਤਲਬੀ




ਨਵੀਂ ਦਿੱਲੀ, 6 ਮਈ (ਪੋਸਟ ਬਿਊਰੋ)- ਦਿੱਲੀ ਹਾਈ ਕੋਰਟ ਨੇ ਇੱਕ ਸੁਣਵਾਈ ਵੇਲੇ ਕੇਂਦਰ ਸਰਕਾਰ ਨੂੰ ਦਿੱਲੀ ਕੌਮੀ ਰਾਜਧਾਨੀ ਪ੍ਰਦੇਸ਼ (ਸੋਧ) ਐਕਟ 2021 ਦੇ ਖਿਲਾਫ ਦਾਇਰ ਪਟੀਸ਼ਨ ਉੱਤੇ ਆਪਣਾ ਪੱਖ ਪੇਸ਼ ਕਰਨ ਲਈ ਕਿਹਾ ਹੈ। ਦਿੱਲੀ ਰਾਸ਼ਟਰੀ ਰਾਜਧਾਨੀ ਪ੍ਰਦੇਸ਼ (ਸੋਧ) ਐਕਟ ਦੇ ਅਮਲ ਵਿੱਚ ਆਉਣ ਮਗਰੋਂ ਦਿੱਲੀ ਵਿਖੇ 'ਸਰਕਾਰ' ਦਾ ਮਤਲਬ 'ਲੈਫਟੀਨੈਂਟ ਗਵਰਨਰ' ਬਣ ਗਿਆ ਹੈ। ਗ੍ਰਿਹ ਮੰਤਰਾਲੇ ਵੱਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ ਐਕਟ ਦੀਆਂ ਧਾਰਾਵਾਂ 27 ਅਪ੍ਰੈਲ ਤੋਂ ਲਾਗੂ ਹੋ ਗਈਆਂ ਹਨ। ਕੇਸ ਦੀ ਅਗਲੀ ਸੁਣਵਾਈ ਚਾਰ ਜੂਨ ਨੂੰ ਹੋਵੇਗੀ।

ਕਾਨੂੰਨ ਦੇ ਵਿਦਿਆਰਥੀ ਸ੍ਰੀਕਾਂਤ ਪ੍ਰਸਾਦ ਵੱਲੋਂ ਦਾਇਰ ਪਟੀਸ਼ਨ ਵਿੱਚ ਦਲੀਲ ਦਿੱਤੀ ਗਈ ਹੈ ਕਿ ਸੋਧੇ ਹੋਏ ਕਾਨੂੰਨ ਨਾਲ ਦਿੱਲੀ ਦੇ 'ਪ੍ਰਭਾਵਸ਼ਾਲੀ ਵਿਕਾਸ ਕਾਰਜਾਂ' ਵਿੱਚ ਬੇਲੋੜਾ ਅੜਿੱਕਾ ਪਏਗਾ। ਪ੍ਰਸਾਦ ਨੇ ਕਿਹਾ ਕਿ ਨਵਾਂ ਕਾਨੂੰਨ ਦਿੱਲੀ ਦੇ ਮੁੱਖ ਮੰਤਰੀ ਦੀਆਂ ਸ਼ਕਤੀਆਂ ਖੋਹਣ ਵਾਲਾ ਤੇ ਉਨ੍ਹਾਂ ਦੇ ਅਧਿਕਾਰ ਖੇਤਰ ਵਿੱਚ ਬੇਲੋੜਾ ਦਖਲ ਹੈ। ਇਸ ਸੋਧੇ ਹੋਏ ਕਾਨੂੰਨ ਮੁਤਾਬਕ ਦਿੱਲੀ ਦੀ ਵਿਧਾਨ ਸਭਾ ਵੱਲੋਂ ਬਣਾਏ ਜਾਣ ਵਾਲੇ ਕਿਸੇ ਵੀ ਕਾਨੂੰਨ ਵਿੱਚ 'ਸਰਕਾਰ' ਦਾ ਅਰਥ 'ਲੈਫਟੀਨੈਂਟ ਗਵਰਨਰ' ਹੋਵੇਗਾ। ਕੇਂਦਰ ਸਰਕਾਰ ਨੇ ਕੋਰੋਨਾ ਕਰ ਕੇ ਵਿਗੜ ਰਹੇ ਹਾਲਾਤ ਦੌਰਾਨ 27 ਅਪ੍ਰੈਲ ਨੂੰ ਦਿੱਲੀ ਵਿੱਚ ਜੀ ਐਨ ਟੀ ਸੀ ਡੀ ਐਕਟ ਲਾਗੂ ਕਰਨ ਲਈ ਇੱਕ ਨੋਟੀਫਿਕੇਸ਼ਨ ਜਾਰੀ ਕੀਤਾ ਸੀ। ਇਸ ਦੇ ਨੋਟੀਫਿਕੇਸ਼ਨ ਵਿੱਚ ਲਿਖਿਆ ਹੈ ਕਿ 'ਰਾਸ਼ਟਰੀ ਰਾਜਧਾਨੀ ਰਾਜ ਸਰਕਾਰ ਦਿੱਲੀ (ਸੋਧ) ਐਕਟ 2021 ਨੂੰ 27 ਅਪ੍ਰੈਲ ਤੋਂ ਲਾਗੂ ਕੀਤਾ ਗਿਆ ਹੈ। ਅੱਗੇ ਤੋਂ ਦਿੱਲੀ ਵਿੱਚ ਸਰਕਾਰ ਦੇ ਅਰਥ ਲੈਫਟੀਨੈਂਟ ਗਵਰਨਰ ਹਨ। ਜੀ ਐਨ ਸੀ ਟੀ ਡੀ ਸੋਧ ਐਕਟ ਵਿੱਚ ਲੈਫਟੀਨੈਂਟ ਗਵਰਨਰ ਨੂੰ ਸੰਵਿਧਾਨ ਦੀ ਧਾਰਾ 239ਏ ਦੀ ਧਾਰਾ ਚਾਰ ਹੇਠ ਸੌਂਪੀ ਗਈ ਸ਼ਕਤੀ ਨੂੰ ਮਾਮਲਿਆਂ ਦੀ ਚੁਣੀ ਸ਼੍ਰੇਣੀ ਵਿੱਚ ਵਰਤਣ ਦਾ ਮੌਕਾ ਦਿੱਤਾ ਜਾ ਸਕਦਾ ਹੈ। ਕਾਨੂੰਨ ਦੇ ਉਦੇਸ਼ ਦੱਸਦੇ ਹਨ ਕਿ ਉਕਤ ਕਾਨੂੰਨ ਵਿਧਾਨ ਸਭਾ ਤੇ ਕਾਰਜਕਾਰਨੀ ਵਿਚਾਲੇ ਸੁਹਿਰਦ ਸੰਬੰਧਾਂ ਨੂੰ ਉਤਸ਼ਾਹਤ ਕਰੇਗਾ ਅਤੇ ਦਿੱਲੀ ਦੀ ਰਾਸ਼ਟਰੀ ਰਾਜਧਾਨੀ ਪ੍ਰਦੇਸ਼ ਦੀ ਸ਼ਾਸਨ ਸੰਵਿਧਾਨਕ ਯੋਜਨਾ ਅਨੁਸਾਰ ਚੁਣੀ ਹੋਈ ਸਰਕਾਰ ਤੇ ਗਵਰਨਰਾਂ ਦੀਆਂ ਜ਼ਿੰਮੇਵਾਰੀਆਂ ਨੂੰ ਪਰਿਭਾਸ਼ਿਤ ਕਰੇਗਾ।

## ਗੂਗਲ ਦੇ ਮੁਖੀ ਸੁੰਦਰ ਪਿਚਾਈ ਮੁਤਾਬਕ ਭਾਰਤ ਵਿੱਚ ਹਾਲੇ ਕੋਰੋਨਾ ਦਾ ਬੁਰਾ ਦੌਰ ਆਉਣਾ ਬਾਕੀ



ਨਵੀਂ ਦਿੱਲੀ , 6 ਮਈ (ਪੋਸਟ ਬਿਊਰੋ)- ਭਾਰਤ ਵਿੱਚ ਕੋਰੋਨਾ ਬਾਰੇਸੰਸਾਰਪੱਧਰ ਉੱਤੇ ਚਰਚਾ ਦੌਰਾਨ ਗੂਗਲ ਦੇ ਸੀ ਈ ਓ ਸੁੰਦਰ ਪਿਚਾਈ ਨੇ ਇੱਕ ਮੀਡੀਆ ਇੰਟਰਵਿਊ ਵਿੱਚ ਕਿਹਾ ਕਿ ਅਜੇ ਭਾਰਤ ਵਿੱਚ ਕੋਰੋਨਾ ਦਾ ਸਭ ਤੋਂ ਬੁਰਾ ਦੌਰ ਆਉਣਾ ਬਾਕੀ ਹੈ। ਉਨ੍ਹਾਂ ਦੀ ਇਸ ਗੱਲ ਨੇ ਸਭ ਦਾ ਧਿਆਨ ਖਿੱਚਿਆ ਹੈ।

ਸੁੰਦਰ ਪਿਚਾਈ ਨੇ ਕਿਹਾ ਕਿ ਭਾਰਤ ਵਿੱਚ ਇਸ ਸਮੇਂ ਹਾਲਾਤ ਦਿੱਲ ਦਹਿਲਾਉਣ ਵਾਲੇ ਹਨ। ਉਨ੍ਹਾਂ ਨੇ ਕੋਰੋਨਾ ਦੇ ਭਿਆਨਕ ਦੌਰ ਵਿੱਚ ਅਮਰੀਕਾ ਵੱਲੋਂ ਭਾਰਤ ਨੂੰ ਦਿੱਤੀ ਮੱਦਦ ਦੀ ਚਰਚਾ ਕੀਤੀ ਤੇ ਕਿਹਾ ਕਿ ਇਹ ਦੇਖਣਾ ਸੁਖਦਾਈ ਹੈ ਕਿ ਅਮਰੀਕੀ ਰਾਸ਼ਟਰਪਤੀ ਜੋਅ ਬਾਈਡੇਨ ਅਤੇ ਵਿਦੇਸ਼ ਮੰਤਰੀ ਐਂਟਨੀ ਬਲਿੰਕਨ ਭਾਰਤ ਦੇ ਹਾਲਤ ਉੱਤੇ ਧਿਆਨ ਦੇ ਰਹੇ ਹਨ। ਇੱਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਨੇ ਕਿਹਾ ਕਿ ਸਾਡੀ ਕੰਪਨੀ ਦਾ ਸਭ ਤੋਂ ਵੱਡਾ ਫੋਕਸ ਲੋਕਾਂ ਵਿਚਾਲੇ ਸਹੀ ਜਾਣਕਾਰੀ ਪੁਚਾਉਣ ਦਾ ਹੈ।ਉਨ੍ਹਾਂ ਨੇ ਕਿਹਾ ਕਿ ਇੱਕ ਭਾਰਤੀ-ਅਮਰੀਕੀ ਨੇ ਕਿਹਾ ਹੈ ਕਿ ਇਸ ਸਮੇਂ ਸਿਰਫ਼ ਅਮਰੀਕਾ ਕੋਲ ਇਹ ਸਮਰੱਥਾ ਹੈ ਕਿ ਉਹ ਭਾਰਤ ਦੀਆਂ ਮੁਸ਼ਕਲਾਂ ਨੂੰ ਆਸਾਨ ਕਰ ਸਕੇ। ਪਿਚਾਈ ਨੂੰ ਇਹ ਪੁੱਛਣ ਉੱਤੇ ਕਿ ਤੁਸੀਂ ਵਿਦੇਸ਼ ਮੰਤਰੀ ਐਂਟਨੀ ਬਲਿੰਕਨ ਨੂੰ ਕੀ ਸਲਾਹ ਦਿੱਤੀ ਹੈ, ਉਨ੍ਹਾਂ ਨੇ ਕਿਹਾ ਕਿ ਵੈਕਸੀਨ ਪ੍ਰੋਡਕਸ਼ਨ ਤੇ ਸਪਲਾਈ ਲਈ ਬਹੁਤ ਕੁਝ ਕੀਤਾ ਜਾ ਸਕਦਾ ਹੈ। ਆਕਸੀਜਨ ਕੰਸਨਟ੍ਰੇਨਰ ਸਮੇਤ ਹੋਰ ਕਈ ਜ਼ਰੂਰੀ ਮੈਡੀਕਲ ਯੰਤਰਾਂ ਦੀ ਸਪਲਾਈ ਭਾਰਤ ਨੂੰ ਕੀਤੀ ਵੀ ਗਈ ਹੈ। ਉਨ੍ਹਾਂ ਨੇ ਇਸ ਸੰਬੰਧ ਵਿੱਚ ਹੋਰ ਹਵਾਲੇ ਵੀ ਦਿੱਤੇ।

## ਬੰਗਾਲ ਹਿੰਸਾ ਬਾਰੇ ਭਾਜਪਾ ਪਾਰਲੀਮੈਂਟ ਮੈਂਬਰ ਵੱਲੋਂ ਮਮਤਾ ਬੈਨਰਜੀ ਨੂੰ ਧਮਕੀ





ਨਵੀਂ ਦਿੱਲੀ, 6 ਮਈ (ਪੋਸਟ ਬਿਊਰੋ)- ਭਾਜਪਾ ਦੇ ਦਿੱਲੀ ਤੋਂ ਲੋਕ ਸਭਾ ਮੈਂਬਰ ਪ੍ਰਵੇਸ਼ ਸਿੰਘ ਵਰਮਾ ਨੇ ਪੱਛਮੀ ਬੰਗਾਲ ਦੇ ਚੋਣ ਨਤੀਜਿਆਂ ਮਗਰੋਂ ਭੜਕੀ ਹਿੰਸਾ ਕਾਰਨ ਤ੍ਰਿਣਮੂਲ ਕਾਂਗਰਸ ਦੀ ਮੁਖੀ ਮਮਤਾ ਬੈਨਰਜੀ ਨੂੰ ਅਸਿੱਧੇ ਢੰਗ ਨਾਲ ਧਮਕੀ ਦਿੱਤੀ ਅਤੇ ਚਿਤਾਵਨੀ ਦੇ ਲਹਿਜ਼ੇ ਵਿੱਚ ਕਿਹਾ: ਤ੍ਰਿਣਮੂਲ ਕਾਂਗਰਸ ਦੇ ਪਾਰਲੀਮੈਂਟ ਮੈਂਬਰ, ਮੁੱਖ ਮੰਤਰੀ ਤੇ ਉਥੋਂ ਦੇ ਵਿਧਾਇਕ ਯਾਦ ਰੱਖਣ ਕਿ ਉਨ੍ਹਾਂ ਦਿੱਲੀ ਆਉਣਾ ਹੈ ਤੇ ਇਸ ਨੂੰ ਚਿਤਾਵਨੀ ਵਜੋਂ ਲਿਆ ਜਾਵੇ। ਵਰਮਾ ਨੇ ਸਖ਼ਤ ਸੁਰ ਵਿੱਚ ਕਿਹਾ ਕਿ ਚੋਣਾਂ ਦੌਰਾਨ ਹਾਰ-ਜਿੱਤ ਹੁੰਦੀ ਹੈ, ਪਰ ਕਤਲ ਨਹੀਂ। ਉਨ੍ਹਾਂ ਕਿਹਾ ਕਿ ਟੀ ਐਮ ਸੀ ਦੇ ਗੁੰਡੇ ਬੰਗਾਲ ਵਿੱਚ ਆਪਣੀ ਜਿੱਤ ਮਗਰੋਂ ਭਾਜਪਾ ਵਰਕਰਾਂ ਨੂੰ ਨਿਸ਼ਾਨਾ ਬਣਾ ਰਹੇ ਹਨ। ਵਰਮਾ ਨੇ ਬਿਆਨ ਵਿੱਚ ਕਿਹਾ, ''ਮੈਂ ਮਮਤਾ ਬੈਨਰਜੀ ਨੂੰ ਕਹਿਣਾ ਚਾਹੁੰਦਾ ਹਾਂ ਕਿ ਉਹ ਪੱਛਮੀ ਬੰਗਾਲ ਵਿੱਚ ਹਿੰਸਾ ਨੂੰ ਰੋਕਣ। ਟੀ ਐਮ ਸੀ ਆਗੂਆਂ ਨਾਲ ਯੂ ਪੀ ਅਤੇ ਬਿਹਾਰ ਵਿੱਚ ਅਜਿਹਾ ਵਰਤਾਓ ਹੋਵੇ ਤਾਂ ਉਹ ਕਿਸ ਤਰ੍ਹਾਂ ਮਹਿਸੂਸ ਕਰਨਗੇ? ਮੈਂ ਟੀ ਐਮ ਸੀ ਵਿਧਾਇਕਾਂ ਅਤੇ ਪਾਰਲੀਮੈਂਟ ਮੈਂਬਰਾਂ ਨੂੰ ਆਖਦਾ ਹਾਂ ਕਿ ਉਹ ਆਪਣੀ ਹੱਦ ਵਿੱਚ ਰਹਿਣ।''

## ਪ੍ਰਧਾਨ ਮੰਤਰੀ ਲਈ ਸੈਂਟਰਲ ਵਿਸਟਾ ਬਣਦਾ ਰੋਕਣ ਲਈ ਦਿੱਲੀ ਹਾਈ ਕੋਰਟ ਵਿੱਚ ਪਟੀਸ਼ਨ ਦਾਖ਼ਲ

ਨਵੀਂ ਦਿੱਲੀ, 6 ਮਈ (ਪੋਸਟ ਬਿਊਰੋ)- ਦਿੱਲੀ ਹਾਈ ਕੋਰਟ ਵਿੱਚ ਇੱਕ ਜਨਹਿੱਤ ਪਟੀਸ਼ਨ ਰਾਹੀਂ ਕੋਰੋਨਾ ਵਾਇਰਸ ਦੀ ਮਾਰ ਦੇ ਦੌਰਾਨ ਕੇਂਦਰ ਸਰਕਾਰ ਨੂੰ ਸੈਂਟਰਲ ਵਿਸਟਾ ਐਵੇਨਿਊ ਵਿਕਾਸ ਪ੍ਰਾਜੈਕਟ ਦਾ ਕੰਮ ਰੋਕਣ ਦਾ ਨਿਰਦੇਸ਼ ਦੇਣ ਦੀ ਅਪੀਲ ਕੀਤੀ ਗਈ। ਚੀਫ਼ ਜਸਟਿਸ ਡੀ ਐਨ ਪਟੇਲ ਅਤੇ ਜੱਜ ਜਸਮੀਤ ਸਿੰਘ ਦੇ ਬੈਂਚ ਦੇ ਸਾਹਮਣੇ ਕੇਂਦਰ ਸਰਕਾਰ ਨੇ ਇਸ ਜਨਹਿੱਤ ਪਟੀਸ਼ਨ ਦਾ ਵਿਰੋਧ ਕੀਤਾ ਹੈ।

ਅਦਾਲਤ ਨੇ ਮੁੱਢਲੀ ਸੁਣਵਾਈ ਕਰਨ ਪਿੱਛੋਂ ਕਿਹਾ ਕਿ ਪਹਿਲਾਂ ਉਹ ਇਸ ਬਾਰੇ ਸੁਪਰੀਮ ਕੋਰਟ ਦੇ ਫ਼ੈਸਲੇ ਦਾ ਅਧਿਐਨ ਕਰਨਾ ਚਾਹੁੰਦੇ ਹਨ ਕਿ ਉਸ ਨੇ ਪ੍ਰਾਜੈਕਟ ਨੂੰ ਮਨਜ਼ੂਰੀ ਦਿੰਦੇ ਹੋਏ ਕੀ ਫ਼ੈਸਲਾ ਦਿੱਤਾ ਸੀ। ਇਸ ਟਿੱਪਣੀ ਨਾਲ ਅਦਾਲਤ ਨੇ ਕੇਸਮੁਲਤਵੀ ਕਰ ਦਿੱਤਾ ਤੇ ਸੁਣਵਾਈ ਦੀ ਅਗਲੀ ਤਾਰੀਖ਼ 17



ਮਈ ਰੱਖੀ ਹੈ। ਹਾਊਸਿੰਗ ਤੇ ਕੇਂਦਰੀ ਲੋਕ ਨਿਰਮਾਣ ਵਿਭਾਗ ਵੱਲੋਂ ਆਏ ਕੇਂਦਰ ਸਰਕਾਰ ਦੇ ਵਕੀਲ ਅਨੁਰਾਗ ਆਹਲੂਵਾਲੀਆ ਤੇ ਐਡੀਸ਼ਨਲ ਸੋਲਿਸਟਰ ਜਨਰਲ ਚੇਤਨ ਸ਼ਰਮਾ ਨੇ ਬੈਂਚ ਨੂੰ ਕਿਹਾ ਕਿ ਸੁਣਵਾਈ ਦੀ ਅਗਲੀ ਤਰੀਕ ਤੱਕ ਜਵਾਬ ਦਿੱਤਾ ਜਾ ਸਕਦਾ ਹੈ। ਅਨੁਵਾਦਕ ਦਾ ਕੰਮ ਕਰਨ ਵਾਲੀ ਅਨਿਆ ਮਲਹੋਤਰਾ ਅਤੇ ਡਾਕਿਊਮੈਂਟਰੀ ਪ੍ਰਡਿਊਸਰ ਸੋਹੈਲ ਹਾਸ਼ਮੀ ਨੇ ਅਰਜ਼ੀ ਰਾਹੀਂ ਦਾਅਵਾ ਕੀਤਾ ਕਿ ਲਾਗ ਦੌਰਾਨ ਜੇ ਪ੍ਰਾਜੈਕਟ ਉੱਤੇ ਕੰਮ ਚਲਦਾ ਰਿਹਾ ਤਾਂ ਇਸ ਦੇ 'ਸੁਪਰ ਸਪ੍ਰੇਡਰ' ਬਣਨ ਦੀ ਸੰਭਾਵਨਾ ਹੈ।

## ਕੋਰੋਨਾ ਵਾਇਰਸ ਦੇ ਕਾਰਨ ਆਈ ਪੀ ਐਲ ਕ੍ਰਿਕਟ ਅਣਮਿੱਥੇ ਸਮੇਂ ਲਈ ਮੁਲਤਵੀ

ਨਵੀਂ ਦਿੱਲੀ, 6 ਮਈ (ਪੋਸਟ ਬਿਊਰੋ)- ਬਾਇਓ-ਬਬਲ ਵਿੱਚ 'ਕੋਵਿਡ-19' ਦੇ ਵੱਧਦੇ ਕੇਸਾਂ ਤੋਂ ਬਾਅਦ ਇੰਡੀਅਨ ਪ੍ਰੀਮੀਅਰ ਲੀਗ (ਆਈ ਪੀ ਐਲ ਕ੍ਰਿਕਟ) ਨੂੰ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤਾ ਗਿਆ ਹੈ।

ਤਾਜ਼ਾ ਘਟਨਾਕ੍ਰਮ ਵਿੱਚ ਸਨਰਾਈਜ਼ਰਜ਼ ਹੈਦਰਾਬਾਦ ਦੇ ਰਿੱਧੀਮਾਨ ਸਾਹਾ ਤੇ ਦਿੱਲੀ ਕੈਪੀਟਲਸ ਟੀਮ ਦੇ ਅਮਿਤ ਮਿਸ਼ਰਾ ਦੇ 'ਕੋਵਿਡ-19' ਬਾਰੇ ਨਤੀਜੇ ਪਾਜ਼ੇਟਿਵ ਆਏ ਹਨ।ਇਨ੍ਹਾਂ ਘਟਨਾਵਾਂ ਦੇ ਕਾਰਨ ਟੂਰਨਾਮੈਂਟ ਉੱਤੇ ਪੂਰੀ ਤਰ੍ਹਾਂ ਵਿਚਾਰ ਕੀਤਾ ਗਿਆ। ਸਮਝਿਆ ਜਾਂਦਾ ਹੈ ਕਿ ਕੁਝ ਆਈ ਪੀ ਐਲ




ਅਧਿਕਾਰੀਆਂ ਨੇ ਕੁਝ ਫਰੈਂਚਾਇਜ਼ੀ ਨੂੰ ਟੂਰਨਾਮੈਂਟ ਦੇ ਭਵਿੱਖ ਉੱਤੇ ਉਨ੍ਹਾਂ ਦੇ ਵਿਚਾਰ ਜਾਨਣ ਲਈ ਫ਼ੋਨ ਕੀਤੇ ਤੇ ਉਨ੍ਹਾਂ ਵਿੱਚੋਂ ਕੁਝ ਦੀ ਰਾਏਹੈ ਕਿ ਇਸ ਨੂੰ ਪੂਰੀ ਤਰ੍ਹਾਂ ਰੱਦ ਕਰ ਦਿੱਤਾ ਜਾਵੇ। ਆਈ ਪੀ ਐਲ ਚੇਅਰਮੈਨ ਬ੍ਰਜੇਸ਼ ਪਟੇਲ ਨੇ ਇਸ ਦੀ ਪੁਸ਼ਟੀ ਕਰਦੇ ਹੋਏ ਕਿਹਾ ਕਿ ਏਦਾਂ ਦਾ ਫੈਸਲਾ ਸਾਰੇ ਸੰਬੰਧਤ ਲੋਕਾਂ ਦੀ ਸੁਰੱਖਿਆ ਨੂੰ ਵੇਖਦੇ ਹੋਏ ਲਿਆ ਗਿਆ ਹੈ।ਇਹ ਫੈਸਲਾ ਟੂਰਨਾਮੈਂਟ ਦੀ ਸੰਚਾਲਨ ਕੌਂਸਲ ਅਤੇ ਬੀ ਸੀ ਸੀ ਆਈ (ਭਾਰਤੀ ਕ੍ਰਿਕਟ ਕੰਟਰੋਲ ਬੋਰਡ) ਦੇ ਵੱਡੇ ਅਧਿਕਾਰੀਆਂ ਨੇ ਸਰਬਸੰਮਤੀ ਨਾਲ ਲਿਆ ਹੈ। ਬਿਆਨ ਵਿੱਚ ਕਿਹਾ ਗਿਆ ਹੈ ਕਿ ਬੀ ਸੀ ਸੀ ਆਈ ਖਿਡਾਰੀਆਂ, ਸਪੋਰਟਸ ਸਟਾਫ ਅਤੇ ਆਈ ਪੀ ਐਲ ਦੇ ਪ੍ਰਬੰਧ ਵਿੱਚ ਸ਼ਾਮਲ ਹੋਰ ਹਿੱਸੇਦਾਰਾਂ ਦੀ ਸੁਰੱਖਿਆ ਬਾਰੇ ਕੋਈ ਸਮਝੌਤਾ ਨਹੀਂ ਕਰਨਾ ਚਾਹੁੰਦੀ। 'ਕੋਵਿਡ-19' ਕਾਰਨ 2020 ਵਿੱਚ ਆਈ ਪੀ ਐਲ ਦਾ ਪ੍ਰਬੰਧ ਯੂ ਏ ਈ ਵਿੱਚ ਬਾਇਓ ਸੁਰੱਖਿਅਤ ਮਾਹੌਲ ਵਿੱਚ ਕੀਤਾ ਗਿਆ ਸੀ। ਉਦੋਂ ਸਿਰਫ਼ ਟੂਰਨਾਮੈਂਟ ਤੋਂ ਪਹਿਲਾਂ ਦੇ ਕੁਝ ਕੇਸ ਸਾਹਮਣੇ ਆਏ ਸਨ।

## ਜਗਜੀਤ ਕੌਰ ਦੇ ਪਰਿਵਾਰ ਵੱਲੋਂ ਪਾਕਿ ਛੱਡਣ ਲਈ ਪਾਸਪੋਰਟ ਦੀ ਮੰਗ

ਲਾਹੌਰ, 6 ਮਈ (ਪੋਸਟ ਬਿਊਰੋ)- ਪਾਕਿਸਤਾਨ ਦੇ ਜ਼ਿਲ੍ਹਾ ਨਨਕਾਣਾ ਸਾਹਿਬ ਦੇ ਗੁਰਦੁਆਰਾ ਸ੍ਰੀ ਤੰਬੂ ਸਾਹਿਬ ਦੇ ਹੈਡ ਗ੍ਰੰਥੀ ਭਾਈ ਭਗਵਾਨ ਸਿੰਘ ਦੀ ਪੁੱਤਰੀ ਜਗਜੀਤ ਕੌਰ, ਜਿਸ ਨੂੰ ਲਾਹੌਰ ਹਾਈ ਕੋਰਟ ਵੱਲੋਂ ਆਪਣੇ ਮੁਸਲਿਮ ਪਤੀ ਨਾਲ ਰਹਿਣ ਦੀ ਮਨਜ਼ੂਰੀ ਦਿੱਤੀ ਗਈ ਸੀ, ਦੇ ਭਰਾ ਮਨਮੋਹਨ ਸਿੰਘ ਨੇ ਸ੍ਰੀ ਨਨਕਾਣਾ ਸਾਹਿਬ ਤੋਂ ਮੀਡੀਆ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਉਨ੍ਹਾਂ ਦੀ ਇੱਜ਼ਤ ਤੇ ਜਾਨਾਂ ਪਾਕਿਸਤਾਨ ਵਿੱਚ ਸੁਰੱਖਿਅਤ ਨਹੀਂ, ਇਸ ਲਈ ਉਹ ਇਸ ਦੇਸ਼ ਨੂੰ ਹਮੇਸ਼ਾ ਲਈ ਅਲਵਿਦਾ ਕਹਿਕੇ ਭਾਰਤ ਜਾਂ ਕਿਸੇ ਹੋਰ ਦੇਸ਼ ਵਿੱਚ ਵੱਸਣਾ ਚਾਹੁੰਦੇ ਹਨ।

ਇਸ ਮੌਕੇ ਮਨਮੋਹਨ ਸਿੰਘ ਨੇ ਦੱਸਿਆ ਕਿ ਉਹ ਲਹਿੰਦੇ ਪੰਜਾਬ ਦੇ ਮੁੱਖ ਮੰਤਰੀ ਉਸਮਾਨ ਬੁਜ਼ਦਾਰ, ਗਵਰਨਰ ਚੌਧਰੀ ਮੁਹੰਮਦ ਸਰਵਰ, ਡਿਪਟੀ ਕਮਿਸ਼ਨਰ ਨਨਕਾਣਾ ਸਾਹਿਬ ਅਤੇ ਪਾਕਿ ਵਿਦੇਸ਼ ਮੰਤਰਾਲੇ ਨੂੰ ਆਪਣੇ ਤੇ ਪਰਵਾਰ ਦੇ ਹੋਰਨਾਂ ਮੈਂਬਰਾਂ ਲਈ ਪਾਸਪੋਰਟ ਜਾਰੀ ਕਰਨ ਲਈ ਕਈ ਪੱਤਰ ਲਿਖ ਚੁੱਕਾ ਹੈ, ਪਰ ਅਜੇ ਇਸ ਬਾਰੇ ਕੋਈ ਕਾਰਵਾਈ ਨਹੀਂ ਕੀਤੀ ਗਈ। ਮਨਮੋਹਨ ਸਿੰਘ ਨੇ ਪਾਕਿ ਸਿੱਖ ਆਗੂਆਂ ਅਤੇ ਸਿਆਸਤਦਾਨਾਂ ਪ੍ਰਤੀ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਜੋ ਆਗੂ ਝੂਠੀ ਵਾਹੋਵਾਹੀ ਲਈ ਸੋਸ਼ਲ ਮੀਡੀਆ ਉੱਤੇ ਦੁਨੀਆਂ ਭਰ ਦੇ ਸਿੱਖਾਂ ਦੇ ਹੱਕਾਂ ਦੀ ਗੱਲ ਕਰਦੇ ਆ ਰਹੇ ਹਨ, ਉਨ੍ਹਾਂ ਵਿੱਚੋਂ ਕਿਸੇ ਨੇ ਵੀ ਜਗਜੀਤ ਕੌਰ ਦੇ ਕੇਸ ਵਿੱਚ ਪਾਕਿ ਸਰਕਾਰ ’ਤੇ ਨਾਰਾਜ਼ਗੀ ਜ਼ਾਹਿਰ ਨਹੀਂ ਕੀਤੀ, ਬਲਕਿ ਉਨ੍ਹਾਂ ਦੇ ਪਰਵਾਰ ਨੂੰ ਹਨੇਰੇ ਵਿੱਚ ਰੱਖ ਕੇ ਸਮੁੱਚੇ ਸਿੱਖ ਭਾਈਚਾਰੇ ਨਾਲ ਧੋਖਾ ਕੀਤਾ ਹੈ।

# ਇੰਡੋਨੇਸ਼ੀਆ ਵਿੱਚ ਕੋਰੋਨਾ ਦੀ ਜਾਂਚ ਲਈ ਸਵੈਬ ਸੈਂਪਲ ਕਿੱਟ ਧੋਣ ਦੇ ਬਾਅਦ ਫਿਰ ਵਰਤੇ ਗਏ



ਜਕਾਰਤਾ, 6 ਮਈ (ਪੋਸਟ ਬਿਊਰੋ)- ਇੰਡੋਨੇਸ਼ੀਆ ਵਿੱਚ ਕੋਰੋਨਾ ਜਾਂਚ ਦਾ ਵੱਡਾ ਘਪਲਾ ਨਿਕਲਿਆ ਹੈ। ਇੱਕ ਦਵਾਈ ਕੰਪਨੀ ਦੇ ਕਈ ਮੁਲਾਜ਼ਮਾਂ ਨੇ ਨੱਕ ਰਾਹੀਂ ਸੈਂਪਲ ਲੈਣ ਵਾਲੀ ਕਿੱਟ ਨੂੰ ਇੱਕ ਵਾਰ ਵਰਤਣ ਤੋਂ ਬਾਅਦ ਉਸ ਨੂੰ ਧੋ ਕੇ ਫਿਰ ਇਸਤੇਮਾਲ ਕਰ ਕੇ ਹਜ਼ਾਰਾਂ ਲੋਕਾਂ ਦੀ ਜਾਨ ਨੂੰ ਖਤਰੇ ਵਿੱਚ ਪਾ ਦਿੱਤਾ ਹੈ।

ਪੁਲਸ ਦਾ ਕਹਿਣਾ ਹੈ ਕਿ ਇਹ ਘਪਲਾ ਦਸੰਬਰ 2020 ਵਿੱਚ ਉਤਰੀ ਸੁਮਾਟਰਾ ਦੇ ਕੁਆਲਾਨਾਮੂ ਏਅਰਪੋਰਟ ਉੱਤੇ ਹੋਇਆ। ਮੇਡਨ ਏਅਰਪੋਰਟ ਉਤੇ ਘੱਟੋ-ਘੱਟ 9000 ਲੋਕ ਇਸ ਧੋਖੇ ਦੇ ਸ਼ਿਕਾਰ ਹੋਏ ਹਨ। ਮੀਡੀਆ ਰਿਪੋਰਟ ਦੇ ਮੁਤਾਬਕ ਸਰਕਾਰੀ ਕੰਪਨੀ ਕਿਮੀਆ ਫਾਰਮਾ ਦੇ ਖ਼ਿਲਾਫ਼ ਠੱਗੀ ਦੇ ਸ਼ਿਕਾਰ ਹੋਏ ਯਾਤਰੀਆਂ ਨੇ ਕੇਸ ਕਰ ਦਿੱਤਾ ਤੇ ਕੁਝ ਯਾਤਰੀ ਕੰਪਨੀ ਖ਼ਿਲਾਫ਼ ਕੇਸ ਠੋਕਣ ਦੀ ਤਿਆਰੀ ਵਿੱਚ ਹਨ।ਸਮੂਹਿਕ ਕੇਸ ਵਿੱਚ ਹਰੇਕ ਯਾਤਰੀ ਲਈ 100 ਕਰੋੜ ਇੰਡੋਨੇਸ਼ੀਆਈ ਰੁਪਏ ਦੇ ਹਰਜਾਨੇ ਦੀ ਮੰਗ ਕਰਨ ਦੀ ਯੋਜਨਾ ਹੈ।

ਇੰਡੋਨੇਸ਼ੀਆ ਵਿੱਚ ਹਵਾਈ ਯਾਤਰਾ ਲਈ ਕੋਵਿਡ ਨੈਗੇਟਿਵ ਰਿਪੋਰਟ ਜ਼ਰੂਰੀ ਹੈ। ਇਸਦੀ ਏਅਰਪੋਰਟ ਉਤੇ ਹੀ ਟੈਸਟਿੰਗ ਦੀ ਵਿਵਸਥਾ ਹੈ। ਪੁਲਸ ਨੇ ਮੈਨੇਜਰ ਸਮੇਤ ਕੰਪਨੀ ਦੇ ਪੰਜ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਸਥਾਨਕ ਮੀਡੀਆ ਮੁਤਾਬਕ ਇਸ ਕੇਸ ਵਿੱਚ 23 ਲੋਕਾਂ ਦੀ ਗਵਾਹੀ ਉਤੇ ਪੁਲਸ ਨੇ ਕੇਸ ਦਰਜ ਕਰ ਕੇ ਜਾਂਚ ਕੀਤੀ ਹੈ। ਮੰਨਿਆ ਜਾ ਰਿਹਾ ਹੈ ਕਿ ਇਨ੍ਹਾਂ ਲੋਕਾਂ ਨੇ ਇਸ ਘਪਲੇ ਤੋਂ 1,24,800 ਡਾਲਰ ਦਾ ਮੁਨਾਫਾ ਕਮਾਇਆ ਹੈ।

### ਚੀਨ ਨੂੰ ਯੂਰਪੀਅਨ ਕਮਿਸ਼ਨ ਦਾ ਝਟਕਾ :

# ਕੰਪਨੀਆਂ ਦੇ ਐਕਵਾਇਰ ਅਤੇ ਠੇਕਿਆਂ ਵਿੱਚ ਹਿੱਸਾ ਲੈਣ ਦੇ ਨਿਯਮਾਂ ਵਿੱਚ ਸਖ਼ਤੀ ਹੋਵੇਗੀ

ਲੰਡਨ, 6 ਮਈ (ਪੋਸਟ ਬਿਊਰੋ)- ਕੋਰੋਨਾ ਦੇ ਦੌਰ ਵਿੱਚ ਵਿੱਤੀ ਰੂਪ ਵਿੱਚ ਕਮਜ਼ੋਰ ਹੋਈਆਂ ਯੂਰਪ ਦੀਆਂ ਕੰਪਨੀਆਂ ਨੂੰ ਖਰੀਦਣ ਲਈ ਤਿਆਰ ਚੀਨ ਨੂੰ ਯੂਰਪੀਅਨ ਕਮਿਸ਼ਨ ਨੇ ਤਕੜਾ ਝਟਕਾ ਦਿੱਤਾ ਹੈ।

ਯੂਰਪੀਅਨ ਕਮਿਸ਼ਨ ਨੇ ਯੂਰਪ ਦੀਆਂ ਕੰਪਨੀਆਂ ਦੀ ਖਰੀਦ ਦੇ ਨਿਯਮ ਬਦਲਣਦੀ ਤਜਵੀਜ਼ ਬਣਾ ਕੇ ਚੀਨ ਨੂੰ ਇਸ ਖਰੀਦ ਤੋਂ ਦੂਰ ਕਰਨ ਦੀ ਤਿਆਰੀ ਕਰ ਲਈ ਹੈ।ਨਵੇਂ ਨਿਯਮ ਲਾਗੂ ਹੋਣ ਤੋਂ ਬਾਅਦ ਯੂਰਪ ਦੀਆਂ ਕੰਪਨੀਆਂ ਨੂੰ ਟੇਕਓਵਰ ਕਰਨਾ ਅਤੇ ਜਨਤਕ ਟੈਂਡਰ ਵਿੱਚ ਹਿੱਸਾ ਲੈਣਾ ਚੀਨੀ ਕੰਪਨੀਆਂ ਲਈ ਮੁਸ਼ਕਲ ਹੋਵੇਗਾ। ਯੂਰਪੀਅਨ ਯੂਨੀਅਨ ਦੀ ਕਾਰਜਕਾਰੀ ਚੇਅਰਮੈਨ ਉਰਸੁਲਾ ਵਾਨ ਡੇਰ ਲੇਯਾਨ ਨੇ ਕਿਹਾ ਕਿ ਯੂਰਪੀਅਨ ਯੂਨੀਅਨ ਦਾ ਬਾਜ਼ਾਰ ਵਿਸ਼ਵ ਵਿੱਚ ਸਭ ਤੋਂ ਵੱਧ ਖੁੱਲ੍ਹਾ ਬਾਜ਼ਾਰ ਹੈ ਪਰ ਖੁੱਲ੍ਹਾਪਣ ਅਤੇ ਪਾਰਦਰਸ਼ਿਤਾ ਨਾਲ-ਨਾਲ ਚੱਲਦੇ ਹਨ ਤੇ ਯੂਰਪੀਅਨ ਯੂਨੀਅਨ ਵੱਲੋਂ ਪ੍ਰਸਤਾਵਿਤ ਨਵੇਂ ਨਿਯਮ ਸਾਰਿਆਂ ਨੂੰ ਬਰਾਬਰ ਮੌਕੇ ਦੇਣ ਲਈ ਹਨ। ਪਿੱਛੇ ਜਿਹੇ ਵਿੱਤੀ ਤੌਰ ਉਤੇ ਕਮਜ਼ੋਰ ਯੂਰਪ ਦੀਆਂ ਕੰਪਨੀਆਂ ਨੂੰ ਐਕਵਾਇਰ ਦੇ ਕੰਮ ਵਿੱਚ ਤੇਜ਼ੀ ਆਈ ਹੈ ਅਤੇ ਇਸ ਨੂੰ ਦੇਖਦੇ ਹੋਏ ਯੂਰਪੀਅਨ ਯੂਨੀਅਨ ਨੇ ਨਵੇਂ ਕਾਨੂੰਨ ਪਾਸ ਕਰਨ ਦਾ ਫੈਸਲਾ ਲਿਆ ਹੈ।ਨਵੇਂ ਨਿਯਮਾਂ ਮੁਤਾਬਕ 50 ਕਰੋੜ ਯੂਰੋ ਜਾਂ ਇਸ ਤੋਂ ਵੱਧ ਰਕਮ ਦੀ ਟਰਨ ਓਵਰ ਵਾਲੀਆਂ ਵਿਦੇਸ਼ੀ ਕੰਪਨੀਆਂ ਦੀ ਖ਼ਰੀਦ ਵਿੱਚ ਵਿੱਤੀ ਬੇਨਿਯਮੀਆਂ ਅਤੇ ਜੇਕਰ ਕੋਈ ਵਿਦੇਸ਼ੀ ਕੰਪਨੀ 25 ਕਰੋੜ ਯੂਰੋ ਜਾਂ ਇਸ ਤੋਂ ਵੱਧ ਦੀ ਖਰੀਦ ਦੇ ਠੇਕੇ ਹਾਸਲ ਕਰਦੀ ਹੈ ਤਾਂ ਉਸ ਦੇ ਖ਼ਿਲਾਫ਼ ਵੀ ਜਾਂਚ ਸ਼ੁਰੂ ਹੋ ਸਕਦੀ ਹੈ।

# ਨਿਊਜ਼ੀਲੈਂਡ ਦੀ ਪ੍ਰਧਾਨ ਮੰਤਰੀ ਜੇਸਿੰਡਾ ਪ੍ਰੇਮੀ ਨਾਲ ਵਿਆਹ ਕਰਾਉਣ ਲੱਗੀ

ਵੈਲਿੰਗਟਨ, 6 ਮਈ (ਪੋਸਟ ਬਿਊਰੋ)- ਨਿਊਜ਼ੀਲੈਂਡ ਦੀ ਪ੍ਰਧਾਨ ਮੰਤਰੀ ਜੇਸਿੰਡਾ ਅਰਡਰਨ ਕਾਫੀ ਸਮੇਂ ਤੋਂ ਆਪਣੇ ਦੋਸਤ ਨਾਲ ਲਿਵਿੰਗ ਰਿਲੇਸ਼ਨਸ਼ਿਪ ਵਿੱਚ ਰਹਿ ਰਹੀ ਹੈ। ਇਸ ਬਾਰੇ ਲੋਕਾਂ ਤੇ ਕੌਮਾਂਤਰੀ ਮੀਡੀਆ ਵਿੱਚ ਕਈ ਅਟਕਲਾਂ ਜ਼ੋਰ ਫੜ ਰਹੀਆਂ ਸਨ ਕਿ ਦੋਵੇਂ ਜਣੇ ਕਦੋਂ ਵਿਆਹ ਕਰਾਉਣਗੇ। ਆਖਰ ਜੇਸਿੰਡਾ ਨੇ ਆਪਣੇ ਪ੍ਰੇਮੀ ਕਲਾਰਕ ਗੇਫੋਰਡ ਨਾਲ ਵਿਆਹ ਕਰਵਾਉਣ ਦਾ ਫੈਸਲਾ ਕਰ ਲਿਆ ਹੈ।

ਜੇਸਿੰਡਾ ਨੇ ਕਿਹਾ ਕਿ ਉਹ ਅਗਲੀਆਂ ਗਰਮੀਆਂ ਵਿੱਚ ਵਿਆਹ ਕਰਾਏਗੀ। ਇਹ ਗੱਲ ਉਨ੍ਹਾਂ ਇੱਕ ਇੰਟਰਵਿਊ ਮੌਕੇ ਦੱਸੀ, ਪਰ ਵਿਆਹ ਲਈ ਤਰੀਕ ਨਹੀਂ ਦੱਸੀ।



ਜੇਸਿੰਡਾ ਅਰਡਰਨ ਆਪਣੇ ਪ੍ਰੇਮੀ ਨਾਲ ਪਹਿਲਾਂ ਤੋਂ ਰਹਿ ਰਹੀ ਹੈ। ਉਨ੍ਹਾਂ ਦੀ ਇੱਕ ਸਾਲ ਦੀ ਬੱਚੀ ਨੀਵ ਹੈ। ਨਿਊਜ਼ੀਲੈਂਡ ਦੀ ਪ੍ਰਧਾਨ ਮੰਤਰੀ ਨੇ ਵਿਆਹ ਗਰਮੀ ਦੇ ਮੌਸਮ ਵਿੱਚ ਕਰਵਾਉਣ ਦੀ ਗੱਲ ਕਹੀ ਹੈ। ਨਾਰਥ ਪੋਲ ਵਿੱਚ ਗਰਮੀ ਦਾ ਮੌਸਮ ਦਸੰਬਰ ਤੋਂ ਫਰਵਰੀ ਵਿਚਾਲੇ ਦਾ ਹੈ। ਇਸ ਹਾਲਤ ਵਿੱਚ ਇਨ੍ਹਾਂ ਮਹੀਨਿਆਂ ਦੌਰਾਨ ਉਨ੍ਹਾਂ ਦਾ ਵਿਆਹ ਹੋਵੇਗਾ। ਪ੍ਰਧਾਨ ਮੰਤਰੀ ਜੇਸਿੰਡਾ ਤੇ ਕਲਾਰਕ ਗੇਫੋਰਡ ਲੰਬੇ ਸਮੇਂ ਤੱਕ ਦੋਸਤ ਰਹੇ ਹਨ। ਦੋ ਸਾਲ ਪਹਿਲਾਂ ਜੇਸਿੰਡਾ ਨੇ ਐਲਾਨ ਕੀਤਾ ਸੀ ਕਿ ਉਹ ਆਪਣੇ ਦੋਸਤ ਗੇਫੋਰਡ ਨਾਲ ਪਾਰਟਨਰ ਵਜੋਂ ਰਹੇਗੀ।

ਗੇਫੋਰਡ ਟੀ ਵੀ ਉਤੇ ਸ਼ੋਅ ਹੋਸਟ ਕਰਦੇ ਸਨ। ਉਹ ਫਿਸ਼ਿੰਗ ਸ਼ੋਅ ਦੇ ਪ੍ਰੈਜ਼ੈਂਟਰ ਰਹੇ ਹਨ। ਉਨ੍ਹਾਂ ਨੇ ਆਪਣੀ ਬੱਚੀ ਦੀ ਦੇਖਭਾਲ ਕਰਨ ਦਾ ਫੈਸਲਾ ਕੀਤਾ ਹੈ। ਜੇਸਿੰਡਾ ਦੂਸਰੀ ਅਜਿਹੀ ਪ੍ਰਧਾਨ ਮੰਤਰੀ ਹੈ ਜਿਨ੍ਹਾਂ ਨੇ ਆਪਣੇ ਪ੍ਰਧਾਨ ਮੰਤਰੀ ਦੇ ਕਾਰਜਕਾਲ ਦੌਰਾਨ ਬੱਚੀ ਨੂੰ ਜਨਮ ਦਿੱਤਾ। ਇਸ ਤੋਂ ਪਹਿਲਾਂ ਪਾਕਿ-ਸਤਾਨ ਦੀ ਬੇਨਜ਼ੀਰ ਭੁੱਟੋ ਨੇ ਵੀ ਪ੍ਰਧਾਨ ਮੰਤਰੀ ਹੋਣ ਦੌਰਾਨ ਦੂਸਰੇ ਬੇਟੇ ਨੂੰ ਜਨਮ ਦਿੱਤਾ ਸੀ।

# ਡਬਲਿਯੂ ਟੀ ਓ ਵਿੱਚ ਅਮਰੀਕਾ ਵੱਲੋਂ ਭਾਰਤ ਦਾ ਸਮਰਥਨ ਕਰਨ ਦਾ ਐਮ ਪੀਜ਼ ਵੱਲੋਂ ਵਿਰੋਧ

ਵਾਸ਼ਿੰਗਟਨ, 6 ਮਈ (ਪੋਸਟ ਬਿਊਰੋ)- ਅਮਰੀਕਾ ਦੇ 12 ਰਿਪਬਲੀਕਨ ਪਾਰਲੀਮੈਂਟ ਮੈਂਬਰਾਂ ਨੇ ਬਾਈਡੇਨ ਸਰਕਾਰ ਨੂੰ ਭਾਰਤ ਅਤੇ ਦੱਖਣੀ ਅਫਰੀਕਾ ਵੱਲੋਂ ਵਿਸ਼ਵ ਵਪਾਰ ਸੰਗਠਨ (ਡਬਲਯੂ ਟੀ ਓ) ਕੋਲ ਰੱਖੀ ਗਈ ਉਸ ਤਜਵੀਜ਼ ਦਾ ਸਮਰਥਨ ਨਾ ਕਰਨ ਦੀ ਅਪੀਲ ਕੀਤੀ ਹੈ, ਜਿਸ ਵਿੱਚ ਕੋਰੋਨਾ ਦੌਰਾਨ ਕੁਝ ਬੌਧਿਕ ਜਾਇਦਾਦਾਂਦੇ ਅਧਿਕਾਰਾਂ ਦੇ ਵਪਾਰ ਲਈ ਸਬੰਧਤ ਪਹਿਲੂਆਂ (ਟ੍ਰਿਪਸ) ਵਿੱਚ ਅਸਥਾਈ ਛੋਟ ਦੇਣ ਦੀ ਬੇਨਤੀ ਕੀਤੀ ਗਈ ਹੈ।

ਅਮਰੀਕੀ ਵਪਾਰ ਪ੍ਰਤੀਨਿਧੀ ਕੈਥਰੀਨ ਟਾਯ ਨੂੰ ਕੱਲ੍ਹ ਲਿਖੇ ਗਏ ਪੱਤਰ ਵਿੱਚ ਇਨ੍ਹਾਂ 12 ਪ੍ਰਭਾਵਸ਼ਾਲੀ ਮੈਬਰਾਂ ਨੇ ਤਰਕ ਦਿੱਤਾ ਕਿ ਜੇ ਅਮਰੀਕਾ ਬੌਧਿਕ ਜਾਇਦਾਦ ਅਧਿਕਾਰਾਂ ਨੂੰ ਛੱਡ ਦੇਵੇ ਤਾਂ ਇਹ ਉਤਪਾਦਨ ਨੂੰ ਨੁਕਸਾਨ ਪਹੁੰਚਾਏਗਾ ਅਤੇ ਇਸਦੇ ਨਤੀਜੇ ਵਜੋਂ ਘੱਟ ਲੋਕਾਂ ਨੂੰ ਟੀਕਾ ਲੱਗ ਸਕੇਗਾ। ਇਹ ਪੱਤਰ ਭਾਰਤ ਅਤੇ ਦੱਖਣੀ ਅਫਰੀਕਾ ਦੀ ਅਗਵਾਈ ਵਿੱਚ 60 ਵਿਕਾਸਸ਼ੀਲ ਦੇਸ਼ਾਂ ਵੱਲੋਂ ਇਸ ਬਾਰੇ ਦਿੱਤੀ ਗਈ ਤਜਵੀਜ਼ ਦੇ ਜਵਾਬ ਵਿੱਚ ਲਿਖਿਆ ਗਿਆ ਹੈ। ਪੱਤਰ ਵਿੱਚ ਕਿਹਾ ਗਿਆ ਹੈ ਕਿ ਅਮਰੀਕਾ ਨੂੰ ਵਿਸ਼ਵ ਵਪਾਰ ਸੰਗਠਨ (ਡਬਲਯੂ ਟੀ ਓ) ਦੇ ਸਾਰੇ ਮੈਂਬਰਾਂ ਲਈ ਬੌਧਿਕ ਜਾਇਦਾਦ ਵਪਾਰ ਨਾਲ ਸਬੰਧਤ ਪਹਿਲੂਆਂ ਉੱਤੇ ਸਮਝੌਤੇ ਦੇ ਕੁਝ ਅੰਸ਼ਾਂ ਨੂੰ ਛੱਡ ਦੇਣ ਦੀ ਭਾਰਤ, ਦੱਖਣੀ ਅਫਰੀਕਾ ਅਤੇ ਹੋਰਨਾਂ ਦੇਸ਼ਾਂ ਦੀ ਬੇਨਤੀ ਦਾ ਵਿਰੋਧ ਕਰਦੇ ਕਹਿਣਾ ਚਾਹੀਦਾ ਹੈ।




ਵ੍ਹਾਈਟ ਹਾਊਸ ਨੇ ਕਿਹਾ ਹੈ ਕਿ ਵਪਾਰ ਪ੍ਰਤੀਨਿਧੀ ਕੈਥਰੀਨ ਟਾਯ ਨੇ ਇਸ ਪ੍ਰਸਤਾਵ ਉਤੇ ਰਾਸ਼ਟਰਪਤੀ ਜੋਅ ਬਾਈਡੇਨ ਅੱਗੇ ਹਾਲ ਦੀ ਘੜੀ ਕੋਈ ਸਿਫਾਰਸ਼ ਨਹੀਂ ਕੀਤੀ ਹੈ। ਡਬਲਯੂ ਟੀ ਓ ਪੰਜ ਤੋਂ ਛੇ ਮਈ ਜਨੇਵਾ ਵਿੱਚ ਆਪਣੀ ਜਨਰਲ ਕੌਂਸਲ ਬੈਠਕ ਵਿੱਚ ਇਸ ਬਾਰੇ ਵਿਚਾਰ ਕਰੇਗਾ। ਕਈ ਡੈਮੋਕ੍ਰੇਟਿਕ ਪਾਰਲੀਮੈਂਟ ਮੈਂਬਰਾਂ ਨੇ ਭਾਰਤ ਅਤੇ ਦੱਖਣੀ ਅਫਰੀਕਾ ਦੇ ਸਮਰਥਨ ਵਿੱਚ ਟੀਕੇ ਨੂੰ ਇਨ੍ਹਾਂ ਪਹਿਲੂਆਂ ਤੋਂ ਮੁਕਤ ਕਰਨ ਦੀ ਮੁਹਿੰਮ ਸ਼ੁਰੂ ਕੀਤੀ ਹੈ।

# ਅਮਰੀਕੀ ਸਿਹਤ ਮਾਹਰਾਂ ਨੇ ਕੋਰੋਨਾ ਨਾਲ ਨਿਪਟਣ ਵਿੱਚ ਪੂਰੇ ਸਾਧਨ ਲਾਉਣ ਨੂੰ ਕਿਹਾ



ਵਾਸ਼ਿੰਗਟਨ, 6 ਮਈ (ਪੋਸਟ ਬਿਊਰੋ)- ਕੋਰੋਨਾ ਵਾਇਰਸ ਦੀ ਦੂਸਰੀ ਲਹਿਰ ਦੇ ਕਾਰਨ ਭਾਰਤ ਦੀ ਸਥਿਤੀ ਨੂੰ ਬਹੁਤ ਗੰਭੀਰ ਦੱਸਦੇ ਹੋਏ ਅਮਰੀਕਾ ਦੇ ਲੋਕ ਸਿਹਤ ਮਾਹਰ ਡਾਕਟਰ ਐਂਥਨੀ ਫੌਸੀ ਨੇ ਮਹਾਮਾਰੀ ਨਾਲ ਲੜਨ ਵਿੱਚ ਫੌਜ ਨੂੰ ਲਗਾਉਣ ਸਮੇਤ ਸਾਰੇ ਸਾਧਨ ਲਾ ਦੇਣ ਨੂੰ ਕਿਹਾ ਹੈ। ਉਨ੍ਹਾਂ ਨੇ ਤੁਰੰਤ ਅਸਥਾਈ ਹਸਪਤਾਲ ਬਣਾਉਣ ਅਤੇ ਦੂਸਰੇ ਦੇਸ਼ਾਂ ਤੋਂ ਮੈਡੀਕਲ ਸਮੱਗਰੀ ਦੇ ਨਾਲ-ਨਾਲ ਮਨੁੱਖੀ ਮੱਦਦ ਲੈਣ ਨੂੰ ਕਿਹਾ ਹੈ। ਡਾਕਟਰ ਫੌਸੀ ਅਮਰੀਕੀ ਰਾਸ਼ਟਰਪਤੀ ਜੋਅ ਬਾਇਡੇਨ ਦੇ ਮੁੱਖ ਮੈਡੀਕਲ ਸਲਾਹਕਾਰ ਵੀ ਹਨ।

ਇੱਕ ਵਿਸ਼ੇਸ਼ ਇੰਟਰਵਿਊ ਵਿੱਚ ਉਨ੍ਹਾਂ ਨੇ ਰਾਸ਼ਟਰ ਪੱਧਰੀ ਲਾਕਡਾਊਨ ਲਾਉਣ ਦਾ ਵੀ ਸੁਝਾਅ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਜ਼ਰੂਰੀ ਨਹੀਂ ਕਿ ਇਹ ਲਾਕਡਾਊਨ ਛੇ ਮਹੀਨੇ ਦਾ ਹੋਵੇ, ਇਹ ਕੁਝ ਹਫਤੇ ਦਾ ਹੋ ਸਕਦਾ ਹੈ, ਪਰ ਕੋਰੋਨਾ ਦੀ ਨਿਰੰਤਰਤਾ ਅਤੇ ਪ੍ਰਸਾਰ ਰੋਕਣ ਲਈ ਇਹ ਬਹੁਤ ਜ਼ਰੂਰੀ ਹੈ। ਡਾਕਟਰ ਫਾਸੀ ਦਾ ਇਹ ਸੁਝਾਅ ਤੇ ਮੁਲਾਂਕਣ ਅਜਿਹੇ ਸਮੇਂ ਸਾਹਮਣੇ ਆਇਆ ਹੈ, ਜਦ ਭਾਰਤ ਵਿੱਚ ਕੋਰੋਨਾ ਪੀੜਤਾਂ ਦਾ ਕੁੱਲ ਅੰਕੜਾ ਦੋ ਕਰੋੜ ਨੂੰ ਪਾਰ ਕਰ ਚੁੱਕਾ ਹੈ। ਤਿੰਨ ਮਹੀਨੇ ਪਹਿਲਾਂ ਦੀ ਤੁਲਨਾ ਵਿੱਚ ਇਹ ਗਿਣਤੀ ਲਗਭਗ ਦੁੱਗਣੀ ਹੈ। ਡਾਕਟਰ ਫੌਸੀ ਨੇ ਕਿਹਾ ਕਿ ਇਹ ਦੇਖਦੇ ਹੋਏ ਕਿ ਭਾਰਤ ਵਿੱਚ ਮਹਾਮਾਰੀ ਦੇ ਕਾਰਨ ਸਥਿਤੀ ਬਹੁਤ ਖਰਾਬ ਹੈ, ਦੁਨੀਆ ਦੇ ਬਾਕੀ ਦੇਸ਼ਾਂ ਨੂੰ ਇਸ ਦੀ ਮੱਦਦ ਵਿੱਚ ਅੱਗੇ ਆਉਣਾ ਚਾਹੀਦਾ ਹੈ, ਜਿਸ ਤਰ੍ਹਾਂ ਅਮਰੀਕਾ ਮੱਦਦ ਕਰ ਰਿਹਾ ਹੈ, ਉਸੇ ਤਰ੍ਹਾਂ ਬਾਕੀ ਦੇਸ਼ਾਂ ਨੂੰ ਕਰਨਾ ਚਾਹੀਦਾ ਹੈ। ਇਸ ਦੇ ਨਾਲ ਉਨ੍ਹਾਂ ਨੇ ਟੀਕਾਕਰਨ ਵਧਾਉਣ ਦਾ ਵੀ ਸੁਝਾਅ ਦਿੱਤਾ। ਉਨ੍ਹਾਂ ਨੇ ਕਿਹਾ ਕਿ ਜਿੰਨਾ ਸੰਭਵ ਹੋ ਸਕੇ, ਵੱਧ ਤੋਂ ਵੱਧ ਲੋਕਾ ਨੂੰ ਟੀਕਾ ਲਗਾਇਆ ਜਾਣਾ ਚਾਹੀਦੈ। ਇਸ ਕੰਮ ਵਿੱਚ ਉਨ੍ਹਾਂ ਨੇ ਭਾਰਤ ਵਿੱਚ ਤਿਆਰ ਵੈਕਸੀਨ ਦੇ ਇਲਾਵਾ ਦੂਸਰੇ ਦੇਸ਼ਾਂ ਤੋਂ ਵੀ ਇਸ ਨੂੰ ਮੰਗਵਾਉਣ ਦਾ ਸੁਝਾਅ ਦਿੱਤਾ।

# ਨਿਊ ਯਾਰਕ ਵਿੱਚ ਸਿੱਖ ਵਿਅਕਤੀ ’ਤੇ ਗੈਰ ਗੋਰੇ ਵੱਲੋਂ ਹਮਲਾ

ਨਿਊ ਯਾਰਕ, 6 ਮਈ (ਪੋਸਟ ਬਿਊਰੋ)- ਨਿਊ ਯਾਰਕ ਦੇ ਬਰੁਕਲਿਨ ਹੋਟਲ ਵਿੱਚ ਇੱਕ ਗੈਰ ਗੋਰੇ ਹਮਲਾਵਰ ਨੇ ਸਿੱਖ ਵਿਅਕਤੀ ਉੱਤੇ ਹਥੌੜੇ ਨਾਲ ਹਮਲਾ ਕਰ ਦਿੱਤਾ ਅਤੇ ਚੀਕਦਿਆਂ ਕਿਹਾ; ‘ਮੈਂ ਤੈਨੂੰ ਪਸੰਦ ਨਹੀਂ ਕਰਦਾ’, ‘ਤੇਰੀ ਚਮੜੀ ਸਾਡੇ ਵਰਗੀ ਨਹੀਂ।’ ਇਸ ਹਮਲੇ ਪਿੱਛੋਂ ਨਿਊ ਯਾਰਕ ਆਧਾਰਤ ਗਰੁੱਪ ‘ਦ ਸਿੱਖ ਕੋਲੀਸ਼ਨ' ਨੇ ਮੰਗ ਕੀਤੀ ਕਿ ਘਟਨਾ ਦੀ ਜਾਂਚ ਕੀਤੀ ਜਾਵੇ ਤੇ ਦੇਖਿਆ ਜਾਵੇ ਕਿ ਕਿਤੇ ਇਹ ਨਫਰਤੀ ਹਮਲਾ ਤਾਂ ਨਹੀਂ।

ਨਿਊ ਯਾਰਕ ਡੇਅਲੀ ਦੀ ਵੈਬਸਾਈਟ ਮੁਤਾਬਕ ਸੁਮਿਤ ਆਹਲੂਵਾਲੀਆ (32) ਐਸਟੋਰੀਆ ਦਾ ਵਸਨੀਕ ਹੈ ਤੇ ਉਸ ਨੇ ਕਿਹਾ ਕਿ ਹਮਲਾਵਰ ਨਸਲੀ ਨਫਰਤ ਨਾਲ ਭਰਿਆ ਪਿਆ ਸੀ। ਸੁਮਿਤ ਨੇ ਦੱਸਿਆ ਕਿ ਘਟਨਾ 26 ਅਪ੍ਰੈਲ ਨੂੰ ਉਸ ਦੇ ਕੰਮ ਵਾਲੀ ਥਾਂ ਬਰਾਊਨਜ਼ਵਿਲੇ ਦੇ ‘ਕੁਆਲਿਟੀ ਇਨ' ਵਿੱਚ ਵਾਪਰੀ। ਹਮਲਾਵਰ ਸਵੇਰੇ ਅੱਠ ਵਜੇ ਹੋਟਲ ਦੀ ਲਾਬੀ ਵਿੱਚ ਆ ਕੇ ਚੀਕਣ ਲੱਗਾ। ਫਰੰਟ ਡੈਸਕ ਉੱਤੇ ਖੜ੍ਹੀ ਔਰਤ ਨੇ ਉਸ ਨੂੰ ਮੱਦਦ ਲਈ ਪੁੱਛਿਆ ਤਾਂ ਇਸੇ ਦੌਰਾਨ ਆਹਲੂਵਾਲੀਆ ਵੀ ਉਥੇ ਉਸ ਵਿਅਕਤੀ ਨਾਲ ਗੱਲ ਕਰਨ ਆ ਗਿਆ ਤਾਂ ਕਿ ਸੁਰੱਖਿਆ ਗਾਰਡ ਨੂੰ ਸੱਦਿਆ ਜਾ ਸਕੇ। ਸੁਮਿਤ ਮੁਤਾਬਕ ਹਮਲਾਵਰ ਉਸ ਵੱਲ ਦੌੜਿਆ ਤੇ ਜੇਬ ਵਿੱਚੋਂ ਹਥੌੜਾ ਕੱਢ ਕੇ ਜ਼ੋਰ ਨਾਲ ਉਸ ਦੇ ਸਿਰ ਵਿੱਚ ਮਾਰਿਆ। ਇਸ ਤੋਂ ਪਹਿਲਾਂ ਸਿੱਖ ਵਿਅਕਤੀ ਨੇ ਹਮਲਾਵਰ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ। ਸੁਮਿਤ ਨੇ ਇਸ ਘਟਨਾ ਤੋਂ ਬਾਅਦ ਕਿਹਾ ਕਿ ‘‘ਉਹ ਸਦਮੇ ਵਿੱਚ ਹੈ ਤੇ ਉਸ ਨੂੰ ਡਰ ਲੱਗਦਾ ਹੈ।'' ਪੁਲਸ ਨੇ ਸ਼ੱਕੀ ਦੀਆਂ ਤਸਵੀਰਾਂ ਰਿਲੀਜ਼ ਕਰ ਦਿੱਤੀਆਂ ਹਨ। ‘ਸਿੱਖ ਕੋਲੀਸ਼ਨ' ਨੇ ਆਹਲੂਵਾਲੀਆ ਨੂੰ ਕੇਸ ਲਈ ਕਾਨੂੰਨੀ ਸੇਵਾਵਾਂ ਦੇਣ ਦਾ ਫੈਸਲਾ ਕੀਤਾ ਹੈ।

# ਇਟਲੀ ਵਿੱਚ ਕੋਰੋਨਾ ਮਾਮਲੇ ਵਿੱਚ ਭਾਰਤੀਆਂ ਨੂੰ ਰਾਹਤ

ਮਿਲਾਨ, 6 ਮਈ (ਪੋਸਟ ਬਿਊਰੋ)- ਕੋਰੋਨਾ ਕਾਰਨ ਪਿਛਲੇ ਕਈ ਦਿਨਾਂ ਤੋਂ ਇਟਲੀ ਦੇ ਕੌਮੀ ਮੀਡੀਆ ਵਿੱਚ ਨਿਸ਼ਾਨਾ ਬਣੇ ਭਾਰਤੀ (ਸਿੱਖ) ਭਾਈਚਾਰੇ ਨੂੰ ਓਦੋਂ ਰਾਹਤ ਮਿਲੀ ਜਦੋਂ ਲਾਤੀਨਾ ਜ਼ਿਲ੍ਹੇ ਵਿੱਚ ਸਥਾਨਕ ਪ੍ਰਸ਼ਾਸਨ ਵੱਲੋਂ ਲਾਏ ਕੋਰੋਨਾ ਜਾਂਚ ਕੈਂਪ ਵਿੱਚ ਇੱਕ ਵੀ ਮਰੀਜ਼ ਵਿੱਚ ਭਾਰਤੀ ਵਾਇਰਸ ਦਾ ਰੂਪ ਨਹੀਂ ਮਿਲਿਆ।

ਇਟਲੀ ਵਿੱਚ ਛੂਤ ਦੀਆਂ ਬਿਮਾਰੀਆਂ ਦੀ ਜਾਂਚ ਕਰਨ ਵਾਲੀ ਕੌਮੀ ਮੈਡੀਕਲ ਸੰਸਥਾ ਲਾਜਾਰੋ ਸਪੈਲਾਨਜਾਨੀ ਰੋਮ ਨੇ ਮੀਡੀਆ ਨੂੰ ਦੱਸਿਆ ਕਿ ਜਿਹੜੀ ਉਡਾਣ ਏਅਰ ਇਡੀਆ ਦੀ ਭਾਰਤ ਤੋਂ ਰੋਮ ਏਅਰਪੋਰਟ ਉੱਤੇ 210 ਯਾਤਰੀ ਲੈ ਕੇ ਆਈ ਸੀ, ਉਨ੍ਹਾ ਵਿੱਚੋਂ 23 ਯਾਤਰੀ ਕੋਰੋਨਾ ਪਾਜ਼ੀਟਿਵ ਆਏ ਸਨ। ਇਨ੍ਹਾਂ ਵਿੱਚ ਸਿਰਫ ਇੱਕਯਾਤਰੀ ਤੋਂ ਵਾਇਰਸ ਦਾ ਭਾਰਤੀ ਰੂਪ ਮਿਲਿਆ ਹੈ।ਦੂਜੇ ਪਾਸੇ ਜ਼ਿਲ੍ਹਾ ਲਾਤੀਨਾ ਦੇ ਕਸਬਾ ਬੋਰਗੋ ਹਰਮਾਦਾ ਤੇਰਾਚੀਨਾ ਵਿੱਚਕੋਰੋਨਾ ਵਾਇਰਸ ਜਾਂਚ ਕੈਂਪ ਸਬੰਧੀ ਵੀ ਸ਼ਹਿਰ ਦੀ ਮੇਅਰ ਮੈਡਮ ਰੋਬਾਰਤਾ ਤੀਨਤਾਰੀ ਨੇ ਮੀਡੀਆ ਨੂੰ ਦੱਸਿਆ ਕਿ ਸ਼ਹਿਰ ਦੀ ਆਬਾਦੀ 10 ਹਜ਼ਾਰ ਦੀ ਹੈ, ਜਿਸ ਵਿੱਚ 1400 ਭਾਰਤੀ ਹਨ। ਭਾਰਤੀਆਂ ਲਈ ਵਿਸ਼ੇਸ਼ ਤੌਰ ਉੱਤੇ ਲਾਏ ਜਾਂਚ ਕੈਂਪ ਵਿੱਚ ਖਤਰੇ ਵਾਲੀ ਗੱਲ ਸਾਹਮਣੇ ਨਹੀਂ ਆਈ। ਵਰਨਣ ਯੋਗ ਹੈ ਕਿ ਇਸ ਕੈਂਪ ਵਿੱਚ 600 ਤੋਂ ਉਪਰ ਭਾਰਤੀਆਂ ਦਾ ਕੋਰੋਨਾ ਟੈਸਟ ਕੀਤਾ ਗਿਆ ਸੀ। ਇਨ੍ਹਾਂ ਵਿੱਚੋਂ 50 ਲੋਕ ਪਾਜ਼ੀਟਿਵ ਮਿਲੇ, ਜਿਨ੍ਹਾਂ ਵਿੱਚੋਂ 15 ਬੱਚੇ ਹਨ। ਇਨ੍ਹਾਂ ਸਾਰਿਆਂ ਨੂੰ ਇਕਾਂਤਵਾਸ ਵਿੱਚ ਭੇਜ ਦਿੱਤਾ ਗਿਆ ਹੈ। ਇਸ ਤੋਂ ਪਹਿਲਾਂ ਜਿਹੜੇ ਮਰੀਜ਼ ਬੇਲਾਫਾਰਨੀਆ ਵਿੱਚ ਪ੍ਰਭਾਵਤ ਮਿਲੇ ਸਨ ਉਨ੍ਹਾਂ ਵਿੱਚੋਂ ਵੀ ਬਹੁਤਿਆਂ ਦੀਆਂ ਰਿਪੋਰਟਾਂ ਨੈਗੇਟਿਵ ਆ ਚੁੱਕੀਆਂ ਹਨ।



## ਅਮਰੀਕੀ ਕਾਰੋਬਾਰੀਆਂ ਨੇ ਐਚ1-ਬੀ ਵੀਜ਼ਾ ਬਾਰੇ ਕੇਸ ਵਾਪਸ ਲਿਆ

ਵਾਸ਼ਿੰਗਟਨ, 6 ਮਈ (ਪੋਸਟ ਬਿਊਰੋ)- ਅਮਰੀਕਾ ਵਿੱਚ ਸੱਤ ਕਾਰੋਬਾਰਾਂ ਦੇ ਇੱਕ ਗਰੁੱਪ ਨੇ ਐਚ-1ਬੀ ਵੀਜ਼ਾ ਮਾਮਲੇ ਵਿੱਚ ਇੱਕ ਮੁਕੱਦਮਾ ਵਾਪਸ ਲੈਣ ਦਾ ਐਲਾਨ ਕੀਤਾ ਹੈ। ਮਨਮਰਜ਼ੀ ਤਰੀਕੇ ਨਾਲ ਵੀਜ਼ਾ ਅਰਜ਼ੀਆਂ ਰੱਦ ਕੀਤੇ ਜਾਣਦੇ ਵਿਰੁੱਧ ਇਹ ਮੁਕੱਦਮਾ ਅਮਰੀਕੀ ਸਿਟੀਜ਼ਨਸ਼ਿਪ ਐਂਡ ਇਮੀਗਰੇਸ਼ਨ ਸਰਵਿਸਿਜ਼ (ਯੂ ਐਸ ਸੀ ਆਈ ਐਸ) ਖਿਲਾਫ ਕੀਤਾ ਗਿਆ ਸੀ, ਪਰ ਉਹ ਫੈਡਰਲ ਏਜੰਸੀ ਅਰਜ਼ੀਆਂ ਨੂੰ ਸਵੀਕਾਰ ਕਰਨ ਲਈ ਤਿਆਰ ਹੋ ਗਈ ਹੈ।

ਅਮਰੀਕੀ ਇਮੀਗਰੇਸ਼ਨ ਕੌਂਸਲ ਨੇ ਇਨ੍ਹਾਂ ਕਾਰੋਬਾਰੀਆਂ ਵੱਲੋਂ ਬੀਤੀ ਮਾਰਚ ਵਿੱਚ ਮੈਸਾਚਿਊਸੈਟਸ ਦੀ ਜ਼ਿਲ੍ਹਾ ਕੋਰਟ ਵਿੱਚ ਇਹ ਮੁਕੱਦਮਾ ਕੀਤਾ ਸੀ। ਇਸ ਵਿੱਚ ਫੈਡਰਲ ਏਜੰਸੀ ਯੂ ਐਸ ਸੀ ਆਈ ਐਸ ਦੇ ਉਸ ਫੈਸਲੇ ਨੂੰ ਚੁਣੌਤੀ ਦਿੱਤੀ ਗਈ ਸੀ, ਜਿਸ ਵਿੱਚ ਬੀਤੇ ਵਰ੍ਹੇ ਪਹਿਲੀ ਅਕਤੂਬਰ ਤੋਂ ਬਾਅਦ ਦਾਖਲ ਕੀਤੀਆਂ ਐਚ1-ਬੀ ਵੀਜ਼ਾ ਅਰਜ਼ੀਆਂ ਨੂੰ ਰੱਦ ਕਰ ਦਿੱਤਾ ਗਿਆ ਸੀ। ਕੋਰਟ ਨੇ ਏਜੰਸੀ ਨੂੰ ਨਿਰਪੱਖ ਪ੍ਰਕਿਰਿਆ ਅਪਣਾਉਣ ਦਾ ਹੁਕਮ ਦੇਣ ਦੀ ਮੰਗ ਕੀਤੀ ਸੀ। ਅਮਰੀਕੀ ਇਮੀਗਰੇਸ਼ਨ ਕੌਂਸਲ ਨੇ ਇੱਕ ਬਿਆਨ ਵਿੱਚ ਦੱਸਿਆ ਕਿ ਯੂ ਐਸ ਸੀ ਆਈ ਐਸ ਵੱਲੋਂ ਅਰਜ਼ੀਆਂ ਮਨਜ਼ੂਰ ਕਰ ਲਏ ਜਾਣ ਤੋਂ ਬਾਅਦ ਮੁਕੱਦਮਾ ਵਾਪਸ ਲੈ ਲਿਆ ਗਿਆ ਹੈ। ਐਚ1-ਬੀ ਵੀਜ਼ਾ ਭਾਰਤੀ ਆਈ ਟੀ ਪੇਸ਼ੇਵਰਾਂ ਵਿੱਚ ਹਰਮਨਪਿਆਰਾ ਹੈ। ਇਸ ਦੇ ਆਧਾਰ ਉੱਤੇ ਅਮਰੀਕੀ ਕੰਪਨੀਆਂ ਉਚ ਕੁਸ਼ਲ ਵਿਦੇਸ਼ੀ ਕਾਮਿਆਂ ਨੂੰ ਰੁਜ਼ਗਾਰ ਦਿੰਦੀਆਂ ਹਨ। ਹ ਸਾਲ ਵੱਖ-ਵੱਖ ਸ਼੍ਰੇਣੀਆਂ ਵਿੱਚ 85 ਹਜ਼ਾਰ ਵੀਜ਼ੇ ਜਾਰੀ ਕੀਤੇ ਜਾਂਦੇ ਹਨ।

# ਭਾਰਤ ਤੇ ਇੰਗਲੈਂਡ ਵੱਲੋਂ 10 ਸਾਲਾ ‘ਰੋਡਮੈਪ-2030’ ਨੂੰ ਹਰੀ ਝੰਡੀ

ਲੰਡਨ, 6 ਮਈ (ਪੋਸਟ ਬਿਊਰੋ)- ਬ੍ਰਿਟੇਨ ਦੇ ਪ੍ਰਧਾਨ ਮੰਤਰੀ ਬੋਰਿਸ ਜੌਹਨਸਨ ਅਤੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਚਾਲੇ ਅਹਿਮ ਵਰਚੂਅਲ ਮੀਟਿੰਗ ਦੌਰਾਨ ਦੋਵਾਂ ਨੇਤਾਵਾਂ ਨੇ ‘ਰੋਡਮੈਪ-2030' ਨੂੰ ਹਰੀ ਝੰਡੀ ਦਿੰਦਿਆਂ ਅਗਲੇ ਦਹਾਕੇ ਦੌਰਾਨ ਭਵਿੱਖ ਦੇ ਸਹਿਯੋਗ ਲਈ ਸਹਿਮਤੀ ਪ੍ਰਗਟਾਈ ਹੈ।

ਇਸ ਮੀਟਿੰਗ ਤੋਂ ਬਾਅਦ ਪ੍ਰਧਾਨ ਮੰਤਰੀ ਦਫ਼ਤਰ ਨੇ ਕਿਹਾ ਕਿ ‘ਰੋਡਮੈਪ-2030’ ਯੂ ਕੇ-ਭਾਰਤ ਰਿਸ਼ਤੇ ਵਿੱਚਖਾਸ ਪ੍ਰਤੀਨਿਧਤਾ ਕਰਦਾ ਹੈ। ਅਧਿਕਾਰੀਆਂ ਨੇ ਕਿਹਾ ਕਿ ਦੋਵੇਂ ਦੇਸ਼ ਸਿਹਤ, ਜਲਵਾਯੂ ਤਬਦੀਲੀ, ਸਿੱਖਿਆ, ਵਿਗਿਆਨ, ਤਕਨਾਲੋਜੀ ਅਤੇ ਰੱਖਿਆ ਵਿੱਚ ਇੱਕ-ਦੂਜੇ ਨੂੰ ਸਹਿਯੋਗ ਦੇਣਗੇ। ਉਨ੍ਹਾਂ ਕਿਹਾ ਕਿ ਅਸੀਂ ਜੋ ਸਮਝੌਤੇ ਕੀਤੇ ਹਨ, ਉਹ ਯੂ ਕੇ-ਭਾਰਤ ਸਬੰਧਾਂ ਵਿੱਚ ਨਵੇਂ ਯੁੱਗ ਦੀ ਸ਼ੁਰੂਆਤ ਨੂੰ ਦਰਸਾਉਂਦੇ ਹਨ। ਇਸ ਵਿੱਚ ‘ਵਧੀ ਹੋਈ ਵਪਾਰਕ ਭਾਈਵਾਲੀ' ਪ੍ਰਤੀ ਵਚਨਬੱਧਤਾ ਸ਼ਾਮਲ ਹੈ, ਜਿਸ ਨਾਲ ਆਉਣ ਵਾਲੇ ਦਹਾਕੇ ਦੌਰਾਨ ਦੁਵੱਲੇ ਵਪਾਰ ਨੂੰ ਦੁੱਗਣਾ ਕਰਨ ਦੇ ਉਦੇਸ਼ ਨਾਲ ਇੱਕ ਪੂਰਨ ਮੁਕਤ ਵਪਾਰ ਸਮਝੌਤੇ ਦਾ ਰਾਹ ਪੱਧਰਾ ਕੀਤਾ ਗਿਆ ਹੈ।



ਬੋਰਿਸ ਜੌਹਨਸਨ ਨੇ ਕਿਹਾ ਕਿ ਯੂ ਕੇ ਅਤੇ ਭਾਰਤ ਵਿਚਾਲੇ ਬਹੁਤ ਸਾਰੀਆਂ ਬੁਨਿਆਦੀ ਕਦਰਾਂ-ਕੀਮਤਾਂ ਦੀ ਸਾਂਝ ਹੈ। ਬ੍ਰਿਟੇਨ ਸਭ ਤੋਂ ਪੁਰਾਣੇ ਲੋਕਤੰਤਰਾਂ ਵਿੱਚੋਂ ਇੱਕ ਅਤੇ ਭਾਰਤ ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ ਹੈ। ਪ੍ਰਧਾਨ ਮੰਤਰੀ ਜੌਹਨਸਨ ਨੇ ਕਿਹਾ ਕਿ ਅਸੀਂ ਦੋਵੇਂ ਕਾਮਨਵੈੱਲਥ ਦੇ ਵਚਨਬੱਧ ਮੈਂਬਰ ਹਾਂ ਤੇ ਇੱਥੋਂ ਦਾ ਜੀਵਨ-ਪੱਲ ਸਾਡੇ ਦੇਸ਼ਾਂ ਦੇ ਲੋਕਾਂ ਨੂੰ ਜੋੜਦਾ ਹੈ। ਉਨ੍ਹਾਂ ਕਿਹਾ ਕਿ ਭਿਆਨਕ ਸਮੇਂ ਦੌਰਾਨ ਪਿਛਲੇ ਹਫ਼ਤੇ ਭਾਰਤੀ ਦੋਸਤਾਂ ਦੀ ਮੱਦਦ ਲਈ ਬਹੁ ਗਿਣਤੀ ਵਿੱਚ ਬਰਤਾਨਵੀ ਲੋਕ ਅੱਗੇ ਆਏ, ਜਿਹੜੀ ਯੂ ਕੇ ਦੇ ਭਾਰਤ ਦੇ ਡੂੰਘੇ ਰਿਸ਼ਤਿਆਂ ਦੀ ਮਿਸਾਲ ਹੈ। ਇਹ ਸਬੰਧ ਅਗਲੇ ਦਹਾਕੇ ਵਿੱਚ ਹੋਰ ਵਧਣਗੇ, ਕਿਉਂਕਿ ਅਸੀਂ ਵੱਡੀਆਂ ਸਮੱਸਿਆਵਾਂ ਨਾਲ ਨਜਿੱਠਣ ਤੇ ਆਪਣੇ ਲੋਕਾਂ ਲਈ ਜੀਵਨ ਨੂੰ ਬਿਹਤਰ ਬਣਾਉਣ ਲਈ ਮਿਲ ਕੇ ਕੰਮ ਕਰ ਰਹੇ ਹਾਂ। ਕੱਲ੍ਹ ਅਸੀਂ ਜੋ ਸਮਝੌਤੇ ਕੀਤੇ ਹਨ ਉਹ ਯੂ ਕੇ-ਭਾਰਤ ਸਬੰਧਾਂ ਵਿੱਚ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਨੂੰ ਦਰਸਾਉਂਦੇ ਹਨ।ਜੌਹਨਸਨ ਨੇ ਇੱਕ ਅਰਬ ਪੌਂਡ ਦੀ ਕੀਮਤ ਦੇ ਯੂ ਕੇ-ਭਾਰਤ ਵਪਾਰ ਤੇ ਨਿਵੇਸ਼ ਦਾ ਐਲਾਨ ਕੀਤਾ। ਬਿਆਨ ਅਨੁਸਾਰ ਇੱਕ ਅਰਬ ਪੌਂਡ ਦੇ ਨਵੇਂ ਬ੍ਰਿਟੇਨ-ਭਾਰਤ ਵਪਾਰ ਤੇ ਨਿਵੇਸ਼ ਦੀ ਬਦੌਲਤ 6500 ਨਵੇਂ ਰੁਜ਼ਗਾਰ ਪੈਦਾ ਹੋਣਗੇ।

ਭਾਰਤੀ ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਭਾਰਤ-ਬ੍ਰਿਟੇਨ ਰਿਸ਼ਤਿਆਂ ਨੂੰ ਨਵੀਂ ਉਚਾਈ ਦਿੰਦੇ ਹੋਏ ਇੱਕ 10 ਸਾਲ ਖਾਕੇ ਨੂੰ ਸਵੀਕਾਰ ਕੀਤਾ ਗਿਆ ਹੈ। ਬੈਠਕ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਟਵੀਟ ਕੀਤਾ ਕਿ ਭਾਰਤ ਅਤੇ ਬ੍ਰਿਟੇਨ ਦੇ ਰਿਸ਼ਤਿਆਂ ਨੂੰ ਡੂੰਘੀ ਰਣਨੀਤਕ ਸਾਂਝੇਦਾਰੀ ਵਿੱਚ ਬਦਲਣ ਲਈ ਅਸੀਂ ਮਹੱਤਵ ਪੂਰਨ ‘ਰੋਡਮੈਪ-2030’ ਨੂੰ ਸਵੀਕਾਰ ਕੀਤਾ ਹੈ। ਮੋਦੀ ਨੇ ਕਿਹਾ ਕਿ ਅਸੀਂ ਦੋਵਾਂ ਦੇਸ਼ਾਂ ਵਿਚਾਲੇ ਵਪਾਰਕ ਸਾਂਝ ਨੂੰ ਅੱਗੇ ਵਧਾਉਣ ਦਾ ਫ਼ੈਸਲਾ ਕੀਤਾ ਹੈ ਤੇ ਟੀਚਾ ਹੈ ਕਿ 2030 ਤੱਕ ਦੋਵਾਂ ਦੇਸ਼ਾਂ ਵਿਚਾਲੇ ਵਪਾਰ ਦੁੱਗਣਾ ਕਰ ਦਿੱਤਾ ਜਾਵੇ।

# ਟਰੂਡੋ ਦੀ ਸਹਾਇਕ ਸਬੰਧੀ ਬਹਿਸ ਅਚਾਨਕ ਰੱਦ ਕੀਤੇ ਜਾਣ ਤੋਂ ਵਿਰੋਧੀ ਧਿਰਾਂ ਹੋਈਆਂ ਨਾਰਾਜ਼

ਟੋਰਾਂਟੋ, 6 ਮਈ (ਪੋਸਟ ਬਿਊਰੋ) : ਜਨਰਲ ਜੋਨਾਥਨ ਵੈਂਸ ਦੇ ਮਾਮਲੇ ਵਿੱਚ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੇ ਚੀਫ ਆਫ ਸਟਾਫ ਨੂੰ ਗਵਾਹੀ ਲਈ ਬੁਲ-ਾਇਆ ਜਾਵੇ ਜਾਂ ਨਾ ਇਸ ਮਾਮਲੇ ਉੱਤੇ ਹੋਣ ਵਾਲੀ ਬਹਿਸ ਸੋਮਵਾਰ ਨੂੰ ਅਚਾਨਕ ਰੱਦ ਕਰ ਦਿੱਤੇ ਜਾਣ ਤੋਂ ਬਾਅਦ ਫੈਡਰਲ ਕੰਜ਼ਰਵੇਟਿਵ ਤੇ ਐਨਡੀਪੀ ਕਾਫੀ ਨਾਰਾਜ਼ ਹਨ।

ਵੈਂਸ ਦੇ ਖਿਲਾਫ ਲੱਗੇ ਦੋਸ਼ਾਂ ਨੂੰ ਸਰਕਾਰ ਕਿਸ ਤਰ੍ਹਾਂ ਹੈਂਡਲ ਕਰ ਰਹੀ ਹੈ ਇਸ ਬਾਰੇ ਸਵਾਲਾਂ ਦੇ ਜਵਾਬ ਦੇਣ ਲਈ ਕੇਟੀ ਟੈਲਫੋਰਡ ਨੂੰ ਸੱਦਿਆ ਜਾਵੇ ਜਾਂ ਨਾ ਇਸ ਬਾਰੇ ਬਹਿਸ ਸ਼ੁੱਕਰਵਾਰ ਨੂੰ ਸ਼ੁਰੂ ਹੋਈ ਸੀ। ਪਰ ਡਿਫੈਂਸ ਕਮੇਟੀ ਦੇ ਲਿਬਰਲ ਮੈਂਬਰਾਂ ਕਾਰਨ ਇਹ ਬਹਿਸ ਮੁਲਤਵੀ ਕਰ ਦਿੱਤੀ ਗਈ। ਇਹ ਬਹਿਸ ਮੁੜ ਸੋਮਵਾਰ ਨੂੰ ਸ਼ੁਰੂ ਹੋਣੀ ਸੀ ਪਰ ਵਿਰੋਧੀ ਧਿਰ ਦੇ ਮੈਂਬਰਾਂ ਨੂੰ ਮੀਟਿੰਗ ਤੋਂ ਪਹਿਲਾਂ ਇਹ ਆਖ ਦਿੱਤਾ ਗਿਆ ਕਿ ਇਹ ਬਹਿਸ ਰੱਦ ਕਰ ਦਿੱਤੀ ਗਈ ਹੈ।

ਐਨਡੀਪੀ ਦੇ ਡਿਫੈਂਸ ਕ੍ਰਿਟਿਕ ਰੈਂਡਲ ਗੈਰੀਸਨ ਨੇ ਮੀਡੀਆ ਨਾਲ ਗੱਲ ਕਰਦਿਆਂ ਆਖਿਆ ਕਿ ਸਾਨੂੰ ਆਖਰੀ ਮਿੰਟ ਵਿੱਚ ਇਹ ਨੋਟਿਸ ਮਿਲਿਆ ਕਿ ਇਸ ਮੀਟਿੰਗ ਨੂੰ ਰੱਦ ਕੀਤਾ ਜਾਂਦਾ ਹੈ। ਇਸ ਸਬੰਧ ਵਿੱਚ ਕੋਈ ਕਾਰਨ ਵੀ ਨਹੀਂ ਦੱਸਿਆ ਗਿਆ ਕਿ ਇਹ ਫੈਸਲਾ ਕਿਉਂ ਕੀਤਾ ਗਿਆ। ਇਸ ਬਹਿਸ ਨੂੰ ਮੁੜ ਸ਼ੁਰੂ ਕਰਨ ਲਈ ਕੋਈ ਸਮਾਂਸੀਮਾਂ ਵੀ ਨਹੀਂ ਦੱਸੀ ਗਈ। ਕੰਜ਼ਰਵੇਟਿਵ ਡਿਫੈਂਸ ਕ੍ਰਿਟਿਕ ਜੇਮਜ਼ ਬੇਜਨ ਨੇ ਦੋਸ਼



ਲਾਇਆ ਕਿ ਇਹ ਮੀਟਿੰਗ ਸਰਕਾਰ ਤੇ ਟੈਲਫੋਰਡ ਨੂੰ ਬਚਾਉਣ ਲਈ ਰੱਦ ਕੀਤੀ ਗਈ ਹੈ।

ਜ਼ਿਕਰਯੋਗ ਹੈ ਕਿ ਕੰਜ਼ਰਵੇਟਿਵ ਆਗੂ ਐਰਿਨ ਓਟੂਲ ਵੱਲੋਂ ਟੈਲਫੋਰਡ ਨੂੰ ਨੌਕਰੀ ਤੋਂ ਕੱਢਣ ਦੀ ਪ੍ਰਧਾਨ ਮੰਤਰੀ ਤੋਂ ਮੰਗ ਕਰਨ ਲਈ ਜਾਰੀ ਕੀਤੇ ਬਿਆਨ ਤੋਂ ਕੁੱਝ ਸਮੇਂ ਬਾਅਦ ਹੀ ਇਹ ਮੀਟਿੰਗ ਰੱਦ ਕੀਤੀ ਗਈ। ਓਟੂਲ ਨੇ ਤਾਂ ਇੱਥੋਂ ਤੱਕ ਆਖ ਦਿੱਤਾ ਕਿ ਉਨ੍ਹਾਂ ਦੀ ਪਾਰਟੀ ਟੈਲਫੋਰਡ ਨੂੰ ਕੱਢਣ ਲਈ ਹਾਊਸ ਆਫ ਕਾਮਨਜ਼ ਵਿੱਚ ਮਤਾ ਪੇਸ਼ ਕਰੇਗੀ। ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਟੈਲਫੋਰਡ ਉੱਤੇ ਮੁਸੀਬਤ ਪਿਛਲੇ ਮਹੀਨੇ ਉਦੋਂ ਤੋਂ ਆਈ ਹੈ ਜਦੋਂ ਤੋਂ ਟਰੂਡੋ ਦੇ ਸਾਬਕਾ ਸਲਾਹਕਾਰ ਐਲਡਰ ਮਾਰਕਸ ਨੇ ਇਹ ਬਿਆਨ ਦਿੱਤਾ ਸੀ ਕਿ ਵੈਂਸ ਖਿਲਾਫ ਦੋਸ਼ਾਂ ਬਾਰੇ ਟੈਲਫੋਰਡ ਨੂੰ ਜਾਣੂ ਕਰਵਾਇਆ ਗਿਆ ਸੀ।

ਟਰੂਡੋ ਵੱਲੋਂ ਇਹ ਵੀ ਆਖਿਆ ਜਾ ਚੁੱਕਿਆ ਹੈ ਕਿ ਸਾਬਕਾ ਜਨਰਲ ਦੇ ਖਿਲਾਫ ਲੱਗੇ ਇਨ੍ਹਾਂ ਦੋਸ਼ਾਂ ਤੋਂ ਉਹ ਜਾਣੂ ਨਹੀਂ ਸਨ। ਇਸ ਉੱਤੇ ਵਿਰੋਧੀ ਧਿਰਾਂ ਇਹ ਆਖ ਰਹੀਆਂ ਹਨ ਕਿ ਜੇ ਕੇਟੀ ਟੈਲਫੋਰਡ ਇਨ੍ਹਾਂ ਇਲਜ਼ਾਮਾਂ ਤੋਂ ਜਾਣੂ ਸੀ ਤੇ ਪ੍ਰਧਾਨ ਮੰਤਰੀ ਇੱਥੇ ਇਮਾਨਦਾਰੀ ਨਾਲ ਦੱਸ ਰਹੇ ਹਨ ਕਿ ਇਨ੍ਹਾਂ ਬਾਰੇ ਉਨ੍ਹਾਂ ਨੂੰ ਕੁੱਝ ਨਹੀਂ ਪਤਾ ਤਾਂ ਟੈਲਫੋਰਡ ਚੀਫ ਆਫ ਸਟਾਫ ਵਜੋਂ ਆਪਣਾ ਫਰਜ਼ ਨਿਭਾਉਣ ਵਿੱਚ ਅਸਫਲ ਰਹੀ ਹੈ ਤੇ ਉਸ ਨੂੰ ਇਸ ਅਹੁਦੇ ਤੋਂ ਹਟਾ ਦੇਣਾ ਚਾਹੀਦਾ ਹੈ।

# 30 ਸਾਲ ਤੋਂ ਵੱਧ ਉਮਰ ਦੇ ਲੋਕਾਂ ਨੂੰ ਦਿੱਤੀ ਜਾ ਸਕਦੀ ਹੈ ਜੌਹਨਸਨ ਐਂਡ ਜੌਹਨਸਨ ਵੈਕਸੀਨ

ਓਟਵਾ, 6 ਮਈ (ਪੋਸਟ ਬਿਊਰੋ) : ਕੋਵਿਡ-19 ਵੈਕਸੀਨਜ਼ ਦੀ ਵਰਤੋਂ ਬਾਰੇ ਸਲਾਹ ਦੇਣ ਵਾਲੇ ਨੈਸ਼ਨਲ ਵੈਕਸੀਨ ਪੈਨਲ ਦਾ ਕਹਿਣਾ ਹੈ ਕਿ ਜੌਹਨਸਨ ਐਂਡ ਜੌਹਨਸਨ ਵੈਕਸੀਨ 30 ਸਾਲ ਤੇ ਇਸ ਤੋਂ ਵੱਧ ਉਮਰ ਦੇ ਲੋਕਾਂ ਨੂੰ ਦਿੱਤੀ ਜਾ ਸਕਦੀ ਹੈ। ਐਸਟ੍ਰਾਜ਼ੈਨੇਕਾ ਵੈਕਸੀਨ ਬਾਰੇ ਵੀ ਇਸ ਪੈਨਲ ਵੱਲੋਂ ਇਹੋ ਸਲਾਹ ਦਿੱਤੀ ਗਈ ਸੀ।

ਨੈਸ਼ਨਲ ਐਡਵਾਈਜ਼ਰੀ ਕਮੇਟੀ ਆਨ ਇਮਿਊਨਾਈਜ਼ੇਸ਼ਨ (ਐਨ ਏ ਸੀ ਆਈ) ਵੱਲੋਂ ਇਹ ਆਖਿਆ ਜਾ ਰਿਹਾ ਹੈ ਕਿ ਸਿੰਗਲ ਸ਼ੌਟ ਵੈਕਸੀਨ ਵਜੋਂ ਇਸ ਦੀ ਵਰਤੋਂ ਅਜਿਹੀਆਂ ਥਾਂਵਾਂ ਉੱਤੇ ਕੀਤੀ ਜਾਣੀ ਚਾਹੀਦੀ ਹੈ ਜਿੱਥੇ ਲੋਕਾਂ ਨੂੰ



ਦੂਜੀ ਡੋਜ਼ ਲਈ ਸੱਦਣਾ ਔਖਾ ਹੋਵੇ। ਪਰ ਅਜੇ ਤੱਕ ਇਸ ਵੈਕਸੀਨ ਨੂੰ ਕੈਨੇਡਾ ਵਿੱਚ ਵਰਤੋਂ ਲਈ ਹਰੀ ਝੰਡੀ ਨਹੀਂ ਦਿੱਤੀ ਗਈ ਹੈ। ਪਿਛਲੇ ਸ਼ੁੱਕਰਵਾਰ ਹੈਲਥ ਕੈਨੇਡਾ ਵੱਲੋਂ ਇਹ ਐਲਾਨ ਕੀਤਾ ਗਿਆ ਸੀ ਕਿ ਕੈਨੇਡਾ ਪਹੁੰਚੀਆਂ ਜੌਹਨਸਨ ਐਂਡ ਜੌਹਨਸਨ ਵੈਕਸੀਨ ਦੀਆਂ ਪਹਿਲੀਆਂ 300,000 ਡੋਜ਼ਾਂ ਦੀ ਕੁਆਲਿਟੀ ਦੀ ਜਾਂਚ ਕਰਵਾਈ ਜਾ ਰਹੀ ਹੈ। ਅਜਿਹਾ ਇਸ ਲਈ ਕੀਤਾ ਜਾ ਰਿਹਾ ਹੈ ਕਿਉਂਕਿ ਵੈਕਸੀਨ ਦੀ ਇਹ ਖੇਪ ਅਮਰੀਕਾ ਦੇ ਉਸ ਪਲਾਂਟ ਵਿੱਚ ਤਿਆਰ ਕੀਤੀ ਗਈ ਜਿੱਥੇ ਕੁੱਝ ਦਿੱਕਤਾਂ ਸਨ।

ਹੈਲਥ ਕੈਨੇਡਾ ਦਾ ਕਹਿਣਾ ਹੈ ਕਿ ਜੇ ਕੈਨੇਡਾ ਭੇਜੀ ਗਈ ਜੌਹਨਸਨ ਐਂਡ ਜੌਹਨਸਨ ਦੀ ਖੇਪ ਅਮਰੀਕਾ ਤੋਂ ਬਾਹਰ ਕਿਸੇ ਹੋਰ ਥਾਂ ਉੱਤੇ ਤਿਆਰ ਕੀਤੀ ਗਈ ਹੋਵੇ। ਇਸ ਲਈ ਇਹ ਤੈਅ ਕਰਨਾ ਜ਼ਰੂਰੀ ਹੈ ਕਿ ਇਹ ਡੋਜ਼ਾਂ ਕੁਆਲਿਟੀ ਸਟੈਂਡਰਡਜ਼ ਉੱਤੇ ਖਰੀਆਂ ਉਤਰਦੀਆਂ ਹੋਣ।

# ਕੁਆਰਨਟੀਨ ਹੋਟਲ ਵਿੱਚ ਸੰਭਾਵੀ ਕੋਵਿਡ-19 ਆਊਟਬ੍ਰੇਕ ਦੀ ਜਾਂਚ ਕਰ ਰਹੀ ਹੈ ਟੋਰਾਂਟੋ ਪਬਲਿਕ ਹੈਲਥ

ਟੋਰਾਂਟੋ, 6 ਮਈ (ਪੋਸਟ ਬਿਊਰੋ) : ਟੋਰਾਂਟੋ ਪਬਲਿਕ ਹੈਲਥ (ਟੀ ਪੀ ਐਚ) ਦਾ ਕਹਿਣਾ ਹੈ ਕਿ ਫੈਡਰਲ ਸਰਕਾਰ ਵੱਲੋਂ ਨਿਰਧਾਰਤ ਕੀਤੇ ਗਏ ਕੁਆਰਨਟੀਨ ਹੋਟਲ ਵਿੱਚੋਂ ਇੱਕ ਵਿੱਚ ਸੰਭਾਵੀ ਤੌਰ ਉੱਤੇ ਕੋਵਿਡ-19 ਆਊਟਬ੍ਰੇਕ ਹੋਣ ਦੇ ਮਾਮਲੇ ਦੀ ਉਨ੍ਹਾਂ ਵੱਲੋਂ ਜਾਂਚ ਕੀਤੀ ਜਾ ਰਹੀ ਹੈ।

ਹਾਈਵੇਅ 27 ਤੇ ਡਿਕਸਨ ਰੋਡ ਏਰੀਆ ਵਿੱਚ 22 ਕਾਰਲਸਨ ਕੋਰਟ ਉੱਤੇ ਕਰਾਊਨ ਪਲਾਜ਼ਾ ਹੋਟਲ ਵਿੱਚ ਇਹ ਆਊਟਬ੍ਰੇਕ ਹੋਣ ਦਾ ਸ਼ੱਕ ਹੈ। ਇਸ ਸਬੰਧ ਵਿੱਚ ਇੱਥੇ ਜਾਂਚ ਕੀਤੀ ਜਾ ਰਹੀ ਹੈ। ਇਸ ਦੀ ਪੁਸ਼ਟੀ ਪਬਲਿਕ ਹੈਲਥ ਵੱਲੋਂ ਐਤਵਾਰ ਨੂੰ ਕੀਤੀ ਗਈ। ਐਸੋਸਿਏਟ ਮੈਡੀਕਲ ਆਫੀਸਰ ਆਫ ਹੈਲਥ ਡਾ. ਵਿਨੀਤਾ ਦੂਬੇ ਨੇ ਆਖਿਆ ਕਿ ਟੋਰਾਂਟੋ ਪਬਲਿਕ




ਹੈਲਥ ਇਸ ਕੰਮ ਵਾਲੀ ਥਾਂ ਉੱਤੇ ਪਾਏ ਗਏ ਕੋਵਿਡ-19 ਦੇ ਮਾਮਲਿਆਂ ਤੋਂ ਜਾਣੂ ਹੈ। ਅਸੀਂ ਇੱਥੇ ਜਾਂਚ ਲਈ ਸਟਾਫ ਦੀ ਡਿਊਟੀ ਲਗਾ ਦਿੱਤੀ ਹੈ ਤੇ ਸਾਰੇ ਮਾਮਲਿਆਂ ਦਾ ਪਤਾ ਲਾਉਣ ਤੋਂ ਬਾਅਦ ਉਨ੍ਹਾਂ ਦਾ ਮੁਲਾਂਕਣ ਕੀਤਾ ਜਾਵੇਗਾ ਤੇ ਢੁਕਵੇਂ ਪਬਲਿਕ ਹੈਲਥ ਮਾਪਦੰਡਾਂ ਬਾਰੇ ਸਲਾਹ ਦੇਣ ਤੋਂ ਇਲਾਵਾ ਇਨਫੈਕਸ਼ਨ ਦੀ ਰੋਕਥਾਮ ਤੇ ਨਿਯੰਤਰਣ ਸਬੰਧੀ ਮਾਪਦੰਡਾਂ ਬਾਰੇ ਵੀ ਲੋਕਾਂ ਨੂੰ ਜਾਣੂ ਕਰਵਾਇਆ ਜਾਵੇਗਾ।

ਟੀ ਪੀ ਐਚ ਨੇ ਇਹ ਨਹੀਂ ਦੱਸਿਆ ਕਿ ਇਸ ਦੌਰਾਨ ਕਿੰਨੇ ਵਿਅਕਤੀ ਕਰੋਨਾਵਾਇਰਸ ਤੋਂ ਸੰਕ੍ਰਮਿਤ ਹੋਏ ਹਨ ਜਾਂ ਇਹ ਆਊਟਬ੍ਰੇਕ ਕਿਵੇਂ ਹੋਈ। ਇੱਥੇ ਦੱਸਣਾ ਬਣਦਾ ਹੈ ਕਿ ਕੌਮਾਂਤਰੀ ਫਲਾਈਟ ਰਾਹੀਂ ਕੈਨੇਡਾ ਆਉਣ ਵਾਲੇ ਲੋਕਾਂ ਨੂੰ ਇਹ ਹਦਾਇਤ ਹੈ ਕਿ ਉਨ੍ਹਾਂ ਨੂੰ ਸਰਕਾਰ ਵੱਲੋਂ ਨਿਰਧਾਰਤ ਹੋਟਲ ਵਿੱਚ ਕੁੱਝ ਦਿਨਾਂ ਲਈ ਰੁਕਣਾ ਹੁੰਦਾ ਹੈ। ਜਹਾਜ਼ ਲੈਂਡ ਕਰਨ ਤੋਂ ਬਾਅਦ ਕੀਤੇ ਗਏ ਕੌਮਾਂਤਰੀ ਟਰੈਵਲਰਜ਼ ਦੇ ਕੋਵਿਡ-19 ਟੈਸਟ ਦਾ ਜਦੋਂ ਤੱਕ ਰਿਜ਼ਲਟ ਨਹੀਂ ਆ ਜਾਂਦਾ ਉਦੋਂ ਤੱਕ ਇਹ ਫੌਰਮੈਲਿਟੀ ਪੂਰੀ ਕਰਨੀ ਪੈਂਦੀ ਹੈ। ਇਹ ਨਿਯਮ ਫਰਵਰੀ ਦੇ ਅੰਤ ਤੋਂ ਹੀ ਲਾਗੂ ਹੈ ਤੇ ਇਸ ਨੂੰ ਕੋਵਿਡ-19 ਦੇ ਪਸਾਰ ਨੂੰ ਰੋਕਣ ਲਈ ਲਿਆਂਦਾ ਗਿਆ। ਇਸ ਨਿਯਮ ਦੀ ਉਲੰਘਣਾਂ ਕਰਨ ਵਾਲੇ ਨੂੰ ਕੁਆਰਨਟੀਨ ਐਕਟ ਤਹਿਤ 3000 ਡਾਲਰ ਤੱਕ ਦਾ ਜੁਰਮਾਨਾ ਹੋ ਸਕਦਾ ਹੈ।

# ਪੀਲ ਰੀਜਨ ਨੇ ਲਾਂਚ ਕੀਤੀ ਕੋਵਿਡ-19 ਵੈਕਸੀਨ ਦੀ ਸਟੈਂਡ ਬਾਇ ਲਿਸਟ

ਟੋਰਾਂਟੋ, 6 ਮਈ (ਪੋਸਟ ਬਿਊਰੋ) : ਪੀਲ ਰੀਜਨ ਵੱਲੋਂ ਇੱਕ ਵੈਕਸੀਨ ਸਟੈਂਡ ਬਾਇ ਲਿਸਟ ਜਾਰੀ ਕੀਤੀ ਗਈ ਹੈ ਜਿਸ ਨਾਲ ਸਥਾਨਕ ਵਾਸੀਆ ਨੂੰ ਕੋਵਿਡ-19 ਕਲੀਨਿਕਸ ਵਿੱਚ ਬਚੀਆਂ ਹੋਈਆਂ ਡੋਜ਼ਾਂ ਲਵਾਉਣ ਦਾ ਮੌਕਾ ਮਿਲੇਗਾ।

ਸੋਮਵਾਰ ਸਵੇਰੇ ਜਾਰੀ ਕੀਤੀ ਗਈ ਨਿਊਜ਼ ਰਲੀਜ਼ ਵਿੱਚ ਅਧਿਕਾਰੀਆਂ ਨੇ ਦੱਸਿਆ ਕਿ ਉਹ ਇੱਕ ਹਫਤੇ ਵਿੱਚ 300 ਲੋਕਾਂ ਨੂੰ ਆਪਣਾ ਨਾਂ ਇਸ ਸਟੈਂਡ ਬਾਇ ਲਿਸਟ ਵਿੱਚ ਸ਼ਾਮਲ ਕਰਵਾਉਣ ਦੀ ਖੁੱਲ੍ਹ ਦੇਣਗੇ। ਇਸ ਰਲੀਜ਼ ਵਿੱਚ ਇਹ ਵੀ ਆਖਿਆ ਗਿਆ ਹੈ ਕਿ ਵੈਕਸੀਨੇਸ਼ਨ ਡੋਜ਼ਾਂ ਵੈਸੇ ਤਾਂ ਸਟੋਰੇਜ ਤੋਂ ਓਨੀਆਂ ਹੀ ਲਈਆਂ ਜਾਂਦੀਆਂ ਹਨ ਜਿੰਨੀਆਂ ਇੱਕ ਦਿਨ ਦੀਆਂ ਅਪੁਆਇੰਟਮੈਂਟਸ ਹੁੰਦੀਆਂ ਹਨ। ਪਰ ਹਰੇਕ ਦਿਨ ਦੇ ਖਤਮ ਹੋਣ ਉੱਤੇ ਕਿਸੇ ਵਿਅਕਤੀ ਵੱਲੋਂ ਕਲੀਨਿਕ ਉੱਤੇ ਨਾ ਆਉਣ ਕਾਰਨ



ਜਾਂ ਅਪੁਆਇੰਟਮੈਂਟ ਰੱਦ ਕਰਵਾਉਣ ਕਾਰਨ ਕੁੱਝ ਡੋਜ਼ਾਂ ਬਚੀਆਂ ਰਹਿ ਜਾਂਦੀਆਂ ਹਨ।

ਇਸ ਲਿਸਟ ਦਾ ਮਕਸਦ ਇਹ ਹੈ ਕਿ ਕੋਈ ਵੀ ਡੋਜ਼ ਬਰਬਾਦ ਨਾ ਹੋਵੇ। ਇਸ ਸਟੈਂਡ ਬਾਇ ਲਿਸਟ ਵਿੱਚ ਉਹੀ ਲੋਕ ਆਪਣਾ ਨਾਂ ਦਰਜ ਕਰਵਾ ਸਕਦੇ ਹਨ ਜਿਹੜੇ ਕੋਵਿਡ-19 ਵੈਕਸੀਨ ਦੀ ਪਹਿਲੀ ਡੋਜ਼ ਲਈ ਇਸ ਸਮੇਂ ਯੋਗ ਹਨ। ਅਧਿਕਾਰੀਆਂ ਨੇ ਆਖਿਆ ਕਿ ਅਜਿਹੇ ਰੈਜ਼ੀਡੈਂਟਸ ਨੂੰ ਕਾਲ ਕੀਤੇ ਜਾਣ ਤੋਂ 15 ਤੇ 30 ਮਿੰਟ ਦੇ ਅੰਦਰ ਅੰਦਰ ਪਹੁੰਚਣ ਲਈ ਤਿਆਰ ਰਹਿਣਾ ਹੋਵੇਗਾ। ਇਹ ਲਿਸਟ ਹਰ ਐਤਵਾਰ ਨੂੰ ਰਾਤੀਂ 11:59 ਉੱਤੇ ਕਲੀਅਰ ਕਰ ਦਿੱਤੀ ਜਾਵੇਗੀ ਤੇ ਉਸ ਸਮੇਂ ਰੈਜ਼ੀਡੈਂਟਸ ਮੁੜ ਇਸ ਲਿਸਟ ਵਿੱਚ ਆਪਣਾ ਨਾਂ ਦਰਜ ਕਰਵਾਉਣ ਦੀ ਕੋਸ਼ਿਸ਼ ਕਰ ਸਕਦੇ ਹਨ।

ਅਧਿਕਾਰੀਆਂ ਨੇ ਦੱਸਿਆ ਕਿ ਸਟੈਂਡ ਬਾਇ ਲਿਸਟ ਵਿੱਚ ਜਿਨ੍ਹਾਂ ਲੋਕਾਂ ਦੇ ਨਾਂ ਸ਼ਾਮਲ ਹੋਣਗੇ ਉਹ ਅਜੇ ਵੀ ਪ੍ਰੋਵਿੰਸ਼ੀਅਲ ਬੁਕਿੰਗ ਸਿਸਟਮ ਰਾਹੀਂ ਅਪੁਆਇੰਟਮੈਂਟ ਬੁੱਕ ਕਰਵਾ ਸਕਣਗੇ ਕਿਉਂਕਿ ਇਸ ਗੱਲ ਦੀ ਕੋਈ ਗਰੰਟੀ ਨਹੀਂ ਹੈ ਕਿ ਉਨ੍ਹਾਂ ਨੂੰ ਸ਼ੌਟ ਲੱਗੇ।

# 18+ ਦੀ ਵੈਕਸੀਨੇਸ਼ਨ ਕਰਨ ਤੋਂ ਯੌਰਕ ਰੀਜਨ ਨੇ ਕੀਤਾ ਇਨਕਾਰ

ਓਨਟਾਰੀਓ, 6 ਮਈ (ਪੋਸਟ ਬਿਊਰੋ) : ਓਨਟਾਰੀਓ ਵੱਲੋਂ ਸਾਰੇ ਬਾਲਗਾਂ ਲਈ ਵੈਕਸੀਨੇਸ਼ਨ ਸ਼ੁਰੂ ਕੀਤੇ ਜਾਣ ਦੇ ਦਾਅਵਿਆਂ ਦੀ ਉਸ ਸਮੇਂ ਹਵਾ ਨਿਕਲ ਗਈ ਜਦੋਂ ਯੌਰਕ ਰੀਜਨ ਵੱਲੋਂ ਇਹ ਆਖ ਕੇ ਹੱਥ ਖੜ੍ਹੇ ਕਰ ਦਿੱਤੇ ਗਏ ਕਿ ਉਨ੍ਹਾਂ ਕੋਲ ਇਸ ਉਮਰ ਵਰਗ ਵਾਲੀ ਤਬਦੀਲੀ ਲਈ ਲੋੜੀਂਦੀ ਸਪਲਾਈ ਹੀ ਨਹੀਂ ਹੈ।

ਵੈਕਸੀਨ ਦੀ ਘਾਟ ਕਾਰਨ ਹੀ ਸੋਮਵਾਰ ਨੂੰ ਕੈਨੇਡਾਜ਼ ਵੰਡਰਲੈਂਡ, ਜਾਰਜੀਨਾ ਆਈਸ ਪੈਲੇਸ ਤੇ ਰਿਚਮੰਡ ਗ੍ਰੀਨ ਨੂੰ ਵੈਕਸੀਨ ਦੀ ਘਾਟ ਕਾਰਨ ਬੰਦ ਕਰ ਦਿੱਤਾ ਗਿਆ। ਆਪਣੇ ਬੁਕਿੰਗ ਸਿਸਟਮ ਦੀ ਵਰਤੋਂ ਕਰਨ ਵਾਲੇ ਯੌਰਕ ਰੀਜਨ ਨੇ ਆਖਿਆ ਕਿ ਉਨ੍ਹਾਂ ਵੱਲੋਂ ਵੱਧ ਤਰਜੀਹ ਵਾਲੀਆਂ ਕਮਿਊਨਿਟੀਜ਼ ਦੇ 18 ਤੇ 34 ਸਾਲ ਦਰਮਿਆਨ ਉਮਰ ਵਰਗ ਦੇ ਲੋਕਾਂ ਜਾਂ 50 ਤੋਂ 59 ਸਾਲ ਉਮਰ ਵਰਗ ਦੇ ਲੋਕਾਂ ਦੀ ਵੈਕਸੀਨੇਸ਼ਨ ਲਈ ਬੁਕਿੰਗ ਨਹੀਂ ਕੀਤੀ ਜਾਵੇਗੀ। ਹਾਲਾਂਕਿ ਰੀਜਨ ਦਾ ਕਹਿਣਾ ਹੈ ਕਿ ਇਹ ਗਰੁੱਪ ਪ੍ਰੋਵਿੰਸ਼ੀਅਲ ਬੁਕਿੰਗ ਸਿਸਟਮ ਦੀ ਵਰਤੋਂ ਕਰਕੇ ਅਪੁਆਇੰਟਮੈਂਟ ਬੁੱਕ ਕਰਵਾ ਸਕਦੇ ਹਨ।




# ਓਨਟਾਰੀਓ ਵਿੱਚ 114 ਹੌਟ ਸਪੌਟਸ ਉੱਤੇ 18+ ਅੱਜ ਤੋਂ ਕਰਵਾ ਸਕਣਗੇ ਕੋਵਿਡ-19 ਵੈਕਸੀਨ ਲਈ ਬੁਕਿੰਗ

ਟੋਰਾਂਟੋ, 6 ਮਈ (ਪੋਸਟ ਬਿਊਰੋ) : ਓਨਟਾਰੀਓ ਵਿੱਚ ਪ੍ਰੋਵਿੰਸ ਦੇ 114 ਕੋਵਿਡ-19 ਹੌਟ ਸਪੌਟਸ ਵਿੱਚ ਰਹਿਣ ਵਾਲੇ 18 ਸਾਲ ਤੇ ਇਸ ਤੋਂ ਵੱਧ ਉਮਰ ਦੇ ਲੋਕ ਹੁਣ ਅੱਜ ਤੋਂ ਕੋਵਿਡ-19 ਵੈਕਸੀਨ ਲਈ ਬੁਕਿੰਗ ਕਰਵਾ ਸਕਦੇ ਹਨ।

ਸਰਕਾਰ ਨੇ ਦੱਸਿਆ ਕਿ ਸਵੇਰੇ 8:00 ਵਜੇ ਤੋਂ, ਜੋ ਕੋਈ ਵੀ ਹੌਟ ਸਪੌਟ ਵਾਲੇ ਇਲਾਕੇ ਵਿੱਚ ਰਹਿੰਦਾ ਹੈ ਉਹ ਕੋਵਿਡ-19 ਵੈਕਸੀਨ ਅਪੁਆਇੰਟਮੈਂਟ ਬੁੱਕ ਕਰਵਾਉਣ ਦੇ ਯੋਗ ਹੋਵੇਗਾ। ਇਹ ਬੁਕਿੰਗ ਪ੍ਰੋਵਿੰਸ ਦੇ ਆਨਲਾਈਨ ਬੁਕਿੰਗ ਸਿਸਟਮ ਜਾਂ ਸਿੱਧੇ ਤੌਰ ਉੱਤੇ ਪਬਲਿਕ ਹੈਲਥ ਯੂਨਿਟਸ ਰਾਹੀਂ ਕੀਤੀ ਜਾਵੇਗੀ। ਅਗਲੇ ਦੋ ਹਫਤਿਆਂ ਲਈ ਓਨਟਾਰੀਓ ਕੋਵਿਡ-19 ਦੇ ਪਸਾਰ ਨੂੰ ਠੱਲ੍ਹ ਪਾਉਣ ਲਈ



50 ਫੀ ਸਦੀ ਵੈਕਸੀਨ ਸਪਲਾਈ ਹੌਟ ਸਪੌਟਸ ਉੱਤੇ ਭੇਜੇਗਾ।

ਸਿਹਤ ਮੰਤਰੀ ਕ੍ਰਿਸਟੀਨ ਐਲੀਅਟ ਨੇ ਆਖਿਆ ਕਿ ਕੋਵਿਡ-19 ਤੋਂ ਸੱਭ ਤੋਂ ਵੱਧ ਪ੍ਰਭਾਵਿਤ ਕਮਿਊਨਿਟੀਜ਼ ਤੱਕ ਕੋਵਿਡ-19 ਵੈਕਸੀਨਜ਼ ਤੇਜ਼ੀ ਨਾਲ ਪਹੁੰਚਾਉਣ ਲਈ ਇਹ ਫੈਸਲਾ ਲਿਆ ਗਿਆ ਹੈ।

ਉਨ੍ਹਾਂ ਅੱਗੇ ਆਖਿਆ ਕਿ ਇਸ ਸਮੇਂ ਜਿਨ੍ਹਾਂ ਨੂੰ ਸੱਭ ਤੋਂ ਵੱਧ ਖਤਰਾ ਹੈ ਉਨ੍ਹਾਂ ਨੂੰ ਵੈਕਸੀਨੇਟ ਕਰਕੇ ਅਸੀਂ ਕੋਵਿਡ-19 ਦੇ ਪਸਾਰ ਨੂੰ ਰੋਕ ਸਕਦੇ ਹਾਂ, ਆਪਣੇ ਹਸਪਤਾਲਾਂ ਵਿੱਚ ਦਿਨੋਂ ਦਿਨ ਵਧ ਰਹੇ ਮਾਮਲਿਆਂ ਨੂੰ ਠੱਲ੍ਹ ਪਾ ਸਕਦੇ ਹਾਂ ਤੇ ਕਈ ਕੀਮਤੀ ਜਾਨਾਂ ਬਚਾਅ ਸਕਦੇ ਹਾਂ।

6 ਮਈ ਤੋਂ ਸ਼ੁਰੂ ਕਰਕੇ ਓਨਟਾਰੀਓ ਹੋਰਨਾਂ ਲੋਕਾਂ ਨੂੰ ਵੀ ਵੈਕਸੀਨੇਟ ਕਰਨ ਦੇ ਪ੍ਰੋਗਰਾਮ ਵਿੱਚ ਸ਼ਾਮਲ ਕਰੇਗਾ। ਵੀਰਵਾਰ ਨੂੰ ਸਵੇਰੇ 8:00 ਵਜੇ ਤੋਂ ਹੇਠ ਲਿਖੇ ਲੋਕ ਆਪਣੀ ਬੁਕਿੰਗ ਕਰਵਾ ਸਕਦੇ ਹਨ :

- 2021 ਵਿੱਚ 50 ਸਾਲ ਤੇ ਇਸ ਤੋਂ ਵੱਧ ਦੇ ਹੋਣ ਜਾ ਰਹੇ ਵਿਅਕਤੀ
- ਅਜਿਹੇ ਵਿਅਕਤੀ ਜਿਨ੍ਹਾਂ ਦੀ ਸਿਹਤ ਬਹੁਤੀ ਠੀਕ ਨਹੀਂ ਰਹਿੰਦੀ ਤੇ ਜਿਹੜੇ ਹਾਈ ਰਿਸਕ ਹੁੰਦੇ ਹਨ
- ਅਜਿਹੇ ਲੋਕ ਜਿਹੜੇ ਘਰ ਤੋਂ ਕੰਮ ਨਹੀਂ ਕਰ ਸਕਦੇ ਤੇ ਜਿਹੜੇ ਗਰੁੱਪ ਵੰਨ (ਇਨ੍ਹਾਂ ਵਿੱਚ ਬਾਕੀ ਰਹਿੰਦੇ ਐਲੀਮੈਂਟਰੀ ਤੇ ਸੈਕੰਡਰੀ ਸਕੂਲ ਟੀਚਰ ਵੀ ਸ਼ਾਮਲ ਹਨ) ਵਿੱਚ ਆਉਂਦੇ ਹਨ
- ਫਰਸਟ ਨੇਸ਼ਨਜ਼, ਇਨੁਇਟ ਤੇ ਮੈਟਿਸ ਲੋਕ ਵੀ ਹੋਰਨਾਂ ਚੈਨਲਜ਼ ਤੋਂ ਇਲਾਵਾ ਇਸ ਰਸਤੇ ਆਪਣੀ ਅਪੁਆਇੰਟਮੈਂਟ ਬੁੱਕ ਕਰਵਾ ਸਕਦੇ ਹਨ

ਮਈ ਦੇ ਅੰਤ ਤੱਕ ਓਨਟਾਰੀਓ ਸਰਕਾਰ ਵੱਲੋਂ 18 ਸਾਲ ਤੋਂ ਉੱਪਰ ਉਮਰ ਦੇ ਸਾਰੇ ਓਨਟਾਰੀਓ ਵਾਸੀਆਂ ਲਈ ਟੀਕਾਕਰਣ ਸ਼ੁਰੂ ਕੀਤੇ ਜਾਣ ਦੀ ਉਮੀਦ ਹੈ।


ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 31 ਸਾਲਾ ਤਜਰਬੇ ਵਾਲੇ

ਅਵਤਾਰ ਸਿੰਘ ਟਿਵਾਣਾ

- Free Evaluation of your Property
- Special Packages for First Time Buyer
- Arrangement of Low Mortgage rate Lawyer
- Arrangement of Home Inspection

Avtar Singh Tiwana
Sales Representative

Tel: 905.793.5777
416.802.5866

31 Melanie Dr. Unit #4 Brampton, ON L6T 5H8






CASTLEMORE/GOREWAY

ਬਰੈਂਪਟਨ ਵਿਚ ਬਹੁਤ ਹੀ ਸੋਹਣਾ ਅਤੇ ਸਾਫ਼ ਸੁਥਰਾ 3500-5000 ਵਰਗ ਦਾ 4 ਬੈੱਡਰੂਮ ਅਤੇ 5 ਵਾਸ਼ਰੂਮ ਦਾ ਘਰ, ਫਿਨਿਸ਼ਡ ਬੇਸਮੈਂਟ ਵਿਚ ਕਿਚਨ ਅਤੇ ਸੈਪਰੇਟ ਐਂਟਰੈਂਸ, ਮੇਨ ਫਲੋਰ 'ਤੇ 9 ਫੁੱਟ ਦੀ ਸੀਲਿੰਗ,ਫਾਰਮਲ ਲਿਵਿੰਗ, ਡਾਇਨਿੰਗ ਅਤੇ ਫੈਮਿਲੀ ਰੂਮ, ਮੇਨ ਫਲੋਰ ਤੇ ਡੇਨ, ਅਪਗ੍ਰੇਡ ਕਿਚਨ ਅਤੇ ਗਰੇਨਾਈਟ ਕਾਊਂਟਰ ਟਾਪ, 2 ਫਰਿਜ, 2 ਸਟੋਵ, 1 ਡਿਸ਼ਵਾਸ਼ਰ, ਕੱਪੜੇ ਧੋਣ ਲਈ ਮੇਨ ਫਲੋਰ 'ਤੇ ਵਾਸ਼ਰ ਅਤੇ ਡਰਾਈਅਰ, 4 ਕਾਰ ਪਾਰਕਿੰਗ ਨਾਲ ਡਬਲ ਡੋਰ ਗਰਾਜ। ਸਾਰੀਆਂ ਸਹੂਲਤਾਂ ਦੇ ਨੇੜੇ




COTTRELLE/HWY50

ਲਗਭਗ 3500 ਵਰਗ ਫੁੱਟ ਵਿਚ ਬਣਿਆ4+2 ਬੈੱਡਰੂਮ ਅਤੇ 5 ਵਾਸ਼ਰੂਮ, 10 ਫੁੱਟ ਸੀਲਿੰਗ, 2 ਬੈੱਡਰੂਮ ਦੀ ਫਿਨਿਸ਼ਿਡ ਵਾਕਆਊਟ ਬੇਸਮੈਂਟ 9 ਫੁੱਟ ਦੀ ਸੀਲਿੰਗ ਨਾਲ, ਵੱਖਰੀ ਲਾਊਂਡਰੀ, ਬਿਲਟ ਇਨ ਅਪਲਾਈਂਸਸ ਅਪਗ੍ਰੇਡ ਕਿਚਨ, ਗਰੇਨਾਈਟ ਕਾਊਂਟਰ, ਸੈਂਟਰ ਆਈਲੈਂਡ, ਗਰੇਨਾਈਨ ਬੈਕ ਸਪਲੈਸ਼,ਬਹੁਤ ਸਾਰੀਆਂ ਪੋਟ ਲਾਈਟਾਂ, ਓਕਸਟੇਅਰ ਕੇਸ, 4 ਕਾਰ ਪਾਰਕਿੰਗ ਨਾਲ ਡਬਲ ਡੋਰ ਗਰਾਜ




SANDALWOOD/BRAMALEA

ਬਹੁਤ ਹੀ ਖੂਬਸੂਰਤ ਘਰ, ਤਾਜ਼ੇ ਰੰਗ ਨਾਲ ਪੇਂਟ ਕੀਤੇ। ਸਾਰੇ ਘਰ ਵਿਚ ਹਾਰਡਵੁਡ ਫਲੋਰ। 4 ਸ਼ਾਨਦਾਰ ਬੈਡਰੂਮ, 2 ਮਾਸਟਰ ਨਾਲ 4 ਪੀਸ ਐਨਸੁਇਟਸ ਅਤੇ ਵਾਕ ਈਨ ਕਲਾਜ਼ਟ। ਓਪਨ ਕੰਸੈਪਟ ਕਿਚਨ ਏਰੀਆ ਓਵਰਲੋਕਿੰਗ ਬੈਕਯਾਰਡ। ਵੱਖਰਾ ਡਾਇਨਿੰਗ ਰੂਮ। ਮੇਨ ਫਲੋਰ ਲਿਵਿੰਗ ਅਤੇ ਫੈਮਲੀ ਰੂਮ। ਫਿਨੀਸ਼ਡ ਬੇਸਮੈਂਟ 2 4ਪੀ ਸੀ ਵਾਸ਼ਰੂਮ। ਸੇਪਰੇਟ ਐਨਟਰੈਂਸ। 6 ਡਰਾਈਵੇ ਪਾਰਕਿੰਗ +2 ਕਾਰ ਗਰਾਜ



Steinmetz & Associates
PERSONAL INJURY LAWYERS



Harry Steinmetz
Certified as Specialist by the Law Society of Ontario in Civil Litigation
(with over 27yrs. of experience)



BOBBY SIDHU
partner
(Serving the Community for Over 16 yrs.)

ਕੀ ਐਕਸੀਡੈਂਟ ਵਿੱਚ ਤੁਹਾਡੇ ਸੱਟ ਲੱਗ ਗਈ ਹੈ?

ਮੁੱਫਤ ਸਲਾਹ ▪ ਫੀਸ ਸੈਟਲਮੈਂਟ ਹੋਣ ਤੋ ਬਾਅਦ

ਜੇਕਰ ਤੁਹਾਡਾ ਕਸੂਰ ਹੈ ਜਾਂ ਨਹੀਂ, ਚਾਹੇ ਤੁਸੀਂ ਕੰਮ ਕਰਦੇ ਹੋ ਜਾਂ ਨਹੀਂ, ਚਾਹੇ ਤੁਸੀਂ Housewife ਹੋ, Student ਹੋ, Pedestrian ਹੋ, Cycliust ਹੋ, ਐਕਸੀਡੈਂਟ ਵਿਚ ਸੱਟ ਲੱਗਣ ਦੀ ਸੂਰਤ ਵਿਚ ਤੁਸੀਂ ਕਈ ਬੈਨੀਫਿਟਸ ਦੇ ਹੱਕਦਾਰ ਹੋ ਸਕਦੇ ਹੋ। ਜੇਕਰ ਤੁਹਾਡੀ ਗਲਤੀ ਨਹੀਂ ਹੈ ਤਾਂ ਤੁਸੀਂ Pain & Suffering ਸਮੇਤ ਕਈ ਮਿਲੀਅਨ ਡਾਲਰ ਦੇ ਕਲੇਮ ਦੇ ਹੱਕਦਾਰ ਹੋ ਸਕਦੇ ਹੋ।

ਹੁਣ ਤੱਕ ਅਸੀਂ ਆਪਣੇ Clients ਨੂੰ ਕਈ ਮਿਲੀਅਨ ਤੱਕ ਦੇ ਕਲੇਮ ਦੁਆ ਚੁੱਕੇ ਹਾਂ।
ਜੇਕਰ ਤੁਸੀਂ ਆਪਣੀਆਂ ਮੌਜੂਦਾ ਕਾਨੂੰਨੀ ਸੇਵਾਵਾਂ ਤੋਂ ਸੰਤੁਸ਼ਟ ਨਹੀਂ ਹੋ ਤਾਂ ਅਸੀਂ ਤੁਹਾਡੀ ਸੇਵਾ ਲਈ ਹਾਜਰ ਹਾਂ।

If you are hurt in Auto Accident, Slip & Fall or you have long Term Disability Claims
Protect yourself, Protect your family, Know your rights.
For exceptional service, benefits you are entitled to and a settlement you deserve, call the name you trust

You only pay upon settlement

GURSHARAN BOBBY SIDHU
647.539.3020

1450 Meyerside Drive, Suite 308, Mississauga
2 OFFICES TO SERVE YOU
55 St. Clair Ave., West, Toronto

email: bsidhu@steinmetzlawyers.ca website: www.steinmetzlawyers.ca

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Call for Free Estimates
A-1 RENOVATION GTA INC
416-456-1462
OVER 15 YEARS OF SERVICE
Professionals in Completing Basements within 3 Weeks
info@a1renovationgta.com
www.a1renovationgta.com
Services: • Complete Basement • Tiles • Bathrooms • Plumbing • Laminate • Hardwood Floor • Painting
A-1 RENOVATION GTA INC.
22 Listcreek Road, Brampton L6p 2n6

PESTAGON Ltd
PEST CONTROL SERVICES
* RESIDENTIAL * COMMERCIAL
LICENCED BY GOVERNMENT
INSURED & BONDED
EVERY SERVICE
WITH WARRANTY
SERVING GTA
CALL: 416-822-2590
Ants, Wasp, Centepede, Fleas, Bed Bugs

WWW.KULWINDERCHHINA.COM



KULWINDERCHHINA
BROKER
647.293.2327

ਨਿਊ-ਵੇ
NU WAY TOUR & TRAVELS INC.
ਸਸਤੀਆਂ ਹਵਾਈ ਟਿਕਟਾ ਅਤੇ ਭਰੋਸੇਯੋਗ ਸੇਵਾਵਾਂ ਲੈਣ ਲਈ ਨਿਊ-ਵੇ ਨੂੰ ਕਾਲ ਕਰੋ
AIR TICKETS | CRUISES | VACATIONS | TRAVEL INSURANCE
International & Domestic Air Tickets
• Cheapest Air Fares
• Price Match Guaranteed
• 24/7 Emergency Services
• Reliable & Excellent Customer Service
• 100% Customer Satisfaction
Travel Worry Free With Insurance
• Super Visa Insurance
• Visitor to Canada
• Trip Cancellation
• Trip Interruption
Manulife



Call Us For Guaranteed Lowest Airfare
ANY Airline Time Destination
Around the World
7015 Tranmere Dr. Unit- 8, Mississauga, ON L5S 1T7
Tel: 905 362 0937 | Fax: 1 855 897 0900
www.nuwaytravels.com
E-mail- info@nuwaytravels.com



Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5''8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੇਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਗਰੇਵਾਲ ਲੜਕਾ, 1994, ਕੱਦ 6'2'', ਜੋ ਕਿ ਆਸਟ੍ਰੇਲੀਆ 'ਚ ਸਟੱਡੀ ਵੀਜ਼ੇ 'ਤੇ ਰਹਿ ਰਿਹਾ ਹੈ, ਲਈ ਕੈਨੇਡਾ ਤੋਂ ਲੜਕੀ ਦੀ ਲੋੜ ਹੈ। ਲੜਕੇ ਦੀ ਇਕ ਭੈਣ ਕੈਨੈਡਾ (ਟੋਰਾਂਟੋ) ਤੇ ਦੂਸਰੀ ਭੈਣ ਆਸਟ੍ਰੇਲੀਆ 'ਚ ਸੈਟਲਡ ਹੈ। ਲੜਕੇ ਦੇ ਮਾਤਾ ਜੀ ਸੁਪਰ ਵੀਜ਼ੇ 'ਤੇ ਕੈਨੇਡਾ ਆਏ ਹੋਏ ਹਨ। ਸੰਪਰਕ:-647-772-6650, ਵਟਸ ਐਪ ਨੰਬਰ:- 99156-62207

Match for Handsome Jat Sikh boy 40/5'10"(Issueless divorce), B.Tech, M.S (USA) Working in MNC as Senior Software Engineer in the USA. Family of Doctors and Engineers. Please respond with recent pics. Email match52020@gmail.com, Whats-app: +91-9815787350

ਕੈਨੇਡਾ ਵਿੱਚ ਵੈੱਲ ਸੈਟਲਡ, ਵਿੰਨੀਪੈਗ ਰਹਿ ਰਹੇ ਕੈਨੇਡਾ ਤੋਂ ਐਮਬੀਏ ਦੀ ਡਿਗਰੀ ਪ੍ਰਾਪਤ ਗੁਲਾਟੀ ਪਰਿਵਾਰ ਦੇ 29 ਸਾਲਾ ਲੜਕੇ, ਕੱਦ 6 ਫੁੱਟ 3 ਇੰਚ ਲਈ ਲੰਮੀਂ ਉੱਚੀ ਤੇ ਪੜ੍ਹੀ ਲਿਖੀ ਯੋਗ ਕੰਨਿਆ ਦੀ ਜ਼ਰੂਰਤ ਹੈ। ਤਰਨਤਾਰਨ ਵਿੱਚ ਪਰਿਵਾਰ ਦਾ ਜਿਊਲਰੀ ਦਾ ਕਾਰੋਬਾਰ ਹੈ। ਸੰਪਰਕ: 9815908662, 9815032106,416-817-4684.

ਜੱਟ ਸਿੱਖ ਧਨੋਆ ਲੜਕਾ, ਉਮਰ 27 ਸਾਲ ਕੱਦ 5'11'' ਮਿਕੈਨੀਕਲ ਇੰਜਨੀਅਰ ਅੰਮ੍ਰਿਤਧਾਰੀ ਵਿਜ਼ਿਟਰ ਵੀਜ਼ੇ ਉਤੇ ਆਏ, ਲਈ PR/Citizen/Studentਲੜਕੀ ਦੀ ਲੋੜ ਹੈ। ਲੜਕਾ ਆਪਣੇ ਮਾਮਾ-ਮਾਮੀ ਕੋਲ ਰਹਿ ਰਿਹਾ ਹੈ। ਤਲਾਕਸੁਦਾ ਉਤੇ ਵੀ ਗੌਰ ਕੀਤੀ ਜਾ ਸਕਦੀ ਹੈ। (Studentਦਾ ਖਰਚਾ ਵੀ ਕਰ ਸਕਦੇ ਹਾਂ) ਲੜਕੇ ਦਾ ਭਰਾ ਆਸਟ੍ਰੇਲੀਆ ਰਹਿ ਰਿਹਾ ਹੈ। ਸੰਪਰਕ: 416-708-4100

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5'10'', Dentist, MBAਆਸਟਰੇਲੀਆ ਵਿੱਚ ਵੱਰਕ ਪਰਮਿਟ ਤੇ ਰਹਿੰਦੇ ਲੜਕੇ ਲਈ ਵਧੀਆ ਪੜ੍ਹੀ-ਲਿਖੀ ਲੜਕੀ ਦੀ ਲੋੜ ਹੈ। ਵਧੇਰੀ ਜਾਣਕਾਰੀ ਲਈ ਸੰਪਰਕ ਕਰੋ :647-280-6503 । +91-98142-02918 (Whatsapp)

Seeking a suitable match for their son, never married, 43 years, 6' tall, fair, Ramdasia Gursikh, Amritdhari, Canadian citizen. Father class 1 retied officer and well settled family. Serious queries please respond on email sukhi_cancer@yahoo.com or call 416-721-5191 or 647-308-4411(contact after 5 pm)

Check our Free E-paper at:
www.canadianpunjabipost.ca
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202
ਪੰਜਾਬੀ ਪੋਸਟ

## ਲੜਕੀ ਦੀ ਲੋੜ

ਕੈਨੇਡਾ ਵਿਚ ਵੈੱਲ ਸੈਟਲਡ ਪੀ.ਆਰ. ਲੜਕਾ, ਟਰੱਕਿੰਗ ਇੰਡਸਟਰੀ ਵਿਚ ਵਧੀਆ ਨੌਕਰੀ ਕਰ ਰਿਹਾ, ਉਮਰ 30 ਸਾਲ, ਕੱਦ 5'9'' ਲਈ ਕੈਨੇਡੀਅਨ ਪੀ.ਆਰ./ਸਿਟੀਜਨ, ਵਰਕ ਪਰਮਿਟ ਜਾਂ ਆਪਣੇ ਪਰਿਵਾਰ ਨਾਲ ਰਹਿ ਰਹੀ ਲੜਕੀ ਦੀ ਲੋੜ ਹੈ। ਲੜਕੇ ਦੀ ਭੇਣ ਕੈਨੇਡਾ ਵਿਚ ਆਪਣੇ ਪਰਿਵਾਰ ਨਾਲ ਰਹਿੰਦੀ ਹੈ। ਸੰਪਰਕ: 647-608-4013

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

ਵੈੱਲ ਸੈਟਲਡ ਪੰਜਾਬੀ ਅਰੋੜਾ ਪਰਿਵਾਰ ਦਾ ਪੀ.ਆਰ. ਲੜਕਾ, ਉਮਰ 34 ਸਾਲ, ਕੱਦ 6 ਫੁੱਟ, ਐਮ ਕੌਮ, ਐਲ.ਐਲ.ਬੀ., ਜੋ ਕਿ ਕਦੇ ਸਿਗਰਟ ਨਹੀਂ ਪੀਂਦਾ, ਸ਼ਾਕਾਹਾਰੀ, ਜਿਸਦਾ ਕਿ ਵਿਆਹ ਦੇ ਥੋੜੇ ਸਮੇਂ ਬਾਅਦ ਹੀ ਕਾਨੂੰਨੀ ਤੌਰ ਉਤੇ ਤਲਾਕ ਹੋ ਚੁੱਕਾ ਹੈ। ਨੋ ਰਿਲੇਸ਼ਨਸ਼ਿਪ, ਲੜਕਾ ਲੀਡਿੰਗ ਕੈਨੇਡੀਅਨ ਬੈਂਕ ਵਿਚ ਅਫਸਰ ਦੇ ਤੌਰ ਉਤੇ ਕੰਮ ਕਰ ਰਿਹਾ ਹੈ, ਲਈ ਪੜ੍ਹੀ ਲਿਖੀ ਕੈਨੇਡਾ/ਅਮਰੀਕਾ ਵਿਚ ਰਹਿੰਦੇ ਪਰਿਵਾਰ ਦੀ ਜੰਮਪਲ ਪਰਿਵਾਰਕ ਲੜਕੀ ਜਾਂ ਨਿਊ ਇਮੀਗ੍ਰਾਂਟ, ਪੀ.ਆਰ., ਸਟੂਡੈਂਟ, ਵਰਕ ਪਰਮਿਟ ਉਤੇ ਕੰਮ ਕਰ ਰਹੀ ਲੜਕੀ ਦੀ ਲੋੜ ਹੈ। ਬਹੁਤ ਘੱਟ ਸਮੇਂ ਲਈ ਵਿਆਹੀ ਜਾਂ ਕੁਆਰੀ ਲੜਕੀ ਨੂੰ ਪਹਿਲ। ਬਾਇਓਡਾਟਾ, ਫੋਟੋ ਜਾਂ ਵਟਸਐਪ ਕਾਲ ਕਰਨ ਲਈ ਸੰਪਰਕ: +1 9734209701 ਜਾਂ ਈਮੇਲ- ssjuneja@gmail.com

* ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 4 ਇੰਚ ਲਈ ਪਰਿਵਾਰਕ ਲੜਕੀ ਦੀ ਲੋੜ ਹੈ। ਲੜਕਾ ਪਿਛਲੇ 6 ਸਾਲਾਂ ਤੋਂ ਕੁਕਿੰਗ ਦਾ ਕੰਮ ਕਰਦਾ ਹੈ ਤੇ ਕੈਨੇਡਾ ਵਿਚ ਵਿਜ਼ਿਟਰ ਵੀਜ਼ੇ ਉਤੇ ਕੈਂਬਰਿਜ ਗੁਰਦੁਆਰਾ ਸਾਹਿਬ ਵਿਖੇ ਕੁੱਕ ਦੀ ਸੇਵਾ ਕਰਦਾ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:- 647-852-7532 ਅਤੇ 647-637-4035

* ਹਿੰਦੂ ਖਤਰੀ ਲੜਕਾ, ਕੱਦ 5'8'', ਉੱਮਰ 28 ਸਾਲ, ਰੰਗ ਸਾਫ, ਯੋਗਤਾ ਬੈਚਲਰ ਇਨ ਹੋਸਪੀਟੈਲਟੀ ਮਨੇਜਮੈਂਟ। ਓਬਰਾਏ, ਤਾਜ ਵਰਗੇ ਚੰਗੀ ਕੰਪਨੀਆਂ ਵਿੱਚ 8 ਸਾਲ ਕੰਮ ਦਾ ਤਜ਼ਰਬਾ ਅਤੇ ਇੰਡੀਆ ਵਿੱਚ ਚੰਗੀ ਜੋਬ ਕਰਦੇ ਲੜਕੇ ਲਈ ਕੈਨੇਡੀਅਨ ਪੀ ਆਰ ਜਾਂ ਵਰਕ ਪਰਮਟ ਹੋਲਡਰ ਲੜਕੀ ਦੀ ਲੋੜ ਹੈ। ਪੰਜਾਬ ਭਾਖੜਾ ਨੰਗਲ ਨਾਲ ਸੰਬੰਧ ਰੱਖਦੇ ਹਨ। ਵਧੇਰੀ ਜਾਣਕਾਰੀ ਲਈ ਕਾਲ ਜਾਂ ਵਟਸਐਪ ਕਰੋ:+91-94173-58712

* ਸੁੰਨਿਆਰਾ ਲੜਕਾ, ਉੱਮਰ 25 ਸਾਲ, ਕੱਦ 5'8'', ਕੈਨੇਡੀਅਨ ਸਿਟੀਜ਼ਨ, ਵੈਲ ਸੇਟਲਡ, ਆਪਣਾ ਕਾਰੋਬਾਰ ਲਈ ਕੈਨੇਡੀਅਨ/ਅਮਰੀਕਨ ਸਿਟੀਜਨ ਜਾਂ ਪੀ ਆਰ ਲੜਕੀ ਦੀ ਲੋੜ ਹੈ। ਸਟੂਡੈਂਟ ਜਾਂ ਵਰਕ ਪਰਮਟ ਹੋਲਡਰ ਵੀ ਸੰਪਰਕ ਕਰ ਸਕਦੇ ਹਨ। ਕਿਰਪਾ ਕਰਕੇ ਆਪਣੇ ਬਰਾਦਰੀ ਵਾਲੇ ਹੀ ਸੰਪਰਕ ਕਰਨ। ਕਾਲ : 647-739-3600 ।

* ਅਰੋੜਾ ਸਿਖ ਲੜਕਾ, ਉੱਮਰ 36 ਸਾਲ, ਕੱਦ 5'11',ਕੇਨੈਡਾ ਵਿੱਚ ਵਰਕ ਪਰਮਿਟ ਤੇ ਰਹਿ ਰਿਹਾ ਅਤੇ ਚੰਗੀ ਜੋਬ ਕਰ ਰਹੇ ਲੜਕੇ ਲਈ ਘਰੇਲੂ ਅਤੇ ਪੀ ਆਰ/ ਵਰਕ ਪਰਮਿਟ ਲੜਕੀ ਦੀ ਲੋੜ ਹੈ। ਕਿਰਪਾ 30 ਤੋ ਵੱਧ ਉਮਰ ਦੀਆਂ ਲੜਕੀਆਂ ਹੀ ਸੰਪਰਕ ਕਰਨ। ਸਟੂਡੈਂਟ ਵੀ ਸੰਪਰਕ ਕਰ ਸਕਦੇ ਹਨ। ਵਧੇਰੀ ਜਾਣਕਾਰੀ ਲਈ ਸੰਪਰਕ ਕਰੋ: 431-998-8022

* ਜੱਟ ਸਿਖ ਲੜਕਾ, ਉੱਮਰ 27 ਸਾਲ, ਕੱਦ 5'11'', ਕੈਨੇਡਾ ਵਿੱਚ ਪੀ ਆਰ ਹੈ ਅਤੇ ਚੰਗੀ ਜੋਬ ਕਰਦੇ ਲੜਕੇ ਲਈ ਪੜੀ ਲਿਖੀ ਅਤੇ ਘਰੇਲੂ ਲੜਕੀ ਦੀ ਲੋੜ ਹੈ। ਸਟੂਡੈਂਟ ਵੀ ਸੰਪਰਕ ਕਰ ਸਕਦੇ ਹਨ। ਓਹੀ ਸੰਪਰਕ ਕਰਨ ਜੋ ਲੜਕੇ ਦੇ ਦੁਬਈ ਰਹਿੰਦੇ ਭਰਾ ਦਾ ਕੈਨੇਡਾ ਰਿਸ਼ਤਾ ਕਰਵਾ ਸਕਣ। ਕਾਲ ਕਰੋ ਲੋਕਲ: (587)-936-0127 ਜਾਂ ਇੰਡੀਆ: +91-94179-16049

* ਜੱਟ ਸਿਖ ਲੜਕਾ, ਉਮਰ 28 ਸਾਲ, ਕੱਦ 5'7'', ਕੈਨੇਡਾ ਵਿੱਚ ਵਰਕ ਪਰਮਿਟ ਤੇ ਰਹਿ ਰਿਹਾ ਅਤੇ ਚੰਗੀ ਜੋਬ ਕਰਦੇ ਲੜਕੇ ਲਈ ਪੀ ਆਰ ਜਾਂ ਸਿਟੀਜਨ , ਪੜੀ ਲਿਖੀ ਅਤੇ ਘਰੇਲੂ ਲੜਕੀ ਦੀ ਲੋੜ ਹੈ। ਲੜਕੇ ਦਾ ਸਾਰਾ ਪਰਿਵਾਰ ਕੇਨੈਡਾ ਵਿੱਚ ਪੀ ਆਰ ਅਤੇ ਵਧੀਆ ਸੈਟਲਡ ਹੈ। ਪੰਜਾਬ ਤੋਂ ਮਾਝੇ ਜਿਲ੍ਹੇਂ ਨੂੰ ਪਹਿਲ ਦਿੱਤੀ ਜਾਵੇਗੀ। ਕਾਲ ਕਰੋ: 716-536-1939 ਜਾਂ ਵਟਸਐਪ ਕਰੋ: +91-98144-90449

ਇਕਲੌਤਾ ਲੜਕਾ ਅਰੋੜਾ ਖੱਤਰੀ ਸਿੰਘ, ਵੈਸ਼ਨੂੰ ਪਰਿਵਾਰ, ਪੂਰਨ ਗੁਰ ਸਿੱਖ, ਉਮਰ 24 ਸਾਲ, ਕੱਦ 5 ਫੁਟ 7 ਇੰਚ, ਇੰਗਲੈਂਡ ਦਾ ਚਾਰ ਸਾਲ ਦਾ ਸਟੱਡੀ ਵੀਜ਼ਾ ਮਿਲਿਆ ਹੋਇਆ ਹੈ, ਲਈ ਲੜਕੀ ਦੀ ਲੋੜ ਹੈ। ਮਾਤਾ ਆਸਟ੍ਰੇਲੀਆ ਵਿਚ ਨੈਨੀ ਬੇਸ 'ਤੇ ਗਈ ਹੈ, 2 ਸਾਲ ਦਾ ਵਰਕ ਪਰਮਿਟ। ਪਿਤਾ ਕਰੰਸੀ ਬਦਲੀ ਦਾ ਕੰਮ ਕਰਦਾ ਹੈ, ਪੰਜ ਦੁਕਾਨਾਂ ਕਿਰਾਏ ਉਤੇ ਹਨ, ਰੋਜ਼ ਦੀ 5000 ਆਮਦਨ। ਮੋਗਾ ਇਲਾਕੇ ਨੂੰ ਪਹਿਲ। ਸੰਪਰਕ : ਕੈਪਟਨ ਇਕਬਾਲ ਸਿੰਘ 647-631-9445

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆ ਪੇਂਟਿੰਗ ਲਈ 20 ਸਾਲ ਤੋਂ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com

## ਲੜਕੇ ਦੀ ਲੋੜ

Beautiful,well educated, 28 years old Punjabi Lubana girl, BSc software engineering from London England,project management from Canada,currently working with Suncor Company,PR IN CANADA. Looking for Sikh Sardar well educated Boy,cast no Bar,from Canada. Contact number 3238 470 404

**"Jat Sikh family seeking suitable match for their daughter 37 year 6 ft. tall, well versed with both cultures. Born & raised in Canada, did her medicine degree & residency (double in Emergency & Internal Medicine) in USA. A green card holder and willing to come to Canada as the opportune prevail. Please contact (519) 351-8043 or B200348@gmail.com"**

Seeking a suitable match for Canadian born punjabi tonk kshatriya girl, 36 yrs old, 5'3", educated in accounting. Boy should be vegetarian and educated. No caste bar. Please send complete biodata and pictures at: canadian.alliance@yahoo.ca

ਰਸੂਖ਼ਦਾਰ ਪੰਜਾਬੀ ਖੱਤਰੀ ਪਰਿਵਾਰ ਦੀ ਖੂਬਸੂਰਤ ਤੇ ਚੰਗੀ ਪੜ੍ਹੀ ਲਿਖੀ ਲੜਕੀ ਲਈ ਵੈੱਲਸੈਟਲਡ ਤੇ ਯੋਗ ਵਰ ਦੀ ਭਾਲ ਹੈ। ਲੜਕੀ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਜੀਆਈਐਸ ਐਂਡ ਰਿਮੋਟ ਸੈਂਸਿੰਗ ਵਿੱਚ ਪੋਸਟ ਗ੍ਰੈਜੂਏਟ ਹੈ। ਲੜਕੀ ਦੀ ਉਮਰ 29 ਸਾਲ, ਕੱਦ 5 ਫੁੱਟ 1 ਇੰਚ ਹੈ। ਲੜਕੀ ਸੁਸ਼ੀਲ ਤੇ ਪਰਿਵਾਰਪੱਖੀ ਸੋਚ ਰੱਖਣ ਵਾਲੀ ਹੈ। ਲੜਕੀ ਭਾਰਤ ਦੀ ਨਾਗਰਿਕ ਹੈ ਤੇ ਇਸ ਸਮੇਂ ਭਾਰਤ ਵਿੱਚ ਹੀ ਹੈ। ਭਰਾ ਦਾ ਪਰਿਵਾਰ ਸਥਾਈ ਤੌਰ ਉੱਤੇ ਟੋਰਾਂਟੋ ਸੈਟਲਡ ਹੈ। ਇਸ ਸਮੇਂ ਪਿਤਾ ਟੋਰਾਂਟੋ ਵਿੱਚ ਹਨ। ਸੰਪਰਕ : 416-890-2725 (ਪਿਤਾ), 416-457-8631 (ਭਰਾ), email- mthapar21@gmail.com

ਜੱਟ ਸਿੱਖ ਲੜਕੀ, 35 ਸਾਲ, ਕੱਦ 5'3'', ਵਿਜੀਟਰ ਵੀਜ਼ੇ ਤੇ ਆਈ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਪੀ ਆਰ ਲੜਕੇ ਦੀ ਲੋੜ ਹੈ। ਕਾਲ 647-456-1772

You can Place Your Business Here
(905)793-2202
To Reach Wider Audience
For more info Call 905-793-2202 or e-mail ads@punjabipost.ca

WANTED
Panjabi Nannies, Caregivers, Cleaning ladies and Cooks for GTA. Please contact at the earliest at: 416-275-7010

## ਲੜਕੇ ਦੀ ਲੋੜ

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

ਜੱਟ ਸਿੱਖ ਗਿਲ ਲੜਕੀ, ਜਨਮ 1991, ਕੱਦ 5'-4'', Btech Electrical, ਕੈਨੇਡੀਅਨ ਪੀ ਆਰ ਲਈ ਗੁਰਸਿੱਖ, ਪੜੇ ਲਿੱਖੇ ਅਤੇ ਸੈਟਲਡ ਲੜਕੇ ਦੀ ਲੋੜ ਹੈ। ਲੜਕੀ ਦਾ ਸਾਰਾ ਪਰਿਵਾਰ ਇੰਡੀਆ ਵਿੱਚ ਰਹਿੰਦਾ ਹੈ। ਇੰਡੀਆ ਰਹਿੰਦੇ ਲੜਕੇ ਵੀ ਸੰਪਰਕ ਕਰ ਸਕਦੇ ਹਨ। ਸੰਪਰਕ ਕਰੋ: +91-94640-34653

Seeking a suitable match for Canadian born punjabi tonk kshatriya girl, 35 yrs old, 5'3", educated in accounting. Boy should be vegetarian and educated. No caste bar. Please send complete biodata and pictures at: canadian.alliance@yahoo.ca

ਸਿੱਖ ਲੜਕੀ, ਉਮਰ 24 ਸਾਲ, ਕੱਦ 5 ਫੁਟ 3 ਇੰਚ, ਇੰਡੀਆ ਵਿਚ ਰਹਿੰਦੀ, ਯੋਗਤਾ ਐਮ.ਕਾਮ. ਤੇ ਕਾਲਜ ਵਿਚ ਲੈਕਚਰਾਰ ਦੀ ਨੌਕਰੀ ਕਰ ਰਹੀ ਹੈ। ਨੈਨੀ ਦਾ ਕੋਰਸ ਕੀਤਾ ਹੋਇਆ ਹੈ। ਰੰਗ ਸਾਫ਼, ਸੋਹਣੀ ਸੁਨੱਖੀ ਲੜਕੀ ਲਈ ਕੈਨੇਡੀਅਨ ਪੀ.ਆਰ. ਸਿੱਖ ਲੜਕੇ ਦੀ ਲੋੜ ਹੈ। ਜਾਤੀ ਬੰਧਨ ਨਹੀਂ। ਲੜਕੀ ਦੇ ਭੂਆ ਜੀ ਕੈਨੇਡਾ ਵਿਚ ਸੈਟਲਡ ਹਨ। ਸੰਪਰਕ: 905-749-1654

ਫੋਨਾਂ ਦੇ ਸਸਤੇ ਪਲਾਨ ਗਾਰੰਟਿਡ
ਸਸਤੇ ਫੋਨਾਂ ਦੇ ਪਲਾਨ, ਕਿ ਸੁਣ ਕੇ ਹੋ ਜਾਉਗੇ ਹੈਰਾਨ, ਇਕ ਵਾਰੀ ਅਜਮਾਓ ਤੇ ਫਿਰ ਹੋਰਾਂ ਨੂੰ ਵੀ ਲਿਆਓ
20 ਸਾਲਾਂ ਤੋ ਇਕੋ ਨਾਮ-ਇਕੋ ਦੁਕਾਨ
(905)790-9999
2565 Steeles Ave. E, Brampton (Steeles/Torbram)

A/Z CITY DRIVER WANTED
INNOVATION Transportation
◦A/Z City Drivers Needed
◦Good Pay and good Mileage
◦Day, Afternoon & Weekend Shifts
◦Weekly Pay
$22 /Hour
◦7 Days Work ◦All Shifts Available
Toronto ਤੇ Montreal ਲਈ ਵੀ ਡਰਾਇਵਰਾਂ ਦੀ ਲੋੜ ਹੈ
Call : 416- 268-9952
70 Delta Park Blvd, Unit # 4, Brampton

UPPAL LAW
AVTAR UPPAL Manager
IMMIGRATION SERVICES
* Visitor Visa
* Super Visa
* Study,Work,Visitor Extension Visa
* Spousal Applications
* Family Sponsorship
* Permanent Residence Card Renewal
* Citizenship Application
* All Invitation Letters
OTHER PRACTICES
* Criminal Law
* Family Law
* Power of Attorney
* Change of Name
* Notarization
* Travel Consent
* Affidavit
* Landlord and Tenant Matters
AMAN UPPAL Barrister,Solicitor
Tel: 905-500-1507
351 Parkhurst Square, # 16, Brampton,ON L6T 0C2, Fax: 905-672-7848
FREE Consultation
* PRIOR APPOINTMENT NECESSARY

# ਫਿਲਮੀ ਦੁਨੀਆ

## ‘ਦਬੰਗ 4’ ਲਈ ਸ਼ੁਰੂ ਹੋਈਆਂ ਤਿਆਰੀਆਂ, ਬਦਲੇ ਰੰਗ ਵਿੱਚ ਨਜ਼ਰ ਆਏਗਾ ਚੁਲਬੁਲ ਪਾਂਡੇ

ਸਲਮਾਨ ਖਾਨ ਇਨ੍ਹੀਂ ਦਿਨੀਂ ਆਪਣੀ ਮੈਗਾਬਜਟ ਫਿਲਮਾਂ ‘ਰਾਧੇ...’, ‘ਟਾਈਗਰ 3’, ‘ਮਾਸਟਰ’, ‘ਕਭੀ ਈਦ, ਕਭੀ ਦੀਵਾਲੀ’ ਉੱਤੇ ਵੱਖ-ਵੱਖ ਲੈਵਲ ਉੱਤੇ ਬਿਜ਼ੀ ਹਨ। ਇਸ ਦੇ ਨਾਲ ਹੀ ਆਪਣੀ ਕਾਪ ਫਰੈਂਚਾਈਜ਼ੀ ‘ਦਬੰਗ 4’ ਦੇ ਲਈ ਵੀ ਕਈ ਆਈਡਿਆਜ਼ ਨਾਲ ਆਪਣੀ ਕ੍ਰਿਏਟਿਵ ਟੀਮ ਨਾਲ ਜ਼ੂਮ ਕਾਲ ਉੱਤੇ ਗੱਲਬਾਤ ਕਰ ਰਹੇ ਹਨ। ਦਰਅਸਲ ‘ਦਬੰਗ’ ਸੀਰੀਜ਼ ਦਾ ਤੀਸਰਾ ਪਾਰਟ ਬਾਕੀ ਦੋ ਸੀਕਵਲ ਤੋਂ ਕਮਜ਼ੋਰ ਰਿਹਾ ਸੀ। ਇਸ ਦੇ ਬਾਵਜੂਦ ਬਤੌਰ ਫਰੈਂਚਾਈਜ਼ੀ ਇਹ ਬਹੁਤ ਸਟਰਾਂਗ ਪ੍ਰੋਜੈਕਟ ਹੈ। ਇਸ ਲਈ ਅੱਗੇ ਵੀ ਇਸ ਦੇ ਸੀਕਵਲ ਬਣਦੇ ਰਹਿਣਗੇ।



ਦਰਅਸਲ ‘ਦਬੰਗ 3’ ਵਿੱਚ ਟੀਮ ਨੂੰ ਕਈਆਂ ਨੇ ਕ੍ਰਿਏਟਿਵ ਇਨਪੁਟ ਦੇ ਦਿੱਤੇ ਸਨ ਤੇ ਕਹਾਣੀ ਧਾਰਦਾਰ ਨਹੀਂ ਰਹਿ ਸਕੀ ਸੀ। ‘ਦਬੰਗ 4’ ਵਿੱਚ ਸਲਮਾਨ ਦੇ ਕਿਰਦਾਰ ਚੁਲਬੁਲ ਪਾਂਡੇ ਦਾ ਪੂਰੀ ਤਰ੍ਹਾਂ ਮੇਕਓਵਰ ਕੀਤਾ ਜਾਏਗਾ। ਉਸ ਦੇ ਚੁਲਬੁਲੇਪਣ ਤੇ ਮਸਖਰੇਪਣ ਨੂੰ ਅਗਲੇ ਪਾਰਟ ਵਿੱਚ ਨਹੀਂ ਰੱਖਿਆ ਜਾਏਗਾ। ਚੁਲਬੁਲ ਨੂੰ ਇਸ ਵਾਰ ਗੰਭੀਰ ਅੰਦਾਜ਼ ਵਿੱਚ ਪੇਸ਼ ਕੀਤਾ ਜਾਏਗਾ। ਇਸ ਵਾਰ ਬੇਹੱਦ ਜ਼ਿੰਮੇਵਾਰ ਪੁਲਸ ਅਫਸਰ ਦੇ ਰੂਪ ਵਿੱਚ ਸਲਮਾਨ ਨੂੰ ਪੇਸ਼ ਕੀਤਾ ਜਾਏਗਾ। ਚੁਲਬੁਲ ਪਾਂਡੇ ਦਾ ਬਿਲਕੁਲ ਬਦਲਿਆ ਹੋਇਆ ਅਤੇ ਗੰਭੀਰ ਅੰਦਾਜ਼ ਲੋਕਾਂ ਦੇ ਸਾਹਮਣੇ ਹੋਵੇਗਾ।

## ਰਣਦੀਪ ਲਈ ਕਿਰਦਾਰ ਵਿੱਚ ਢਲਣਾ ਰੋਮਾਂਚਕ ਅਨੁਭਵ ਸੀ

ਫਿਲਮ ‘ਰਾਧੇ’ ਦਾ ਟ੍ਰੇਲਰ ਜਦੋਂ ਦਾ ਰਿਲੀਜ਼ ਹੋਇਆ, ਦਰਸ਼ਕ ਰਣਦੀਪ ਹੁੱਡਾ ਦੇ ਕਿਰਦਾਰ ਦੇ ਬਾਰੇ ਜਾਣਨ ਲਈ ਬੇਤਾਬ ਹਨ। ਫਿਲਮ ਦੇ ਵਿਲੇਨ ਦੇ ਰੂਪ ਵਿੱਚ ਉਨ੍ਹਾਂ ਦੀ ਭੂਮਿਕਾ ਦੀ ਇੱਕ ਜਾਣਕਾਰੀ ਮਿਲੀ ਜਿਸ ਨੇ ਨਿਸ਼ਚਿਤ ਰੂਪ ’ਚ ਜ਼ਿਆਦਾ ਜਿਗਿਆਸੂ ਕਰ ਦਿੱਤਾ ਹੈ। ਉਨ੍ਹਾਂ ਦੇ ਕਰੈਕਟਰ ਦੀ ਇੱਕ ਝਲਕ ਉਨ੍ਹਾਂ ਨੂੰ ਇੱਕ ਸਹਿਜ ਵਿਅਕਤੀ ਦੇ ਰੂਪ ਵਿੱਚ ਦਰਸਾਉਂਦੀ ਹੈ, ਜਿਸ ਵਿੱਚ ਸਵੈਗ ਅਤੇ ਖਤਰੇ ਦਾ ਘਾਤਕ ਮਿਲਣ ਹੈ। ਇਹ ਸਭ ਉਨ੍ਹਾਂ ਵੱਲੋਂ ਅਭਿਨੀਤ ਸਭ ਤੋਂ ਵੱਡੇ ਵਿਰੋਧੀ ਦੀ ਭੂਮਿਕਾ ਵਿੱਚ ਰਾਣਾ ਬਾਖੂਬੀ ਨਜ਼ਰ ਆਉਂਦਾ ਹੈ।



ਟ੍ਰੇਲਰ ਵਿੱਚ ਕੁਝ ਪਲ ਵਿੱਚ ਅਸੀਂ ਸਲਮਾਨ ਅਤੇ ਰਣਦੀਪ ਦੇ ਕਿਰਦਾਰਾਂ ਨੂੰ ਇੱਕ ਦੂਜੇ ਨਾਲ ਗੱਲਬਾਤ ਕਰਦੇ (ਲੜਦੇ ਹੋਏ) ਵੇਖਿਆ ਸੀ ਜਿਸ ਤੋਂ ਦਰਸ਼ਕਾਂ ਨੂੰ ਇਸ ਗੱਲ ਦਾ ਅੰਦਾਜ਼ਾ ਲੱਗ ਗਿਆ ਕਿ ਇਹ ਇੱਕ ਅਲਟੀਮੇਟ ਫੇਸ-ਆਫ ਹੋਣ ਵਾਲਾ ਹੈ। ਫਿਲਮ ਵਿੱਚ ਉਨ੍ਹਾਂ ਦੀ ਭੂਮਿਕਾ ਦੇ ਬਾਰੇ ਰਣਦੀਪ ਹੁੱਡਾ ਨੇ ਕਿਹਾ, “ਮੈਂ ਆਪਣੇ ਕਰੀਅਰ ਵਿੱਚ ਕਈ ਕਿਰਦਾਰ ਨਿਭਾਏ ਹਨ, ਇਸ ਲਈ ਏਦਾਂ ਦੇ ਪੂਰੀ ਤਰ੍ਹਾਂ ਬਲੈਕ ਕਿਰਦਾਰ ਵਿੱਚ ਢਲਣਾ ਇੱਕ ਰੋਮਾਂਚਕ ਅਨੁਭਵ ਸੀ। ਰਾਣੇ ਦੇ ਸੁਭਾਅ ਵਿੱਚ ਢਲਣ ਲਈ ਹੋਰ ਪਹਿਲੂਆਂ ਦੀ ਤੁਲਨਾ ਵਿੱਚ ਲੁਕ ਅਤੇ ਸਵੈਗ ਦੀ ਜ਼ਿਆਦਾ ਲੋੜ ਸੀ।”

## ਭਵਿੱਖ ਵਿੱਚ ਖੁਸ਼ਹਾਲ ਭੂਮਿਕਾ ਕਰਨਾ ਪਸੰਦ ਕਰਾਂਗੀ : ਸ਼ਵੇਤਾ

ਅਭਿਨੇਤਰੀ ਸ਼ਵੇਤਾ ਤ੍ਰਿਪਾਠੀ ਨੂੰ ਖੁਸ਼ਹਾਲ ਭੂਮਿਕਾਵਾਂ ਕਰਨਾ ਪਸੰਦ ਹੈ। ਇਹ ਅਹਿਸਾਸ ਹੈ ਜੋ ਉਸ ਨੂੰ ਆਉਣ ਵਾਲੀ ਵੈੱਬ ਸੀਰੀਜ਼ ‘ਯੇ ਕਾਲੀ ਕਾਲੀ ਆਂਖੇ’ ਦੀ ਸ਼ੂਟਿੰਗ ਮੌਕੇ ਹੋਇਆ ਹੈ। ਸ਼ਵੇਤਾ ਦਾ ਕਹਿਣਾ ਹੈ, ਮੈਨੂੰ ਡਰਾਮਾ ਪਸੰਦ ਹੈ, ਜਿਸ ਨੂੰ ਪਹਿਲਾਂ ਸਥਾਪਤ ਕੀਤਾ ਜਾਂਦਾ ਹੈ, ਪਰ ਮੈਂ ਭਵਿੱਖ ਵਿੱਚ ਹੋਰ ਖੁਸ਼ਹਾਲ ਭੂਮਿਕਾਵਾਂ ਕਰਨਾ ਪਸੰਦ ਕਰਾਂਗੀ।

ਸ਼ਵੇਤਾ ਨੇ ਕਿਹਾ ਕਿ ਮੈਨੂੰ ਇਹ ਅਹਿਸਾਸ ਉਦੋਂ ਹੋਇਆ



ਜਦ, ‘ਯੇਹ ਕਾਲੀ ਕਾਲੀ ਆਂਖੇ’ ਦੇ ਸੈੱਟ ’ਤੇ ਮੈਨੂੰ ਇੱਕ ਕਾਲਜ ਸੀਨ ਵਿੱਚ ਸਿਰਫ ਖੁਸ਼ ਰਹਿਣਾ ਅਤੇ ਪਿਆਰ ਕਰਨਾ ਸੀ। ਸ਼ਵੇਤਾ ਨੇ ਕਿਹਾ, “ਇਸ ਵਿੱਚ ਮੇਰਾ ਰੋਲ ਬਿਲਕੁਲ ਉਹੋ ਜਿਹਾ ਹੈ, ਜਿਹੋ ਜਿਹੀ ਮੈਂ ਅਸਲ ਜ਼ਿੰਦਗੀ ਵਿੱਚ ਹਾਂ ਤੇ ਰਹਿਣਾ ਚਾਹੁੰਦੀ ਹਾਂ, ਇਕਦਮ ਸਾਦਾ ਤੇ ਖੁਸ਼ਹਾਲ। ਆਪਣੇ ਸਾਥੀ ਕਲਾਕਾਰ ਤਾਹਿਰ ਰਾਜ ਭਸੀਨ ਦੇ ਬਾਰੇ ਉਹ ਕਹਿੰਦੀ ਹੈ, ਤਾਹਿਰ ਸੁਪਰ ਸਮਰਪਿਤ ਹੈ। ਉਹ ਸਖਤ ਮਿਹਨਤ ਕਰ ਰਹੇ ਹਨ ਅਤੇ ਮੈਂ ਜਿਨ੍ਹਾਂ ਬਿਹਤਰੀਨ ਸਹਿ ਕਲਾਕਾਰਾਂ ਨਾਲ ਕੰਮ ਕੀਤਾ ਹੈ, ਤਾਹਿਰ ਉਨ੍ਹਾਂ ਵਿੱਚੋਂ ਇੱਕ ਹਨ।

## ਨਾਮ ਨਹੀਂ, ਕਾਬਲੀਅਤ ਨਾਲ ਮਿਲਦਾ ਹੈ ਕੰਮ : ਅਮਾਇਰਾ

ਅਭਿਨੇਤਰੀ ਅਮਾਇਰਾ ਦਸਤੂਰ ਨੇ ਕਿਹਾ ਕਿ ਓ ਟੀ ਟੀ ਪਲੇਟਫਾਰਮ ਕਾਰਨ ਸ਼ੋਬਿਜ ਵਿੱਚ ਕਾਸਟਿੰਗ ਗੇਮ ਬਦਲ ਗਿਆ ਹੈ। ਅਮਾਇਰਾ ਦਾ ਕਹਿਣਾ ਹੈ, “ਮੈਨੂੰ ਲੱਗਦਾ ਹੈ ਕਿ ਓ ਟੀ ਟੀ ਨੇ ਕਾਸਟਿੰਗ ਦਾ ਖੇਡ ਬਦਲ ਦਿੱਤਾ ਹੈ। ਦਰਸ਼ਕਾਂ ਨੂੰ ਪਤਾ ਹੈ ਕਿ ਕਾਬਲੀਅਤ ਨਾਲ ਲੋਕਾਂ ਨੂੰ ਕਾਸਟ ਕੀਤਾ ਜਾਂਦਾ ਹੈ। ਉਨ੍ਹਾਂ ਦੇ ਅੰਤਿਮ ਨਾਮ ਨਾਲ ਨਹੀਂ।” ਉਸ ਦਾ ਕਹਿਣਾ ਹੈ ਕਿ ਬਿਹਤਰ ਪ੍ਰਦਰਸ਼ਨ ਕਰਨ ਵਾਲੇ ਅਭਿਨੇਤਾਵਾਂ ਤੋਂ ਵੱਧ ਡਿਜੀਟਲ ਸਪੇਸ ਨੇ ਨਿਰਦੇਸ਼ਕਾਂ ਅਤੇ ਲੇਖਕਾਂ ਨੂੰ ਆਪਣਾ ਹੁਨਰ ਦਿਖਾਉਣ ਦਾ ਮੌਕਾ ਦਿੱਤਾ ਹੈ। ਕਲਾਕਾਰਾਂ ਤੋਂ ਵੱਧ ਓ ਟੀ ਟੀ ਡਾਇਰੈਕਟਰਾਂ ਅਤੇ ਲੇਖਕਾਂ ਲਈ ਇੱਕ ਬ੍ਰੇਕਆਊਟ ਰਿਹਾ ਹੈ। ਕਿਸੇ ਵੀ ਚੰਗੇ ਸ਼ੋਅ ਨੇ ਲੇਖਕਾਂ ਦਾ ਚੰਗ ਪ੍ਰਦਰਸ਼ਨ ਕੀਤਾ ਹੈ। ਸਾਡੇ ਵਰਗੇ ਕਲਾਕਾਰਾਂ ਦੇ ਲਈ ਇਹ ਆਸਾਨ ਹੈ, ਜਿਵੇਂ ਸਾਨੂੰ ਲਾਈਨਾਂ ਮਿਲਦੀਆਂ ਹਨ, ਪਰ ਲੇਖਕਾਂ ਨੂੰ ਸਭ ਕੁਝ ਲਿਖਣਾ ਪੈਂਦਾ ਹੈ। ਓ ਟੀ ਟੀ ਨੇ ਸਾਨੂੰ ਅੱਜ ਭਾਰਤ ਦੇ ਕੁਝ ਮਹਾਨ ਲੇਖਕਾਂ ਨੂੰ ਦਿੱਤਾ ਹੈ।

ਅਮਾਇਰਾ ਨੇ ਜੈਕੀ ਚੇਨ ਦੀ ਮਾਰਸ਼ਲ ਆਰਟ ਡਰਾਮਾ ‘ਕੁੰਗ ਫੂ ਯੋਗਾ’ ਵਿੱਚ ਕੰਮ ਕੀਤਾ ਹੈ। ਇਸ ਦੇ ਇਲਾਵਾ ਬਾਲੀਵੁੱਡ ਵਿੱਚ ‘ਪ੍ਰਸਥਾਨਮ', ‘ਮੇਡ ਇਨ ਚਾਈਨਾ’, ‘ਮਿਸਟਰ ਐਕਸ’, ‘ਜਜਮੈਂਟਲ ਹੈ ਕਯਾ’ ਤੇ ਪਿੱਛੇ ਜਿਹੇ ਰਿਲੀਜ਼ ਹੋਈ ‘ਕੋਈ ਜਾਨੇ ਨਾ’ ਵਰਗੇ ਓਟੀ ਟੀ ਸਪੇਸ ਵਿੱਚ ਵਿੱਚ ਕੰਮ ਦੇ ਨਾਲ ਹੀ ਉਹ ਵੈਬ ਸੀਰੀਜ਼ ‘ਤਾਂਡਵ' ਦਾ ਹਿੱਸਾ ਰਹੀ ਹੈ। ਅਭਿਨੇਤਰੀ ਨੇ ਹਾਲ ਹੀ ਵਿੱਚ ਸੰਗੀਤ ਵੀਡੀਓ ‘ਵਾਹ ਜੀ ਵਾਹ’ ਵਿੱਚ ਵੀ ਕੰਮ ਕੀਤਾ।







FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017



# ਤੁਹਾਡੀ ਵਾਰੀ
# ਛੇਤੀ ਹੀ ਆਉਣ ਵਾਲੀ ਹੈ।





## ਓਨਟਾਰੀਓ ਦੀ ਕੋਵਿਡ-19 ਵੈਕਸੀਨ ਪਲੈਨ ਵਾਇਰਸ ਦੇ ਫੈਲਣ ਨੂੰ ਰੋਕਣ ਅਤੇ ਜ਼ਿੰਦਗੀਆਂ ਬਚਾਉਣ ਵਿੱਚ ਮਦਦ ਕਰ ਰਹੀ ਹੈ।

## ਸਾਰੇ ਓਨਟਾਰੀਓ ਵਿੱਚ ਹਰ ਰੋਜ਼ ਹਜ਼ਾਰਾਂ ਲੋਕਾਂ ਦੇ ਵੈਕਸੀਨ ਲਾਏ ਜਾ ਰਹੇ ਹਨ।

ਵੈਕਸੀਨ ਲੱਗਣੇ ਜਾਰੀ ਹਨ, ਇਸ ਦੇ ਨਾਲ ਹੀ ਸਾਨੂੰ ਮਾਸਕ ਪਾਉਣ, ਆਪਣੇ ਹੱਥ ਧੋਣ ਅਤੇ ਦੂਜਿਆਂ ਤੋਂ ਦੂਰੀ ਬਣਾ ਕੇ ਰੱਖਣ ਨੂੰ ਜਾਰੀ ਰੱਖਣ ਦੀ ਲੋੜ ਹੈ।

**ontario.ca/covidvaccineplan** ‘ਤੇ ਹੋਰ ਜਾਣੋ ਜਾਂ 300 ਬੋਲੀਆਂ ਵਿੱਚ ਸਹਾਇਤਾ ਲਈ 1-888-999-6488 ‘ਤੇ ਕਾਲ ਕਰੋ।

ਇਸ ਦੀ ਅਦਾਇਗੀ ਓਨਟਾਰੀਓ ਸਰਕਾਰ ਵਲੋਂ ਕੀਤੀ ਗਈ ਹੈ।

**Ontario**


ਤੁਹਾਡੀ ਜਨਗਣਨਾ।
ਤੁਹਾਡੀ ਕਮਿਊਨਿਟੀ।
ਤੁਹਾਡਾ ਭਵਿੱਖ।
ਜਨਗਣਨਾ ਜਾਣਕਾਰੀ ਦੀ ਵਰਤੋਂ ਤੁਹਾਡੀ ਕਮਿਊਨਿਟੀ ਵਾਸਤੇ ਪ੍ਰੋਗਰਾਮ ਅਤੇ ਸੇਵਾਵਾਂ ਪਲੈਨ ਕਰਨ ਲਈ ਕੀਤੀ ਜਾਂਦੀ ਹੈ।
ਅੱਜ ਹੀ ਆਪਣੀ ਜਨਗਣਨਾ ਪੂਰੀ ਕਰੋ—ਇਹ ਅਸਾਨ ਅਤੇ ਪੂਰੀ ਤਰਾਂ ਗੁਪਤ ਹੈ!
www.census.gc.ca
Statistics Canada
Statistique Canada
Canada